ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ 22 ਅਕਤੂਬਰ 2024
Email:- lokbani08@gmail.com

## ਅੱਜ ਦਾ ਸ਼ੁਭ ਵਿਚਾਰ



ਸਾਨੂੰ ਪੜ੍ਹੇ ਲਿਖੇ ਅਤੇ ਅਗਾਹ ਵਧੂ ਸੋਚ ਰੱਖ ਵਾਲੇ ਨੌਜਵਾਨ ਉਮੀਦਵਾਰ ਤੇ ਹੱਕ ਵਿੱਚ ਵੋਟ ਕਰਨੀ ਚਾਹੀਦੀ ਹੈ। ਫਿਰ ਹੀ ਪਿੰਡ ਤਰੱਕੀ ਕਰ ਸਕਦਾ ਹੈ।

ਬਹਾਦਰ ਸਿੰਘ ਢੰਡਾ

ਰੋਜ਼ਾਨਾ ਲੋਕ ਬਾਣੀ
www.lokbani.com

ਸਾਲ : 16 । ਅੰਕ : 133 । ਮੁੱਲ : 6 ਰੁਪਏ । ਕੁੱਲ ਪੇਜ : 10 । ਦਫਤਰ : 0181-2211009 (ਮੋਬ.) 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਜੰਮੂ ਕਸ਼ਮੀਰ ਵਿਚ ਉਮਰ ਅਬਦੁੱਲਾ ਨੇ ਇਕ ਸੀਟ ਛੱਡੀ ਇਕ ਤੇ ਰਹਿਣਗੇ ਵਿਧਾਇਕ



**ਜੰਮੂ-ਕਸ਼ਮੀਰ, (ਲੋਕ ਬਾਣੀ)** ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ, ਜੋ ਹਾਲੀਆ ਵਿਧਾਨ ਸਭਾ ਚੋਣਾਂ ਦੌਰਾਨ ਦੋ ਹਲਕਿਆਂ - ਗੰਦਰਬਲ ਤੇ ਬਡਗਾਮ ਤੋਂ ਵਿਧਾਇਕ ਚੁਣੇ ਗਏ ਸਨ, ਨੇ ਬਡਗਾਮ ਸੀਟ ਖ਼ਾਲੀ ਕਰਨ ਦਾ ਫ਼ੈਸਲਾ ਕੀਤਾ ਹੈ ਅਤੇ ਉਹ ਜੰਮੂ-ਕਸ਼ਮੀਰ ਵਿਧਾਨ ਸਭਾ ਵਿਚ ਗੰਦਰਬਲ ਹਲਕੇ ਦੀ ਨੁਮਾਇੰਦਗੀ ਕਰਦੇ ਰਹਿਣਗੇ। ਇਹ ਜਾਣਕਾਰੀ ਵਿਧਾਨ ਸਭਾ ਦੇ ਪ੍ਰੋ-ਟੈੱਮ ਸਪੀਕਰ ਮੁਬਾਰਕ ਗੁਲ ਸੋਮਵਾਰ ਨੂੰ ਸਦਨ ਵਿਚ ਦਿੱਤੀ ਹੈ। ਗ਼ੌਰਤਲਬ ਹੈ ਕਿ ਗੰਦਰਬਲ ਹਲਕੇ ਨੂੰ ਅਬਦੁੱਲਾ ਪਰਿਵਾਰ ਦਾ ਮਜ਼ਬੂਤ ਗੜ੍ਹ ਮੰਨਿਆ ਜਾਂਦਾ ਹੈ। ਅਬਦੁੱਲਾ (54 ਸਾਲ) 2009 ਤੋਂ 2014 ਦੌਰਾਨ ਪਹਿਲੀ ਵਾਰ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਵੇਲੇ ਵੀ ਇਥੋਂ ਹੀ ਵਿਧਾਇਕ ਸਨ।

## ਸੰਜੇ ਵਰਮਾ ਨੇ ਲਾਏ ਕੈਨੇਡਾ ਸਰਕਾਰ ਤੇ ਗੰਭੀਰ ਇਲਜ਼ਾਮ



**ਓਟਵਾ, (ਲੋਕ ਬਾਣੀ) :** ਕੈਨੇਡਾ ਵਿੱਚ ਭਾਰਤੀ ਦੇ ਹਾਈ ਕਮਿਸ਼ਨਰ ਸੰਜੈ ਕੁਮਾਰ ਵਰਮਾ ਨੇ ਅੱਜ ਦੋਸ਼ ਲਾਇਆ ਕਿ ਕੈਨੇਡਾ ਸਰਕਾਰ ਖਾਲਿਸਤਾਨੀਆਂ ਦੀ ਪੁਸ਼ਤਪਨਾਹੀ ਕਰ ਰਹੀ ਹੈ ਤੇ ਖਾਲਿਸਤਾਨ ਪੱਖੀ ਤੇ ਕੱਟੜਪੰਥੀ ਕੈਨੇਡਾ ਸਕਿਉਰਿਟੀ ਇੰਟੈਲੀਜੈਂਸ ਸਰਵਿਸ (ਸੀਐੱਸਆਈਐੱਸ) ਦੀ ਸੰਪਤੀ ਹਨ। ਸੀਟੀਵੀ ਨਿਊਜ਼ ਨੂੰ ਦਿੱਤੇ ਇੰਟਰਵਿਊ ਵਿੱਚ ਸ੍ਰੀ ਵਰਮਾ ਨੇ ਕੈਨੇਡਾ ਸਰਕਾਰ ਨੂੰ ਸਲਾਹ ਦਿੱਤੀ ਕਿ ਉਹ ਇਸ ਮਾਮਲੇ 'ਤੇ ਗੰਭੀਰ ਹੋਵੇ। ਉਨ੍ਹਾਂ ਦੋਸ਼ ਲਾਇਆ ਕਿ ਕੈਨੇਡਾ ਸਰਕਾਰ ਖਾਲਿਸਤਾਨੀ ਪੱਖੀਆਂ ਨੂੰ ਉਤਸ਼ਾਹਿਤ ਕਰ ਰਹੀ ਹੈ ਤੇ ਉਨ੍ਹਾਂ ਨੂੰ ਹਰ ਵੇਲੇ ਉਤਸ਼ਾਹਿਤ ਕੀਤਾ ਜਾਂਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਇਸ ਬਾਰੇ ਮੁੜ ਸਬੂਤ ਨਹੀਂ ਦੇ ਰਹੇ।




## ਜੂਨੀਅਰ ਡਾਕਟਰਾਂ ਗਏ ਪੱਛਮੀ ਬੰਗਾਲ ਵਿਚ ਹੜਤਾਲ ਤੇ





**ਕੋਲਕਾਤਾ, ( ਲੋਕ ਬਾਣੀ)** ਇਥੋਂ ਦੇ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਦੀ ਟਰੇਨੀ ਰੈਜ਼ੀਡੈਂਟ ਡਾਕਟਰ ਨਾਲ ਜਬਰ ਜਨਾਹ ਤੇ ਹੱਤਿਆ ਦੇ ਮਾਮਲੇ ਵਿਚ ਇਨਸਾਫ ਲੈਣ ਲਈ ਸੂਬੇ ਭਰ ਦੇ ਹਸਪਤਾਲਾਂ ਵਿਚ ਜੂਨੀਅਰ ਡਾਕਟਰਾਂ ਵੱਲੋਂ ਭੁੱਖ ਹੜਤਾਲ ਕੀਤੀ ਜਾ ਰਹੀ ਸੀ ਪਰ ਇਨ੍ਹਾਂ ਡਾਕਟਰਾਂ ਦੇ ਵਫਦ ਨੇ ਅੱਜ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਮੀਟਿੰਗ ਤੋਂ ਬਾਅਦ ਇਹ ਭੁੱਖ ਹੜਤਾਲ ਸਮਾਪਤ ਕਰ ਦਿੱਤੀ ਹੈ। ਇਸ ਦੌਰਾਨ ਡਾਕਟਰਾਂ ਨੇ ਕਿਹਾ ਕਿ ਉਹ ਸੰਘਰਸ਼ ਦੂਜੇ ਤਰੀਕੇ ਨਾਲ ਜਾਰੀ ਰੱਖਣਗੇ। ਜਾਣਕਾਰੀ ਅਨੁਸਾਰ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਮੀਟਿੰਗ ਤੋਂ ਕੁਝ ਘੰਟਿਆਂ ਬਾਅਦ ਅੰਦੋਲਨਕਾਰੀ ਜੂਨੀਅਰ ਡਾਕਟਰਾਂ ਨੇ ਆਪਣੀ ਕਈ ਹਫ਼ਤਿਆਂ ਤੋਂ ਜਾਰੀ ਭੁੱਖ ਹੜਤਾਲ ਵਾਪਸ ਲੈ ਲਈ। ਡਾਕਟਰਾਂ ਨੇ 22 ਅਕਤੂਬਰ ਨੂੰ ਸੂਬੇ ਦੇ ਹਸਪਤਾਲਾਂ ਵਿੱਚ ਕੀਤੀ ਜਾਣ ਵਾਲੀ ਹੜਤਾਲ ਵੀ ਮੁਲਤਵੀ ਕਰ ਦਿੱਤੀ ਹੈ। ਡਾਕਟਰਾਂ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਉਨ੍ਹਾਂ ਦੇ ਕੁਝ ਮਸਲਿਆਂ ਨੂੰ ਹੱਲ ਕਰਨ ਦਾ ਭਰੋਸਾ ਜ਼ਰੂਰ ਮਿਲਿਆ ਹੈ ਪਰ ਸਰਕਾਰ ਦੇ ਇਰਾਦੇ ਨੇਕ ਨਹੀਂ ਲਗ ਰਹੇ ਹਨ। ਜੂਨੀਅਰ ਡਾਕਟਰ ਦੇਬਾਸ਼ੀਸ਼ ਹਲਦਰ ਨੇ ਕਿਹਾ ਕਿ ਇਹ ਫੈਸਲਾ ਡਾਕਟਰਾਂ ਦੀ ਜਨਰਲ ਬਾਡੀ ਦੀ ਮੀਟਿੰਗ ਤੋਂ ਬਾਅਦ ਲਿਆ ਗਿਆ ਹੈ। ਹੋਰ ਡਾਕਟਰਾਂ ਨੇ ਕਿਹਾ ਕਿ ਮਰਨ ਵਰਤ 'ਤੇ ਬੈਠੇ ਕਈ ਡਾਕਟਰਾਂ ਦੀ ਸਿਹਤ ਵਿਗੜਨ ਤੇ ਪੀੜਤਾ ਦੇ ਮਾਪਿਆਂ ਨੇ ਭੁੱਖ ਹੜਤਾਲ ਖਤਮ ਕਰਨ ਦੀ ਅਪੀਲ ਕੀਤੀ ਸੀ ਜਿਸ ਕਰ ਕੇ ਜੂਨੀਅਰ ਡਾਕਟਰਾਂ ਨੇ ਹਾਲ ਦੀ ਘੜੀ ਸੰਘਰਸ਼ ਵਾਪਸ ਲੈਣ ਦਾ ਫੈਸਲਾ ਕੀਤਾ ਹੈ।

## ਗੰਦਰਬਲ ਹਮਲਿਆਂ 'ਤੇ ਬੋਲੇ ਉਮਰ ਅਬਦੁੱਲਾ ਕਿਹਾ- ਪੁਲਿਸ ਅਤੇ ਸੁਰੱਖਿਆ ਬਲਾਂ ਨੂੰ ਆਪਣਾ ਅਲਰਟ ਪੱਧਰ ਹੋਰ ਵੀ ਬਰਕਰਾਰ ਰੱਖਣਾ ਹੋਵੇਗਾ




**ਰਾਜੌਰੀ (ਜੰਮੂ ਅਤੇ ਕਸ਼ਮੀਰ), ( ਲੋਕ ਬਾਣੀ)** ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਗੰਦਰਬਲ ਵਿਚ ਹਾਲ ਹੀ ਵਿਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਸੁਰੱਖਿਆ ਬਲਾਂ ਅਤੇ ਪੁਲਿਸ ਨੂੰ ਚੌਕਸ ਰਹਿਣ ਦੀ ਲੋੜ ਜ਼ਾਹਰ ਕੀਤੀ, ਜਿਸ ਵਿਚ ਸੱਤ ਲੋਕਾਂ ਦੀ ਮੌਤ ਹੋ ਗਈ ਸੀ। ਜਿਸ ਵਿਚ ਇਕ ਡਾਕਟਰ ਅਤੇ ਪ੍ਰਵਾਸੀ ਮਜ਼ਦੂਰ ਸਨ । ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਨੇ ਕਿਹਾ, ÷ਹੁਣ ਪ੍ਰਸ਼ਾਸਨ, ਖਾਸ ਕਰਕੇ ਪੁਲਿਸ ਅਤੇ ਸੁਰੱਖਿਆ ਬਲਾਂ ਨੂੰ ਆਪਣੇ ਅਲਰਟ ਪੱਧਰ ਨੂੰ ਹੋਰ ਵੀ ਜ਼ਿਆਦਾ ਬਰਕਰਾਰ ਰੱਖਣਾ ਹੋਵੇਗਾ ਅਤੇ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਅਜਿਹੇ ਹਮਲੇ ਨਾ ਹੋਣ।÷

## ਭਿਆਨਕ ਚੱਕਰਵਾਤੀ ਤੂਫਾਨ ਦਾ ਡਰ, ਸੈਲਾਨੀਆਂ ਨੂੰ ਜਲਦੀ ਤੋਂ ਜਲਦੀ ਪੁਰੀ ਛੱਡਣ ਦੀ ਅਪੀਲ




**ਭੁਵਨੇਸ਼ਵਰ,(ਲੋਕ ਬਾਣੀ)-** ਉੜੀਸਾ ਵਿਚ ਗੰਭੀਰ ਚੱਕਰਵਾਤੀ ਤੂਫ਼ਾਨ ਦੀ ਚਿਤਾਵਨੀ ਤੋਂ ਬਾਅਦ ਰਾਜ ਸਰਕਾਰ ਨੇ ਸੈਲਾਨੀਆਂ ਨੂੰ ਪੁਰੀ ਛੱਡਣ ਲਈ ਕਿਹਾ ਹੈ। ਭਾਰਤੀ ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਚੱਕਰਵਾਤੀ ਤੂਫਾਨ 25 ਅਕਤੂਬਰ ਤੱਕ ਪੁਰੀ ਤੱਟ ਨਾਲ ਟਕਰਾਏਗਾ। ਚੱਕਰਵਾਤ ਦੀ ਗੰਭੀਰਤਾ ਨੂੰ ਦੇਖਦੇ ਹੋਏ ਸਰਕਾਰ ਨੇ ਸਮੁੰਦਰੀ ਕੰਢੇ 'ਤੇ ਰਹਿਣ ਵਾਲੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਦੇ ਨਿਰਦੇਸ਼ ਵੀ ਦਿੱਤੇ ਹਨ। ਉੜੀਸਾ ਦੇ ਤੱਟ ਨਾਲ 100-120 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਚੱਕਰਵਾਤੀ ਤੂਫਾਨ ਦੇ ਟਕਰਾਉਣ ਦੀ ਸੰਭਾਵਨਾ ਦੇ ਵਿਚਕਾਰ, ਰਾਜ ਸਰਕਾਰ ਨੇ ਸੈਲਾਨੀਆਂ ਨੂੰ ਜਲਦੀ ਤੋਂ ਜਲਦੀ ਪੁਰੀ ਛੱਡਣ ਦੀ ਅਪੀਲ ਕੀਤੀ ਹੈ।

## ਕੇਂਦਰੀ ਜੇਲ੍ਹ 'ਚ ਸੱਪ ਵਲੋਂ ਡੰਗਣ ਕਾਰਨ ਕੈਦੀ ਦੀ ਹਾਲਤ ਗੰਭੀਰ




**ਕਪੂਰਥਲਾ, (ਲੋਕ ਬਾਣੀ)** ਕੇਂਦਰੀ ਜੇਲ੍ਹ ਕਪੂਰਥਲਾ ਵਿਖੇ ਸੱਪ ਵਲੋਂ ਡੰਗੇ ਜਾਣ ਕਾਰਨ ਇਕ ਕੈਦੀ ਗੰਭੀਰ ਜ਼ਖਮੀ ਹੋ ਗਿਆ, ਜਿਸਨੂੰ ਜੇਲ੍ਹ ਦੇ ਮੁਲਾਜ਼ਮਾਂ ਵਲੋਂ ਇਲਾਜ ਲਈ ਸਿਵਲ ਹਸਪਤਾਲ ਕਪੂਰਥਲਾ ਦਾਖਲ ਕਰਵਾਇਆ ਗਿਆ। ਜਾਣਕਾਰੀ ਦਿੰਦਿਆਂ ਡਿਊਟੀ ਡਾਕਟਰ ਨੇ ਦੱਸਿਆ ਕਿ ਜੋਗਿੰਦਰਪਾਲ ਪੁੱਤਰ ਸ਼ਿੰਗਾਰਾ ਸਿੰਘ ਜਿਸਨੂੰ ਜੇਲ੍ਹ ਵਿਚ ਸੱਪ ਵਲੋਂ ਡੰਗੇ ਜਾਣ ਕਾਰਨ ਇਲਾਜ ਲਈ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿਚ ਲਿਆਂਦਾ ਗਿਆ ਹੈ, ਨੂੰ ਮੁੱਢਲੇ ਇਲਾਜ ਤੋਂ ਬਾਅਦ ਹਾਲਤ ਗੰਭੀਰ ਦੇਖਦਿਆਂ ਅੰਮ੍ਰਿਤਸਰ ਮੈਡੀਕਲ ਕਾਲਜ ਰੈਫ਼ਰ ਕਰ ਦਿੱਤਾ ਹੈ।

## ਭਾਰੀ ਮੀਂਹ ਨੇ ਬੈਂਗਲੂਰੂ ਚ ਮਚਾਈ ਤਬਾਹੀ



**ਕਰਨਾਟਕ, (ਲੋਕ ਬਾਣ)-** ਬੈਂਗਲੂਰੂ ਸ਼ਹਿਰ ਦੇ ਕਈ ਹਿੱਸਿਆਂ 'ਚ ਮੀਂਹ ਪਿਆ। ਭਾਰਤੀ ਮੌਸਮ ਵਿਭਾਗ ਨੇ ਬੈਂਗਲੂਰੂ 'ਚ ਭਾਰੀ ਮੀਂਹ ਕਾਰਨ ਔਰੇਂਜ ਅਲਰਟ ਜਾਰੀ ਕੀਤਾ ਹੈ। ਸ਼ਹਿਰ ਵਿਚ ਲਗਾਤਾਰ ਹੋਪੈ ਰਹੇ ਮੀਂਹ ਕਾਰਨ ਸਕੂਲ ਅਤੇ ਆਂਗਣਵਾੜੀ ਕੇਂਦਰ ਬੰਦ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਅਗਲੇ ਦੋ ਦਿਨਾਂ ਤੱਕ ਮੀਂਹ ਜਾਰੀ ਰਹਿਣ ਦੀ ਸੰਭਾਵਨਾ ਹੈ, ਜਿਸ ਕਾਰਨ ਸ਼ਹਿਰ ਦੇ ਕੁਝ ਹਿੱਸਿਆਂ ਵਿਚ ਆਵਾਜਾਈ ਵਿਚ ਵਿਘਨ ਪੈ ਸਕਦਾ ਹੈ।

## ਦੇਸ਼ ਵਿਚ ਸੋਨੇ ਦਿਆ ਕੀਮਤਾਂ ਵਿਚ ਹੋਇਆ ਭਾਰੀ ਵਾਧਾ



**ਨਵੀਂ ਦਿੱਲੀ( ਲੋਕ ਬਾਣੀ)** ਦੇਸ਼ ਭਰ ਵਿਚ ਸੋਨੇ ਦੀਆਂ ਕੀਮਤਾਂ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਇਹ ਅੱਜ 750 ਰੁਪਏ ਵਧ ਕੇ 80,650 ਰੁਪਏ ਪ੍ਰਤੀ 10 ਗ੍ਰਾਮ ਦੇ ਰਿਕਾਰਡ ਉੱਚ ਪੱਧਰ 'ਤੇ ਪੁੱਜ ਗਿਆ ਹੈ ਜਦਕਿ ਚਾਂਦੀ 5,000 ਰੁਪਏ ਪ੍ਰਤੀ ਕਿਲੋ ਵੱਧ ਗਈ ਹੈ। ਬਾਜ਼ਾਰ ਮਾਹਰਾਂ ਮੁਤਾਬਕ ਚਾਂਦੀ ਦੀਆਂ ਕੀਮਤਾਂ ਵਿਚ ਤੇਜ਼ੀ ਦਾ ਕਾਰਨ ਉਦਯੋਗਿਕ ਮੰਗ ਅਤੇ ਸੋਨੇ ਦੀਆਂ ਕੀਮਤਾਂ 'ਚ ਤੇਜ਼ੀ ਨੂੰ ਦੱਸਿਆ ਜਾ ਰਿਹਾ ਹੈ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਅਨੁਸਾਰ ਸ਼ੁੱਕਰਵਾਰ ਨੂੰ ਚਾਂਦੀ ਦੀ ਕੀਮਤ 94,500 ਰੁਪਏ ਪ੍ਰਤੀ ਕਿਲੋ ਸੀ ਜੋ ਅੱਜ ਪੰਜ ਹਜ਼ਾਰ ਰੁਪਏ ਵੱਧ ਕੇ 99,500 ਰੁਪਏ ਪ੍ਰਤੀ ਕਿਲੋ ਹੋ ਗਈ ਹੈ। ਕੌਮੀ ਰਾਜਧਾਨੀ ਵਿੱਚ ਅੱਜ ਲਗਾਤਾਰ ਚੌਥੇ ਦਿਨ ਸੋਨੇ ਤੇ ਚਾਂਦੀ ਦੀਆਂ ਕੀਮਤਾਂ ਵਿਚ ਤੇਜ਼ੀ ਦਿਖਣ ਨੂੰ ਮਿਲੀ। ਜਾਣਕਾਰੀ ਅਨੁਸਾਰ 99.5 ਫੀਸਦੀ ਸ਼ੁੱਧਤਾ ਵਾਲਾ ਸੋਨਾ 750 ਰੁਪਏ ਚੜ੍ਹ ਕੇ 80,250 ਰੁਪਏ ਪ੍ਰਤੀ 10 ਗ੍ਰਾਮ ਹੋ ਗਿਆ। ਸ਼ੁੱਕਰਵਾਰ ਨੂੰ ਇਸ ਦੀ ਕੀਮਤ 79,500 ਰੁਪਏ ਪ੍ਰਤੀ 10 ਗ੍ਰਾਮ ਸੀ ਜਦੋਂਕਿ 99.9 ਫੀਸਦੀ ਸ਼ੁੱਧਤਾ ਵਾਲੇ ਸੋਨੇ ਦੀ ਕੀਮਤ ਸ਼ੁੱਕਰਵਾਰ ਨੂੰ 79,900 ਰੁਪਏ ਪ੍ਰਤੀ 10 ਗ੍ਰਾਮ ਸੀ। ਸਰਾਫਾ ਕਾਰੋਬਾਰੀਆਂ ਨੇ ਕਿਹਾ ਕਿ ਗਹਿਣਿਆਂ ਦੀਆਂ ਕੀਮਤਾਂ ਤਿਉਹਾਰਾਂ ਅਤੇ ਵਿਆਹਾਂ ਦੇ ਸੀਜ਼ਨ 'ਚ ਵਧੀ ਮੰਗ ਕਾਰਨ ਵੱਧ ਰਹੀਆਂ ਹਨ।

## ਪੁੱਤ ਨੇ ਕਲੇਸ਼ ਤੋਂ ਦੁੱਖੀ ਹੋ ਮਾਂ ਦਾ ਕੀਤਾ ਕਤਲ

**ਹੁਸ਼ਿਆਰਪੁਰ, ਲੋਕ ਬਾਣੀ-** ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਇਕ ਕਲਯੁਗੀ ਪੁੱਤ ਵੱਲੋਂ ਅਜਿਹਾ ਕਾਰਾ ਕੀਤੇ ਜਾਣ ਦਾ ਮਾਮਲਾ ਸਾਹਮਣੇ ਆ ਰਿਹਾ ਹੈ, ਜਿਸ ਨੇ ਮਾਂ-ਪੁੱਤ ਦੇ ਰਿਸ਼ਤੇ ਨੂੰ ਤਾਰ-ਤਾਰ ਕਰ ਕੇ ਰੱਖ ਦਿੱਤਾ ਹੈ। ਇਹ ਮਾਮਲਾ ਹੁਸ਼ਿਆਰਪੁਰ ਦੇ ਮੁਹੱਲਾ ਦਸ਼ਮੇਸ਼ ਨਗਰ ਦਾ ਹੈ, ਜਿੱਥੋਂ ਦੀ ਗਲੀ ਨੰਬਰ-5 'ਚ ਇਕ ਕਲਯੁਗੀ ਪੁੱਤ ਨੇ ਆਪਣੀ ਮਾਂ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਜਾਣਕਾਰੀ ਦਿੰਦੇ ਹੋਏ ਗੁਰਦੇਵ ਸਿੰਘ ਨੇ ਦੱਸਿਆ ਕਿ ਉਹ ਫੇਰੀ ਲਗਾਉਣ ਦਾ ਕੰਮ ਕਰਦਾ ਹੈ ਤੇ ਅੱਜ ਵੀ ਰੋਜ਼ ਵਾਂਗ ਉਹ ਫੇਰੀ ਲਗਾਉਣ ਲਈ ਗਿਆ ਹੋਇਆ ਸੀ। ਇਸ ਦੌਰਾਨ ਦੁਪਹਿਰ ਕਰੀਬ 3 ਵਜੇ ਜਦੋਂ ਉਹ ਘਰ ਵਾਪਸ ਆਇਆ ਤਾਂ ਉਸ ਨੇ ਦੇਖਿਆ ਕਿ ਘਰ ਨੂੰ ਜਿੰਦਾ ਲੱਗਿਆ ਹੋਇਆ ਸੀ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
...ਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ...ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
...ਲੋਕ ਬਾਣੀ ਸੰਗਮ ਕੰਪਕੈਲਸ, ਮਿਲਾਪ ਚੌਕ ਜਲੰਧਰ 99155-94111

# 46ਵੇਂ ਪ੍ਰੋ. ਮੋਹਨ ਸਿੰਘ ਯਾਦਗਾਰੀ ਅੰਤਰ- ਰਾਸ਼ਟਰੀ ਸਭਿਆਚਾਰਕ ਮੇਲੇ ਵਿੱਚ ਪੰਜ ਸ਼ਖਸੀਅਤਾਂ ਦਾ ਸਨਮਾਨ

**ਲੁਧਿਆਣਾ:(ਲੋਕ ਬਾਣੀ)** ਵੀਹਵੀਂ ਸਦੀ ਦੇ ਮਹਾਨ ਕਵੀ ਪ੍ਰੋ. ਮੋਹਨ ਸਿੰਘ ਜੀ ਦੀ ਯਾਦ ਵਿੱਚ 46 ਵੇਂ ਅੰਤਰ ਰਾਸ਼ਟਰੀ ਸੱਭਿਆਚਾਰਕ ਮੇਲੇ ਦਾ ਡਾ: ਏ ਵੀ ਐੱਮ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਈਸਾ ਨਗਰੀ ਲੁਧਿਆਣਾ ਵਿਖੇ ਉਦਘਾਟਨ ਕਰਦਿਆਂ ਪੰਜਾਬ ਦੇ ਸ਼ਹਿਰੀ ਵਿਕਾਸ ਤੇ ਮਾਲ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਹੈ ਕਿ ਜਿਸ ਭਾਵਨਾ ਨਾਲ ਸ. ਜਗਦੇਵ ਸਿੰਘ ਜੱਸੋਵਾਲ ਜੀ ਨੇ ਇਸ ਮੇਲੇ ਦੀ ਆਰੰਭਤਾ ਕੀਤੀ ਸੀ ਉਸ ਨੂੰ ਬਣਾਈ ਰੱਖਣ ਲਈ ਸਾਰੀ ਦੁਨੀਆ ਵਿੱਚ ਵੱਸਦੇ ਪੰਜਾਬੀਆਂ ਨੂੰ ਇਸ ਦੀ ਸਰਪ੍ਰਸਤੀ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸ਼ਹਿਰੀ ਵਿਕਾਸ ਮੰਤਰਾਲੇ ਵੱਲੋਂ ਕਿਸੇ ਕਾਲੋਨੀ ਦਾ ਨਾਮਕਰਨ ਪ੍ਰੋ. ਮੋਹਨ ਸਿੰਘ ਜੀ ਦੇ ਨਾਮ ਤੇ ਕੀਤਾ ਜਾਵੇਗਾ। ਪ੍ਰਬੰਧਕਾਂ ਦੀ ਮੰਗ ਅਨੁਸਾਰ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਤੋਂ ਪ੍ਰਵਾਨਗੀ ਲੈ ਕੇ ਇਸ ਮੇਲੇ ਨੂੰ ਸੱਭਿਆਚਾਰਕ ਮੇਲੇ ਦੇ ਸਾਲਾਨਾ ਕੈਲੰਡਰ ਵਿੱਚ ਸ਼ਾਮਿਲ ਕੀਤਾ ਜਾਵੇਗਾ। ਉਨ੍ਹਾਂ ਦੇ ਬੁੱਤ ਨੂੰ ਵੀ ਯੋਗ ਸਥਾਨ ਤੇ ਸੁਸ਼ੋਭਿਤ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਰੰਗਲਾ ਪੰਜਾਬ ਉਸਾਰਨ ਲਈ ਯੁਗ ਕਵੀ ਪ੍ਰੋ. ਮੋਹਨ ਸਿੰਘ ਵਾਂਗ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੀਆਂ ਲਿਖਤਾਂ ਦੀ ਬਹੁਤ ਲੋੜ ਹੈ ਤਾਂ ਜੋ ਪੰਜਾਬ ਨੂੰ ਨਸ਼ਾਮੁਕਤ ਕਰਨ, ਵਿਹਲੜ ਸੱਭਿਆਚਾਰ ਦੇ ਖਾਤਮੇ ਅਤੇ ਬਦੇਸ਼ਾਂ ਵੱਲ ਬੇਲੋੜੀ ਹੋੜ ਨੂੰ ਰੋਕਿਆ ਜਾ ਸਕੇ।

ਇਸ ਮੌਕੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਕੈਬਨਿਟ ਮੰਤਰੀ ਵੱਲੋਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਮੇਲਾ ਪ੍ਰੋ: ਮੋਹਣ ਸਿੰਘ ਜੀ ਨੂੰ ਅਮਰ ਕਰ ਗਿਆ ਹੈ। ਉਨ੍ਹਾਂ ਬੀਤੇ ਸਮੇਂ ਨੂੰ ਯਾਦ ਕਰਦਿਆਂ ਕਿਹਾ ਕਿ ਇੱਕ ਸਮਾਂ ਸੀ ਜਦੋਂ ਉਹ ਇੱਕ ਦਰਸ਼ਕ ਬਣ ਕੇ ਮੇਲਾ ਵੇਖਣ ਆਉਂਦੇ ਸਨ, ਪਰ ਅੱਜ ਪ੍ਰਮਾਤਮਾ ਦੀ ਕਿਰਪਾ ਨਾਲ ਉਨ੍ਹਾਂ ਨੂੰ ਮੇਲੇ ਵਿੱਚ ਮਹਿਮਾਨ ਵਜੋਂ ਸ਼ਮੂਲੀਅਤ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਪੁਰਾਣੇ ਸਮਿਆਂ ਵਿੱਚ ਮਨੋਰੰਜਣ ਦੇ ਸਾਧਨ ਘੱਟ ਸਨ ਤੇ ਇਹ ਮੇਲੇ ਲੋਕਾਂ ਨੂੰ ਮੁਸ਼ਕਿਲਾਂ ਤੋਂ ਬਾਹਰ ਕੱਢ ਕੇ ਕੁਝ ਚੈਨ ਤੇ ਸਕੂਨ ਦੇ ਪਲ ਪ੍ਰਦਾਨ ਕਰਦੇ ਸਨ। ਕੈਬਨਿਟ ਮੰਤਰੀ ਖੁੱਡੀਆਂ ਨੇ ਦੱਸਿਆ ਕਿ ਪ੍ਰੋ: ਮੋਹਣ ਸਿੰਘ ਯਾਦਗਾਰੀ ਮੇਲੇ ਦੇ ਸ਼ੁਰੂਆਤ ਦੌਰ ਵਿੱਚ, ਆਪਣੇ ਪ੍ਰੋਗਰਾਮ ਦਾ ਲੱਖਾਂ ਰੁਪਏ ਲੈਣ ਵਾਲੇ ਕਲਾਕਾਰ ਵੀ ਆਪਣੇ ਗੀਤ ਦਾ ਇੱਕ ਮੁੱਖੜਾ ਸੁਣਾਉਣ ਲਈ ਕਤਾਰਾਂ ਵਿੱਚ ਲੱਗਦੇ ਸਨ।ਉਨ੍ਹਾਂ ਕਿਹਾ ਕਿ ਅਜਿਹੇ ਮੇਲਿਆਂ ਨੂੰ ਜਿਉਂਦਾ ਰੱਖਣਾ ਸਮੇਂ ਦੀ ਲੋੜ ਹੈ ਤਾਂ ਜੋ ਪੰਜਾਬੀ ਆਪਣੇ ਅਮੀਰ ਵਿਰਸੇ ਨਾਲ ਜੁੜੇ ਰਹਿਣ।

ਇਸ ਮੌਕੇ ਉਨ੍ਹਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਇੱਕ ਲੱਖ ਰੁਪਏ ਦੀ ਰਾਸ਼ੀ ਦਾ ਯੋਗਦਾਨ ਵੀ ਦਿੱਤਾ।

ਫਾਉਂਡੇਸ਼ਨ ਦੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਨੇ ਕਿਹਾ ਕੀ ਬਾਬਾ ਸਾਹਿਬ ਭੀਮ ਰਾਉ ਅੰਬੇਦਕਰ 1951 ਵਿੱਚ ਇਸ ਸਥਾਨ ਤੇ ਉਨ੍ਹਾਂ ਦੇ ਘਰ ਇੱਕ ਰਾਤ ਕੱਟ ਕੇ ਗਏ ਸਨ। ਇਹ ਸਕੂਲ ਉਨ੍ਹਾਂ ਦੀ ਯਾਦ ਵਿੱਚ ਮੇਰੇ ਪਿਤਾ ਜੀ ਸਾਬਕਾ ਵਿਧਾਇਕ ਬਾਬੂ ਅਜੀਤ ਕੁਮਾਰ ਨੇ ਗਰੀਬ ਬਸਤੀਆਂ ਦੇ ਲੋੜਵੰਦ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਖੋਲ੍ਹਿਆ ਸੀ।

ਪ੍ਰੋ. ਮੋਹਨ ਸਿੰਘ ਫਾਉਂਡੇਸ਼ਨ ਦੇ ਸਰਪ੍ਰਸਤ ਪਰਗਟ ਸਿੰਘ ਗਰੇਵਾਲ,ਪ੍ਰੋ. ਗੁਰਭਜਨ ਸਿੰਘ ਗਿੱਲ, ਪਿਰਥੀਪਾਲ ਸਿੰਘ ਬਟਾਲਾ, ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ, ਪ੍ਰਧਾਨ ਰਾਜੀਵ ਕੁਮਾਰ ਲਵਲੀ, ਸਕੱਤਰ ਜਨਰਲ ਡਾ. ਨਿਰਮਲ ਜੌੜਾ,ਅਮਰਿੰਦਰ ਸਿੰਘ ਜੱਸੋਵਾਲ ਜਨਰਲ ਸਕੱਤਰ, ਸ਼ਰਨਪਾਲ ਸਿੰਘ ਮੱਕੜ,ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਜਸਵੰਤ ਸਿੰਘ ਛਾਪਾ, ਜਗਜਿੰਦਰ ਸਿੰਘ ਗਰੇਵਾਲ ਸਾਬਕਾ ਸਰਪੰਚ ਲਲਤੋਂ ਤੇ ਬਲਰਾਜ ਸਿੰਘ ਧਾਲੀਵਾਲ ਨੇ ਮੁੱਖ ਮਹਿਮਾਨ ਹਰਦੀਪ ਸਿੰਘ ਮੁੰਡੀਆਂ ਨੂੰ ਫੁਲਕਾਰੀ, ਪ੍ਰੋ. ਮੋਹਨ ਸਿੰਘ ਰਚਨਾਵਲੀ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।

ਸੁਆਗਤੀ ਸ਼ਬਦ ਬੋਲਦਿਆਂ ਫਾਉਂਡੇਸ਼ਨ ਦੇ ਸਰਪ੍ਰਸਤ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਵੀਹ ਅਕਤੂਬਰ 1905 ਨੂੰ ਯੁਗ ਕਵੀ ਪ੍ਰੋ. ਮੋਹਨ ਸਿੰਘ ਧਮਿਆਲ(ਰਾਵਲਪਿੰਡੀ) ਵਿੱਚ ਵੈਟਰਨਰੀ ਡਾ. ਜੋਧ ਸਿੰਘ ਜੀ ਦੇ ਘਰ ਪੈਦਾ ਹੋਏ ਸਨ। ਘੱਟ ਲੋਕ ਜਾਣਦੇ ਹਨ ਕਿ ਉਨ੍ਹਾਂ ਦਾ ਬਚਪਨ ਲੁਧਿਆਣਾ ਵਿੱਚ ਵੀ ਕੁਝ ਸਾਲ ਬੁੱਕਸ ਮਾਰਕੀਟ ਪਿਛਲੇ ਵੈਟਰਨਰੀ




ਕਲਿਨਿਕ ਨੇੜਲੀ ਰਿਹਾਇਸ਼ ਵਿੱਚ ਵੀ ਬੀਤਿਆ। ਅੰਤਸੇ ਸਵਾਸ ਵੀ ਉਨ੍ਹਾਂ ਨੇ 3 ਮਈ 1978 ਨੂੰ ਲੁਧਿਆਣੇ ਹੀ ਤਿਆਗੇ। ਪ੍ਰੋ. ਮੋਹਨ ਸਿੰਘ ਜੀ ਨਾਲ ਕੀਤਾ ਇਕਰਾਰ ਨਿਭਾਉਂਦਿਆਂ ਸ. ਜਗਦੇਵ ਸਿੰਘ ਜੱਸੋਵਾਲ ਨੇ 1978 ਤੋਂ ਲੈ ਕੇ 2014 ਤੀਕ ਪ੍ਰੋ. ਮੋਹਨ ਸਿੰਘ ਯਾਦਗਾਰੀ ਮੇਲਾ ਦੇਸ਼ ਬਦੇਸ਼ ਪਹੁੰਚਾਇਆ। ਹੁਣ ਉਨ੍ਹਾਂ ਦੇ ਸਾਥੀ ਇਹ ਧਰਮ ਨਿਭਾ ਰਹੇ ਹਨ।

ਸ਼ਾਮ ਦੇ ਸੈਸ਼ਨ ਦੀ ਪ੍ਰਧਾਨਗੀ ਪੰਜਾਬ ਦੇ ਖੇਤੀਬਾੜੀ ਤੇ ਪਸ਼ੂ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਇਹ ਮੇਲਾ ਵੇਖ ਵੇਖ ਕੇ ਹੀ ਜਵਾਨ ਹੋਏ ਹਾਂ। ਇਸ ਮੇਲੇ ਦੀ ਲਗਾਤਾਰਤਾ ਬਣਾਈ ਰੱਖਣ ਅਤੇ ਸ਼ਾਨ ਸਵਾਈ ਕਰਨ ਵਿੱਚ ਪੰਜਾਬ ਸਰਕਾਰ ਵੱਲੋਂ ਭਰਪੂਰ ਮਦਦ ਕੀਤੀ ਜਾਵੇਗੀ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਵੀ ਇਹੀ ਸੁਪਨਾ ਹੈ ਕਿ ਪੰਜਾਬ ਦੀ ਰਵਾਇਤੀ ਸ਼ਾਨ ਮੁੜ ਸੁਰਜੀਤ ਕੀਤੀ ਜਾਵੇ। ਪ੍ਰਬੰਧਕਾਂ ਵੱਲੋਂ ਸ. ਖੁੱਡੀਆਂ ਨੂੰ ਸਨਮਾਨਿਤ ਕੀਤਾ ਗਿਆ।

ਮੰਚ ਪੇਸ਼ਕਾਰੀਆਂ ਦਾ ਉਦਘਾਟਨ ਨਵਜੋਤ ਸਿੰਘ ਜਰਗ ਨੇ ਕੀਤਾ। ਉਸਨੇ ਢਾਡੀ ਵਾਰਾਂ ਗਾ ਕੇ ਚੰਗਾ ਰੰਗ ਬੰਨ੍ਹਿਆ। ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਡਾ. ਏ.ਵੀ.ਐਮ ਐਜੂਕੇਸ਼ਨਲ ਸੋਸਾਇਟੀ ਅਤੇ ਜਗਦੇਵ ਸਿੰਘ ਜੱਸੋਵਾਲ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਯੁਗ ਕਵੀ ਪ੍ਰੋ. ਮੋਹਨ ਸਿੰਘ ਦੀ ਯਾਦ ਵਿੱਚ 46ਵਾਂ ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਪੰਜਾਬੀ ਸੱਭਿਆਚਾਰਕ ਮੇਲੇ ਵਿੱਚ ਸ਼ੇਰੇ ਪੰਜਾਬ ਭੰਗੜਾ ਕਲੱਬ ਬਟਾਲਾ ਦੇ ਕਲਾਕਾਰਾਂ ਵੱਲੋਂ ਪ੍ਰੋ. ਬਲਬੀਰ ਸਿੰਘ ਕੋਲ੍ਹਾ ਦੀ ਅਗਵਾਈ ਹੇਠ ਸਿਆਲਕੋਟੀ ਭੰਗੜਾ, ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਲੋਕ ਨਾਚਾਂ ਦੀ ਪੇਸ਼ਕਾਰੀ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਦੌਰਾਨ ਸਕੂਲ ਦੇ ਬੱਚਿਆਂ ਨੇ ਵੀ ਭੰਗੜਾ, ਗਿੱਧਾ ਸਣੇ ਹੋਰ ਸੱਭਿਆਚਾਰਕ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਸਤਬੀਰ ਸਿੰਘ ਗੋਸਲ, ਫਾਉਂਡੇਸ਼ਨ ਦੇ ਸਰਪ੍ਰਸਤ ਡਾ. ਗੁਰਭਜਨ ਸਿੰਘ ਗਿੱਲ, ਐਮ.ਐਲ.ਏ ਅਸ਼ੋਕ ਪਰਾਸ਼ਰ ਪੱਪੀ, ਫਾਊਂਡੇਸ਼ਨ ਦੇ ਸਕੱਤਰ ਜਨਰਲ ਡਾ. ਨਿਰਮਲ ਜੌੜਾ, ਸਾਬਕਾ ਐਮ.ਪੀ ਅਤੇ ਪ੍ਰਸਿੱਧ ਲੋਕ ਗਾਇਕ ਮੁਹੰਮਦ ਸਦੀਕ ਵੱਲੋਂ ਪੰਜਾਬੀ ਸੂਫੀ ਗਾਇਕੀ ਵਿੱਚ ਵਿਸ਼ੇਸ਼ ਸਥਾਨ ਰੱਖਣ ਵਾਲੇ ਜਯੋਤੀ ਨੂਰਾਂ, ਦੋਗਾਣਾ ਗਾਇਕੀ ਲਈ ਦੀਪ ਢਿਲੋਂ ਅਤੇ ਜੈਸਮੀਨ, ਪਰਵਾਸੀ ਪੰਜਾਬੀ ਸ਼ਾਇਰ ਹਰਜਿੰਦਰ ਕੰਗ, ਖੇਡਾਂ ਦੇ ਖੇਤਰ ਵਿੱਚੋਂ ਓਲੰਪੀਅਨ ਹਰਵੰਤ ਕੌਰ, ਪ੍ਰਵਾਸੀ ਪੰਜਾਬੀ ਨਿਰਮਲ ਸਿੰਘ ਅਮਰੀਕਾ, ਰਾਜ ਝੱਜ ਕੇਨੇਡਾ, ਦੀਪ ਢਿਲੋਂ ਅਤੇ ਜਾਸਮੀਨ ਜੱਸੀ ਤੇ ਸੰਗੀਤ ਨਿਰਦੇਸ਼ਕ ਤੇਜਵੰਤ ਕਿੱਟੂ ਨੂੰ ਵੱਖ-ਵੱਖ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਗਿਆ।

ਸਨਮਾਨ ਸਮਾਰੋਹ ਉਪਰੰਤ, ਜਯੋਤੀ ਨੂਰਾਂ, ਦੀਪ ਢਿਲੋਂ ਅਤੇ ਜੈਸਮੀਨ ਜੱਸੀ, ਲੋਕ ਗਾਇਕ ਰਵਿੰਦਰ ਗਰੇਵਾਲ, ਆਤਮਾ ਬੁਢੇਵਾਲੀਆ, ਜਸਵੰਤ ਸੰਦੀਲਾ, ਸ਼ਾਲਿਨੀ ਜਮਵਾਲ, ਰੁਪਿੰਦਰ ਕੌਰ, ਹੈਪੀ ਡੇਹਲੋਂ ਅਤੇ ਲਵ ਮਨਜੋਤ ਵੱਲੋਂ ਸਭਿਅਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ। ਜਦਕਿ ਪ੍ਰੋਗਰਾਮ ਦਾ ਸੰਚਾਲਨ ਬੀਬਾ ਮੀਨਾ ਮਹਿਰੋਕ ਅਤੇ ਕਰਮਜੀਤ ਗਰੇਵਾਲ ਵੱਲੋਂ ਕੀਤਾ ਗਿਆ।

ਉਹਨਾਂ ਦੱਸਿਆ ਹੈ ਕਿ ਇਸ ਮੇਲੇ ਦੇ ਆਯੋਜਨ ਦਾ ਉਦੇਸ਼ ਸਾਡੀ ਆਉਣ ਵਾਲੀ ਪੀੜੀਆਂ ਨੂੰ ਅਮੀਰ ਪੰਜਾਬੀ ਵਿਰਸੇ ਨਾਲ ਜੋੜੀ ਰੱਖਣਾ ਹੈ। ਇਸ ਮੌਕੇ ਲੋਕ ਗਾਇਕਾਂ ਅਤੇ ਸਕੂਲ ਦੇ ਬੱਚਿਆਂ ਵੱਲੋਂ ਦਿੱਤੀਆਂ ਗਈਆਂ ਪੇਸ਼ਕਸ਼ਾਂ ਬਹੁਤ ਹੀ ਸ਼ਲਾਘਯੋਗ ਹਨ। ਸਾਡੀ ਕੋਸ਼ਿਸ਼ ਰਹੇਗੀ ਕਿ ਇਸ ਮੇਲੇ ਨੂੰ ਭਵਿੱਖ ਵਿੱਚ ਹੋਰ ਵੀ ਸ਼ਿਖਰਾਂ ਤੇ ਪਹੁੰਚਾਇਆ ਜਾਵੇ।

ਉਹਨਾਂ ਨੇ ਮੇਲੇ ਨੂੰ ਕਾਮਯਾਬ ਬਣਾਉਣ ਲਈ ਵਡਮੁੱਲਾ ਯੋਗਦਾਨ ਪਾਉਣ ਵਾਲੇ ਨਗਰ ਨਿਗਮ ਦੇ ਜੋਨਲ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਮਨਿੰਦਰ ਸਿੰਘ ਥਿੰਦ, ਰਜਿੰਦਰ ਸਿੰਘ ਫਾਈਨਟੋਨ, ਹਰਨੇਕ ਸਿੰਘ ਗਰੇਵਾਲ ਰਾਏਕੋਟ, ਮਨੀ ਗਰੇਵਾਲ, ਸੰਦੀਪ ਸਿੰਘ ਰੁਪਾਲੋਂ,ਜਸਵੰਤ ਸਿੰਘ ਛਾਪਾ, ਅਮਰਜੀਤ ਸਿੰਘ ਸ਼ੇਰਪੁਰੀ, ਪ੍ਰਤੀਕ ਇੰਦਰ ਸਿੰਘ ਗਰੇਵਾਲ, ਬਲਵਿੰਦਰ ਸਿੰਘ ਗਰੇਵਾਲ, ਹਰਬਰਿੰਦਰ ਪਾਲ ਸਿੰਘ ਜਸੋਵਾਲ, ਦਿਲਬਾਗ ਸਿੰਘ ਖਤਰਾਏ ਕਲਾਂ, ਅਮੋਲਕ ਸਿੰਘ, , ਗੌਰਵ ਮਹਿੰਦਰੂ, ਤਨਿਸ਼ਕ ਕਨੌਜੀਆ, ਬਲਵਿੰਦਰ ਸਿੰਘ ਗੋਲਡੀ ਸਣੇ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਗਾਬਾ ਅਤੇ ਸਮੂਹ ਸਟਾਫ ਮੈਂਬਰਾਂ ਦਾ ਵੀ ਧੰਨਵਾਦ ਪ੍ਰਗਟਾਇਆ ਗਿਆ।

# ਸਾਰਸ ਮੇਲੇ ਦੀ ਤੀਸਰੀ ਰਾਤ ਕਰਵਾਚੌਥ ਨੂੰ ਸਮਰਪਿਤ ਸੁਹਾਗ ਫ਼ੈਸ਼ਨ ਸ਼ੋਅ ਕਰਵਾਇਆ, ਮੰਨਤ ਨੂਰ, ਬਸੰਤ ਕੁਰ ਤੇ ਸਵੀਤਾਜ ਬਰਾੜ ਦੀ ਗਾਇਕੀ ਨੇ ਬੰਨ੍ਹਿਆ ਰੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਲੋਕ ਬਾਣੀ)** ਜ਼ਿਲ੍ਹਾ ਪ੍ਰਸ਼ਾਸਨ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਅਜੀਵਿਕਾ ਮਿਸ਼ਨ ਤਹਿਤ 18 ਅਕਤੂਬਰ ਤੋਂ 27 ਅਕਤੂਬਰ ਤੱਕ ਮਾਨਵ ਮੰਗਲ ਸਕੂਲ ਨੇੜੇ ਸੈਕਟਰ 88 ਦੇ ਓਪਨ ਗਰਾਊਂਡ ਵਿਖੇ ਕਰਵਾਏ ਜਾ ਰਹੇ ਜ਼ਿਲ੍ਹੇ ਦੇ ਪਹਿਲੇ ਸਰਸ ਮੇਲੇ 'ਚ ਕਲ੍ਹ ਰਾਤ ਕਰਵਾਚੌਥ ਨੂੰ ਸਮਰਪਿਤ ਸੁਹਾਗ ਫ਼ੈਸ਼ਨ ਸ਼ੋਅ ਕਰਵਾਇਆ ਗਿਆ।

ਮੇਲਾ ਅਫ਼ਸਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੋਨਮ ਚੌਧਰੀ ਅਨੁਸਾਰ ਇਹ ਫ਼ੈਸ਼ਨ ਸ਼ੋਅ ਸੁਹਾਗ ਅਤੇ ਸੁਹਾਗਣਾਂ ਦੀ ਥੀਮ 'ਤੇ ਅਧਾਰਿਤ ਸੀ, ਜਿਸ ਨੇ ਦਰਸ਼ਕਾਂ 'ਤੇ ਡੂੰਘੀ ਛਾਪ ਛੱਡੀ।



ਸੰਗੀਤਕ ਸ਼ਾਮ ਦੀ ਸ਼ੁਰੂਆਤ ਪੰਜਾਬੀ ਗਾਇਕਾ ਬਸੰਤ ਕੁਰ ਨੇ ਆਪਣੇ ਚਰਚਿਤ ਗੀਤਾਂ 'ਦੱਸ ਭਾਬੀਏ ਨੀ ਮੁੰਡਾ ਕਿਹੜੇ ਪਿੰਡ ਦਾ', 'ਮੈਨੂੰ ਰੇਸ਼ਮੀ ਰੁਮਾਲ ਵਾਂਗੂ ਰੱਖ ਮੁੰਡਿਆ', 'ਹਾਏ ਨੀ ਮੁੰਡਾ ਵਾਰ ਗਿਆ ਨੱਚਦੀ ਦੇ ਉਤੋਂ ਪਤਾਸੇ', ਨਾਲ ਮਾਹੌਲ 'ਚ ਰੰਗ ਬੰਨ੍ਹ ਦਿੱਤਾ। ਮਰਹੂਮ ਗਾਇਕ ਰਾਜ ਬਰਾੜ ਦੀ ਵਿਰਾਸਤ ਨੂੰ ਅੱਗੇ ਲੈ ਕੇ ਜਾ ਰਹੀ ਉਸ ਦੀ ਧੀ ਸਵਤਿਾਜ ਬਰਾੜ ਨੇ ਆਪਣੇ ਗੀਤਾਂ, ਨਾ ਨਾ ਅੰਮੀਏ ਨੀ ਤੋੜ ਦਿਓ ਇਹ ਰੋਕਾ, ਮੁੰਡਾ ਜੱਟਾਂ ਦਾ ਸ਼ੌਕੀਨ ਲੱਗ ਪਿਆ ਖਾਣ-ਪੀਣ, ਆਜਾ ਤੇਰੇ ਨਖਰੇ ਦਾ ਮੁੱਲ ਤਾਰੀਏ ਅਤੇ ਆਪਣੇ ਪਿਤਾ ਦਾ ਲਿਖਿਆ ਗਾਣਾ, ਤੂੰ ਜਿੱਤ ਗਈ ਗਿੱਧਾ ਹਾਰ ਗਿਆ, ਗਾ ਕੇ ਮੇਲੇ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ। ਸਵੀਤਾਜ 'ਤੇ ਗੀਤਾਂ 'ਤੇ ਦਰਸ਼ਕਾਂ ਨੇ ਖੂਬ ਭੰਗੜਾ ਪਾਇਆ। ਮੰਨਤ ਨੂਰ ਨੇ ਆਪਣੇ ਬਹੁਤ ਹੀ ਪਸੰਦ ਕੀਤੇ ਜਾਂਦੇ ਗਾਣੇ 'ਤੂੰ ਲੌਂਗ ਮੈਂ ਲਾਚੀ' ਅਤੇ ਹੋਰ ਚਰਚਿਤ ਗਾਣਿਆਂ ਨਾਲ ਸੰਗੀਤਕ ਸ਼ਾਮ ਨੂੰ ਸੰਪੂਰਨਤਾ ਦੀਆਂ ਸਿਖਰਾਂ 'ਤੇ ਪਹੁੰਚਾਇਆ।

ਏ ਡੀ ਸੀ ਸੋਨਮ ਚੌਧਰੀ ਅਨੁਸਾਰ ਸੰਗੀਤਕ ਸ਼ਾਮ ਦਾ ਇੱਕ ਮੰਤਵ ਜਿੱਥੇ ਲੋਕਾਂ ਨੂੰ ਸੰਗੀਤ ਦਾ ਅਹਿਸਾਸ ਕਰਵਾਉਣਾ ਹੈ ਉੱਥੇ ਮੇਲੇ 'ਚ ਲੱਗੀਆਂ ਸਟਾਲਾਂ 'ਤੇ ਰੌਣਕ ਵੀ ਵਧਾਉਣਾ ਹੈ।

# ਸ਼ਹੀਦ ਭਗਤ ਸਿੰਘ ਏਅਰਪੋਰਟ ਐਡਵਾਈਜਰੀ ਕਮੇਟੀ ਦੇ ਮੈਂਬਰ ਬਣੇ ਪਵਨ ਦੀਵਾਨ

**ਨਵਾਂਸ਼ਹਿਰ ( ਲੋਕ ਬਾਣੀ)** - ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੂੰ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਏਅਰਪੋਰਟ, ਚੰਡੀਗੜ੍ਹ ਦੀ ਏਅਰਪੋਰਟ ਐਡਵਾਈਜਰੀ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।



ਚੰਡੀਗੜ੍ਹ ਇੰਟਰਨੈਸ਼ਨਲ ਏਅਰਪੋਰਟ ਲਿਮਿਟਡ, ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਏਅਰਪੋਰਟ, ਚੰਡੀਗੜ੍ਹ ਦੇ ਮੁੱਖ ਕਾਰਜਕਾਰੀ ਅਫਸਰ ਅਜੇ ਵਰਮਾ ਵੱਲੋਂ ਇਸ ਸਬੰਧੀ ਜਾਰੀ ਕੀਤੇ ਗਏ ਅਧਿਕਾਰਿਕ ਪੱਤਰ ਮੁਤਾਬਕ ਇਸ ਕਮੇਟੀ ਦੇ ਚੇਅਰਮੈਨ ਚੰਡੀਗੜ੍ਹ ਤੋਂ ਮੈਂਬਰ ਲੋਕ ਸਭਾ ਮਨੀਸ਼ ਤਿਵਾੜੀ ਅਤੇ ਕੋ-ਚੇਅਰਮੈਨ ਸ਼੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਲੋਕ ਸਭਾ ਮਾਲਵਿੰਦਰ ਸਿੰਘ ਕੰਗ ਹਨ। ਦੀਵਾਨ ਤੋਂ ਇਲਾਵਾ, ਮੁਹਾਲੀ ਤੋਂ ਐਮਐਲਏ ਕੁਲਵੰਤ ਸਿੰਘ, ਏਅਰਲਾਈਨਸ ਆਪਰੇਟਰ ਕਮੇਟੀ ਦੇ ਪ੍ਰਤੀਨਿਧੀ, ਸੀਏਐੱਸਓ ਭੁਵਨੇਸ਼ ਕੁਮਾਰ, ਐਸਐਸਪੀ ਚੰਡੀਗੜ੍ਹ, ਡੀਸੀ ਚੰਡੀਗੜ੍ਹ, ਸਾਬਕਾ ਮੇਅਰ ਰਵਿੰਦਰ ਪਾਲ ਸਿੰਘ ਪਾਲੀ, ਚੰਡੀਗੜ ਕਾਂਗਰਸ ਪ੍ਰਧਾਨ ਐਚ.ਐਸ ਲੱਕੀ, ਸੀਨੀਅਰ ਕਾਂਗਰਸੀ ਆਗੂ ਗੁਰਮੇਲ ਪਹਿਲਵਾਨ ਤੇ ਆਮ ਆਦਮੀ ਪਾਰਟੀ ਆਗੂ ਚੰਦਰਮੁਖੀ ਸ਼ਰਮਾ ਨੂੰ ਵੀ ਇਸ ਕਮੇਟੀ ਦਾ ਮੈਂਬਰ ਥਾਪਿਆ ਗਿਆ ਹੈ। ਇਸ ਕਮੇਟੀ ਦਾ ਜਿੰਮਾ ਏਅਰਪੋਰਟ ਆਉਣ ਵਾਲੇ ਮੁਸਾਫਰਾ ਦੀ ਸੁਵਿਧਾ ਲਈ ਕੰਮ ਕਰਨਾ ਅਤੇ ਇਸ ਸਬੰਧੀ ਏਅਰਪੋਰਟ ਅਥਾਰਟੀ ਨੂੰ ਸਮੇਂ-ਸਮੇਂ ਸੇ ਸਲਾਹ ਦੇਣਾ ਰਹੇਗਾ।

# ਪਿਛਲੀਆਂ ਸੂਬਾ ਸਰਕਾਰਾਂ ਨੇ ਜੇਲ੍ਹਾਂ ਨੂੰ ਸੁਧਾਰ ਘਰ ਬਣਾਉਣ ਵਿੱਚ ਕੋਈ ਵੀ ਕਦਮ ਨਹੀਂ ਉਠਾਇਆ :- ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ

## ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਕੇਂਦਰੀ ਜੇਲ੍ਹ ਲੁਧਿਆਣਾ ਦਾ ਅਚਨਚੇਤ ਨਿਰੀਖਣ




**ਲੁਧਿਆਣਾ, (ਸੁਖਚੈਨ ਮਹਿਰਾ)** ਪੰਜਾਬ ਦੇ ਜੇਲ੍ਹਾਂ ਅਤੇ ਟਰਾਂਸਪੋਰਟ ਵਿਭਾਗ ਦੇ ਕੈਬਨਿਟ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਸੋਮਵਾਰ ਨੂੰ ਸਥਾਨਕ ਕੇਂਦਰੀ ਜੇਲ੍ਹ ਦਾ ਅਚਨਚੇਤ ਨਿਰੀਖਣ ਕਰਨ ਲਈ ਪਹੁੰਚੇ।

ਜੇਲ੍ਹ ਨਿਰੀਖਣ ਤੋਂ ਬਾਅਦ ਸ੍ਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪਿਛਲੀਆਂ ਸੂਬਾ ਸਰਕਾਰਾਂ ਨੇ ਜੇਲ੍ਹਾਂ ਨੂੰ ਸੁਧਾਰ ਘਰ ਬਣਾਉਣ ਵਿੱਚ ਕੋਈ ਵੀ ਕਦਮ ਨਹੀਂ ਉਠਾਇਆ। ਇੱਥੇ ਗੈਂਗਸਟਰਾਂ ਦਾ ਬੋਲਬਾਲਾ ਸੀ ਪਰ ਹੁਣ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੇਲ੍ਹਾਂ ਨੂੰ ਸੁਧਾਰ ਘਰ ਬਣਾਇਆ ਹੈ। ਜੇਲ੍ਹਾਂ ਨੂੰ ਸਹੀ ਅਰਥਾਂ ਵਿੱਚ ਸੁਧਾਰ ਘਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਜੇਲ੍ਹਾਂ ਵਿੱਚੋਂ ਮੋਬਾਈਲ ਨਾਲ ਸਬੰਧਤ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਨਕੇਲ ਪਾਉਣ ਲਈ ਹਰੇਕ ਤਰ੍ਹਾਂ ਦਾ ਉਪਰਾਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਐਡਵਾਂਸਡ ਤਕਨੀਕ ਵਾਲੇ ਸੀ.ਸੀ.ਟੀ.ਵੀ ਕੈਮਰੇ ਸਥਾਪਤ ਕੀਤੇ ਗਏ ਹਨ। ਜੇਲ੍ਹ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਵਿਕਾਸ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ। ਉਹਨਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੁਪਨਿਆਂ ਦਾ ਪੰਜਾਬ ਦੇਖਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਾਥ ਦੇਣ। ਕੈਬਨਿਟ ਮੰਤਰੀ ਵੱਲੋਂ ਬੰਦੀ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਹਨਾਂ ਤੋਂ ਜੇਲ੍ਹ ਹਸਪਤਾਲ ਵਿੱਚ ਮਿਲ ਰਹੀਆਂ ਸਿਹਤ ਸਹੂਲਤਾਂ, ਦਿੱਤਾ ਜਾ ਰਿਹਾ ਖਾਣਾ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ। ਕੇਂਦਰੀ ਜੇਲ੍ਹ ਦੇ ਸੁਪਰਡੈਂਟ ਸ੍ਰੀ ਸ਼ਿਵਰਾਜ ਸਿੰਘ ਨੰਦਗੜ੍ਹ ਵੱਲੋਂ ਜੇਲ੍ਹ ਵਿਚ ਕੀਤੇ ਵਧੀਆ ਪ੍ਰਬੰਧਾ ਤੇ ਮੰਤਰੀ ਵੱਲੋਂ ਉਨ੍ਹਾਂ ਦੀ ਸ਼ਲਾਘਾ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਜੇਲ੍ਹ ਅੰਦਰ ਵਧੀਆ ਪ੍ਰਬੰਧ ਜਾਰੀ ਰੱਖਣ ਲਈ ਕਿਹਾ। ਇਸ ਤੋਂ ਪਹਿਲਾਂ ਉਹਨਾਂ ਜੇਲ੍ਹ ਦਾ ਨਿਰੀਖਣ ਕੀਤਾ ਅਤੇ ਤਸੱਲੀ ਪ੍ਰਗਟਾਈ। ਇਸ ਮੌਕੇ ਉਹਨਾਂ ਦੇ ਨਾਲ ਜੇਲ੍ਹ ਸੁਪਰਡੈਂਟ ਸ੍ਰੀ ਸ਼ਿਵਰਾਜ ਸਿੰਘ ਨੰਦਗੜ੍ਹ ਤੋਂ ਇਲਾਵਾ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਦੀ ਉਪ ਚੋਣ -2024 ਮੱਦੇਨਜ਼ਰ ਜ਼ਿਲ੍ਹਾ ਪੱਧਰ 'ਤੇ ਵੱਖ-ਵੱਖ ਸੈੱਲ ਸਥਾਪਿਤ : ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ




**ਗੁਰਦਾਸਪੁਰ-ਨਵਨੀਤ ਕੁਮਾਰ** - ਸ਼ਰੀ ਓਮ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਨ ਸਭਾ ਚੋਣ ਹਲਕਾ 10- ਡੇਰਾ ਬਾਬਾ ਨਾਨਕ ਦੀ ਉਪ ਚੋਣ -2024 ਦੇ ਮੱਦੇਨਜ਼ਰ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਵੱਖ-ਵੱਖ ਸੈੱਲ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਨੇ ਦੱਸਿਆ ਕਿ ਵੋਟਰ ਹੈਲਪਲਾਈਨ, ਰੂਮ ਨੰਬਰ 427, ਬਲਾਕ-ਬੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਸਪੁਰ ਵਿਖੇ ਸਥਾਪਿਤ ਕੀਤਾ ਗਿਆ ਹੈ। ਜਿਸ ਦੇ ਇੰਚਾਰਜ ਜ਼ਿਲ੍ਹਾ ਰੈਵੀਨਿਊ ਅਫ਼ਸਰ, ਗੁਰਦਾਸਪੁਰ ਹਨ। ਟੋਲ ਫ੍ਰੀ ਨੰਬਰ 1950 ਅਤੇ **byeelectonB@ BDcomplaint@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ ਜ਼ਿਲ੍ਹਾ ਕੰਟਰੋਲ ਰੂਮ, ਆਈ.ਸੀ.ਸੀ.ਸੀ. ਨੇੜੇ ਸੇਵਾ ਕੇਂਦਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਸਪੁਰ, ਵਿਖੇ ਸਥਾਪਤ ਕੀਤਾ ਗਿਆ। ਜਿਸ ਦੇ ਇੰਚਾਰਜ ਜ਼ਿਲ੍ਹਾ ਟਾਊਨ ਪਲਾਨਰ ਗੁਰਦਾਸਪੁਰ ਹਨ। ਟੋਲ ਫ੍ਰੀ ਨੰਬਰ 1800 180 1852 ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਾਂ ਸਬੰਧੀ ਸੈੱਲ ਰੂਮ ਨੰਬਰ 106, ਬਲਾਕ-ਬੀ,ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਸਪੁਰ ਵਿਖੇ ਸਥਾਪਤ ਕੀਤਾ ਗਿਆ। ਜਿਸ ਦੇ ਇੰਚਾਰਜ ਜ਼ਿਲ੍ਹਾ ਰੈਵੀਨਿਊ ਅਫ਼ਸਰ, ਗੁਰਦਾਸਪੁਰ ਹਨ। ਈ. ਮੇਲ ਆਈਡ: **byeelectonB@ BDcomplaint@gmail.com** ਹੈ। ਇਸੇ ਤਰ੍ਹਾਂ ਐਮ.ਸੀ.ਐਮ.ਸੀ. ਸੈੱਲ ਰੂਮ ਨੰਬਰ 314, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਸਪੁਰ ਵਿਖੇ ਸਥਾਪਤ ਕੀਤਾ ਗਿਆ। ਜਿਸ ਦੇ ਇੰਚਾਰਜ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਗੁਰਦਾਸਪੁਰ/ ਬਟਾਲਾ ਹਨ। ਉਨਾਂ ਦੇ ਦਫ਼ਤਰ ਦਾ ਟੈਲੀਫੋਨ ਨੰਬਰ 01874-244608 ਅਤੇ ਈ ਮੇਲ ਆਈਡ :**byeelectionB @BDmcmc@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ।

# 14 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ ਜ਼ਿਲ੍ਹਾ ਤੇ ਸੈਸ਼ਨ ਜੱਜ, ਸ੍ਰੀ ਰਜਿੰਦਰ ਅਗਰਵਾਲ

## ਲੋੜਵੰਦਾਂ ਲੋਕ, ਮੁਫ਼ਤ ਕਾਨੂੰਨੀ ਸੇਵਾਵਾਂ ਲੈਣ ਲਈ ਨਾਲਸਾ ਦੇ ਹੈਲਪਲਾਈਨ ਨੰਬਰ 15100 'ਤੇ ਸੰਪਰਕ ਕਰਨ



**ਗੁਰਦਾਸਪੁਰ-ਨਵਨੀਤ ਕੁਮਾਰ** - ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲ੍ਹੇ ਵਿੱਚ ਅਗਲੀ ਕੌਮੀ ਲੋਕ ਅਦਾਲਤ 14 ਦਸੰਬਰ 2024 ਨੂੰ ਲਗਾਈ ਜਾਵੇਗੀ।

ਰਾਸ਼ਟਰੀ ਲੋਕ ਅਦਾਲਤ ਦੀਆਂ ਤਿਆਰੀਆਂ ਸਬੰਧੀ, ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਵੱਲੋਂ ਅੱਜ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ, ਐਡੀਸ਼ਨਲ ਸ਼ੈਸਨ ਜੱਜ, ਸ੍ਰੀ ਪੀ. ਐਸ ਰਾਏ, ਸੀ. ਜੀ. ਐਮ, ਸ੍ਰੀ ਆਰ.ਐਸ ਚੀਮਾ, ਵਧੀਕ ਡਿਪਟੀ ਕਮਿਸ਼ਨਰ (ਜ),ਸੁਰਿੰਦਰ ਸਿੰਘ, ਮੈਡਮ ਰਮਨੀਤ ਕੌਰ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਗੁਰਦਾਸਪੁਰ, ਜ਼ਿਲ੍ਹਾ ਅਟਾਰਨੀ ਮੈਡਮ ਨੀਲਮ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਬਲਜਿੰਦਰ ਸਿੰਘ ਬਾਂਗੋਵਾਣੀ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ। 14 ਦਸੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਈਟ ਪਲੈਨ ਆਦਿ, ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐੱਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਿਤ ਕੋਰਟ ਵਿੱਚ ਜਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਦਫ਼ਤਰ ਦੇ ਕਮਰਾ ਨੰਬਰ 102 ਵਿਖੇ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫ਼ੈਸਲਾ ਅੰਤਿਮ ਹੁੰਦਾ ਹੈ। ਮੀਟਿੰਗ ਦੌਰਾਨ ਮੁਫ਼ਤ ਕਾਨੂੰਨੀ ਸੇਵਾਵਾਂ ਸਬੰਧੀ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ, ਮਾਲ ਵਿਭਾਗ ਨਾਲ ਸਬੰਧਿਤ ਕੇਸਾਂ, ਪੰਜਾਬ ਵਿਕਟਮ ਕੰਪਨਸੇਸ਼ਨ ਸਕੀਮ-2017 ਸਬੰਧੀ, ਜੇਲ੍ਹ ਵਿੱਚ ਬੰਦ ਬੰਦੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦੇਣ ਅਤੇ ਵੋਕੇਸ਼ਨਲ ਲਿਟਰੇਸੀ ਮੁਹਿੰਮ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲਸਾ ਹੈਲਪਲਾਈਨ ਨੰਬਰ 15100 ਬਾਰੇ ਵੀ ਲੋੜਵੰਦ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਹੈਲਪ ਲਾਈਨ ਨੰਬਰ ਜਾਰੀ ਕੀਤਾ ਗਿਆ ਹੈ, ਜਿਸ ਰਾਹੀਂ ਮੁਫਤ ਕਾਨੂੰਨੀ ਸੇਵਾਵਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।

ਰੋਜ਼ਾਨਾ ਲੋਕ ਬਾਣੀ
www.lokbani.com

# ਛਾਤੀ ਕੈਂਸਰ ਜਾਗਰੂਕਤਾ ਮਹੀਨਾ: ਸੁਖਨਾ ਝੀਲ ਗੁਲਾਬੀ ਰੰਗ ਵਿੱਚ ਰੌਸ਼ਨ




**ਚੰਡੀਗੜ੍ਹ, (ਲੋਕ ਬਾਣੀ)** ਛਾਤੀ ਦੇ ਕੈਂਸਰ ਜਾਗਰੂਕਤਾ ਮਹੀਨੇ ਤਹਿਤ ਮੈਕਸ ਹਸਪਤਾਲ, ਮੁਹਾਲੀ ਨੇ ਸੁਖਨਾ ਝੀਲ ਨੂੰ ਗੁਲਾਬੀ ਰੰਗ ਵਿੱਚ ਬਦਲਣ ਲਈ ਐਲਈਡੀ ਲਾਈਟਾਂ ਦੀ ਵਰਤੋਂ ਕੀਤੀ ਹੈ। ਇਹ ਪਹਿਲ ਛਾਤੀ ਦੇ ਕੈਂਸਰ ਦੀ ਸਮੇਂ ਸਿਰ ਪਛਾਣ ਅਤੇ ਇਲਾਜ ਦੀ ਮਹੱਤਤਾ ਨੂੰ ਉਜਾਗਰ ਕਰਨ ਦੇ ਨਾਲ-ਨਾਲ ਇਸ ਘਾਤਕ ਬਿਮਾਰੀ ਨੂੰ ਹਰਾਉਣ ਵਾਲਿਆਂ ਨੂੰ ਸਨਮਾਨਿਤ ਕਰਨ ਲਈ ਹਸਪਤਾਲ ਦੇ ਚੱਲ ਰਹੇ ਯਤਨਾਂ ਦਾ ਹਿੱਸਾ ਹੈ। ਸੁਖਨਾ ਝੀਲ ਦੇ ਨਾਲ-ਨਾਲ ਜੌਗਰਸ ਪਾਰਕ ਨੂੰ ਵੀ ਗੁਲਾਬੀ ਰੰਗ ਨਾਲ ਰੌਸ਼ਨ ਕੀਤਾ ਗਿਆ ਹੈ।

ਕਾਰਜਕਾਰੀ ਉਪ ਪ੍ਰਧਾਨ ਡਾ. ਪਿਨਾਕ ਮੌਦਗਿਲ ਨੇ ਦੱਸਿਆ ਕਿ ਸੁਖਨਾ ਦਾ ਇਹ ਪ੍ਰਤੀਕਾਤਮਕ ਗੁਲਾਬੀ ਪਰਿਵਰਤਨ ਛਾਤੀ ਦੇ ਕੈਂਸਰ ਨਾਲ ਜੂਝ ਰਹੇ ਲੋਕਾਂ ਨਾਲ ਸਾਡੀ ਇਕਜੁੱਟਤਾ ਨੂੰ ਦਰਸਾਉਂਦਾ ਹੈ। ਗੁਲਾਬੀ ਰੰਗ ਛਾਤੀ ਦੇ ਕੈਂਸਰ ਤੋਂ ਪ੍ਰਭਾਵਿਤ ਬਹੁਤ ਸਾਰੇ ਲੋਕਾਂ ਲਈ ਉਮੀਦ ਦਾ ਪ੍ਰਤੀਕ ਹੈ

# ਅੱਜ ਦਾ ਸ਼ੁਭ ਵਿਚਾਰ



ਸਾਨੂੰ ਕਰਮਾਂ ਕਾਂਢਾ ਤੂੰ ਮੁਕਤ ਹੋ ਕੇ ਸ਼ਬਦ ਗੁਰੂ ਨਾਲ ਜੁੜਨ ਦੀ ਲੋੜ ਹੈ ।ਇਸ ਲਈ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀਆਂ ਦੀ ਬਾਣੀ ਤੇ ਅਮਲ ਕਰਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ।

ਸ: ਮਨਜੀਤ ਸਿੰਘ ਧਾਮੀ

ਰੋਜ਼ਾਨਾ ਲੋਕ ਬਾਣੀ
www.lokbani.com

# ਈਟੀਟੀ 5994 ਭਰਤੀ : ਸਿੱਖਿਆ ਮੰਤਰੀ ਦੀ ਕੋਠੀ ਅੱਗੇ ਪੰਜ ਮਹਿਲਾ ਉਮੀਦਵਾਰਾਂ ਨੇ ਭੁੱਖ ਹੜਤਾਲ ਆਰੰਭੀ

## ਦੋ ਦਿਨਾਂ 'ਚ ਪੋਰਟਲ ਨਾ ਖੋਲਿਆ ਤਾਂ ਮਰਨ ਵਰਤ ਸ਼ੁਰੂ ਕਰਨ ਦਾ ਐਲਾਨ



**ਸ਼੍ਰੀ ਆਨੰਦਪੁਰ ਸਾਹਿਬ, ਦਵਿੰਦਰਪਾਲ ਸਿੰਘ):** ਪਿਛਲੇ ਚਾਰ ਦਿਨਾਂ ਤੋਂ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਪਿੰਡ ਗੰਭੀਰਪੁਰ 'ਚ ਸਥਿਤ ਕੋਠੀ ਅੱਗੇ ਧਰਨਾ ਦੇ ਰਹੇ ਈਟੀਟੀ ਟੈਟ ਪਾਸ 5994 ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਦੀਆਂ ਪੰਜ ਮਹਿਲਾ ਉਮੀਦਵਾਰਾਂ ਨੇ ਸੋਮਵਾਰ ਤੋਂ ਭੁੱਖ ਹੜਤਾਲ ਆਰੰਭ ਦਿੱਤੀ ਹੈ। ਇਸ ਦੇ ਨਾਲ ਹੀ ਭੁੱਖ ਹੜਤਾਲ 'ਤੇ ਬੈਠੀਆਂ ਪੰਜ ਮਹਿਲਾ ਉਮੀਦਵਾਰਾਂ ਸਰਬਜੀਤ ਕੌਰ ਫਾਜ਼ਿਲਕਾ, ਸ਼ਿਵਾਲੀ ਪਟਿਆਲਾ, ਸਿਮਰਨਜੀਤ ਕੌਰ ਮਾਨਸਾ, ਨਵਜੋਤ ਕੌਰ ਸ਼੍ਰੀ ਮੁਕਤਸਰ ਸਾਹਿਬ ਤੇ ਸਿਮਰਨਜੀਤ ਕੌਰ ਤਰਨਤਾਰਨ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਦੋ ਦਿਨਾਂ ਦੇ ਅੰਦਰ ਅੰਦਰ ਸਟੇਸ਼ਨ ਚੋਣ ਸਬੰਧੀ ਪੋਰਟਲ ਨਾ ਖੋਲਿਆ ਗਿਆ ਤਾਂ ਬੁੱਧਵਾਰ ਤੋਂ ਭੁੱਖ ਹੜਤਾਲ ਨੂੰ ਮਰਨ ਵਰਤ ਵਿੱਚ ਤਬਦੀਲ ਕਰ ਦਿੱਤਾ ਜਾਵੇਗਾ। ਕਿਉਂਕਿ ਸਾਡੀ ਭਰਤੀ ਪਹਿਲਾਂ ਹੀ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਡੇਢ ਸਾਲ ਲੇਟ ਹੋ ਚੁੱਕੀ ਹੈ ਪਰ ਹੁਣ ਅਸੀਂ ਇਸ ਭਰਤੀ ਨੂੰ ਹੋਰ ਨਹੀਂ ਲਟਕਣ ਦੇਵਾਂਗੇ।

ਇਸ ਦੇ ਨਾਲ ਹੀ ਯੂਨੀਅਨ ਦੇ ਦੋ ਉਮੀਦਵਾਰ ਅਨਮੋਲ ਬੱਲੂਆਣਾ ਅਤੇ ਆਦਰਸ਼ ਅਬੋਹਰ ਪਿਛਲੇ 18 ਦਿਨਾਂ ਤੋਂ ਪਿੰਡ ਢੇਰ ਵਿਖੇ ਪਾਣੀ ਵਾਲੀ ਟੈਂਕੀ ਉੱਪਰ ਬੈਠੇ ਹੋਏ ਹਨ। ਜਿਨਾਂ ਵਿੱਚੋਂ ਇੱਕ ਉਮੀਦਵਾਰ ਆਦਰਸ਼ ਅਬੋਹਰ ਦੀ ਸਿਹਤ ਲਗਾਤਾਰ ਵਿਗੜ ਰਹੀ ਹੈ ਪਰ ਪੰਜਾਬ ਸਰਕਾਰ ਲਗਾਤਾਰ ਯੂਨੀਅਨ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕਰ ਰਹੀ ਹੈ ਅਤੇ ਨੌਜਵਾਨਾਂ ਨੂੰ ਮਰਨ ਲਈ ਮਜਬੂਰ ਕਰ ਰਹੀ ਹੈ।

ਇਸ ਮੌਕੇ ਸੂਬਾ ਕਮੇਟੀ ਮੈਂਬਰ ਬੱਗਾ ਖੁਡਾਲ, ਪਰਮਪਾਲ ਫਾਜਿਲਕਾ, ਬੰਟੀ ਕੰਬੋਜ, ਕੁਲਵਿੰਦਰ ਬਰੇਟਾ, ਬਲਿਹਾਰ ਸਿੰਘ, ਅਸ਼ੋਕ ਬਾਵਾ, ਹਰੀਸ਼ ਫਾਜਿਲਕਾ ਅਤੇ ਪ੍ਰਗਟ ਬੋਹਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੌਜਵਾਨਾਂ ਦਾ ਸਬਰ ਪਰਖ ਰਹੀ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਦੇ ਚਾਰ ਹਲਕਿਆਂ ਅੰਦਰ ਹੋ ਰਹੀਆਂ ਜਿਮਣੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ। ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਆਉਣ ਵਾਲੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਮੇਤ ਕੈਬਨਿਟ ਮੰਤਰੀਆਂ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ ਅਤੇ ਰੋਸ ਵਜੋਂ ਕਾਲੀਆਂ ਝੰਡੀਆਂ ਦਿਖਾਈਆਂ ਜਾਣਗੀਆਂ।

ਇੱਥੇ ਹੀ ਬੱਸ ਨਹੀਂ ਹਰ ਇੱਕ ਉਮੀਦਵਾਰ ਦੇ ਹਲਕੇ ਦੇ ਵੱਖ-ਵੱਖ ਪਿੰਡਾਂ ਅੰਦਰ ਘਰ ਘਰ ਜਾ ਕੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਮਾੜੀਆਂ ਨੀਤੀਆਂ ਅਤੇ ਸਾਡੀ ਪਿਛਲੇ ਡੇਢ ਸਾਲ ਰੁਲ ਰਹੀ ਈਟੀਟੀ ਕਾਡਰ ਦੀ 5994 ਭਰਤੀ ਬਾਰੇ ਜਾਣੂ ਕਰਵਾਇਆ ਜਾਵੇਗਾ।

ਦੱਸਣਯੋਗ ਹੈ ਕਿ ਉਕਤ ਯੂਨੀਅਨ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਚ 29 ਸਤੰਬਰ 2024 ਤੋਂ ਆਰੰਭ ਕੀਤਾ ਰੋਸ ਧਰਨਾ ਅੱਜ 24ਵੇਂ ਦਿਨ ਵਿੱਚ ਦਾਖਲ ਹੋ ਚੁੱਕਿਆ ਹੈ। 24 ਦਿਨ ਬੀਤਣ ਦੇ ਬਾਵਜੂਦ ਵੀ ਸਿੱਖਿਆ ਮੰਤਰੀ ਨੇ ਮੀਟਿੰਗਾਂ ਦੌਰਾਨ ਸਿਰਫ ਲਾਰੇਬਾਜੀ ਤੋਂ ਇਲਾਵਾ ਹੋਰ ਕੁਝ ਨਹੀਂ ਕੀਤਾ। ਜਿਸ ਕਾਰਨ ਯੂਨੀਅਨ ਦਾ ਰੋਸ ਲਗਾਤਾਰ ਵੱਧਦਾ ਜਾ ਰਿਹਾ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਰਕਾਰੀ ਗਰਲਜ ਸੀਨੀਅਰ ਸੈਕੰਡਰੀ ਸਕੂਲ ਪੁਰਾਣੀ ਪੁਲਿਸ ਲਾਈਨ ਵਿੱਖੇ ਮੁਫ਼ਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਆਯੋਜਿਤ




**ਪਟਿਆਲਾ ( ਲੋਕ ਬਾਣੀ)** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮੈਡਮ ਮਨੀ ਅਰੋੜਾ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਅਗਵਾਈ ਹੇਠ ਸਿੱਖਿਆ ਵਿਭਾਗ ਪੰਜਾਬ ਤਹਿਤ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੰਜੀਵ ਸ਼ਰਮਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੱਕ ਮੁਫ਼ਤ ਕਾਨੂੰਨੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ( ਲੜਕੀਆਂ )ਵਿਖੇ ਕੀਤਾ ਗਿਆ ਗਿਆ।

ਇਸ ਮੌਕੇ ਉੱਘੇ ਸਮਾਜ ਸੇਵੀ, ਵਾਤਾਵਰਣ, ਸਾਹਿਤ ਸੰਗੀਤ ਤੇ ਕਲਾ ਪ੍ਰੇਮੀ ਰੋਟੇਰੀਅਨ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਅਤੇ ਪੈਟਰਨ ਇੰਡੀਅਨ ਰੈਡ ਕਰਾਸ ਸੁਸਾਇਟੀ ਪਟਿਆਲਾ ਸ਼ਾਖਾ ਅਤੇ ਸਾਬਕਾ ਪ੍ਰਧਾਨ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਵੱਲੋਂ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ, ਲੋਕ ਅਦਾਲਤਾਂ ਦੇ ਲਾਭ, ਸਥਾਈ ਤੌਰ 'ਤੇ ਪੇਸ਼ ਕੀਤੇ ਗਏ। ਲੋਕ ਅਦਾਲਤ (ਜਨਵਰੀ ਨੂੰ ਉਪਯੋਗੀ ਸੇਵਾਵਾਂ ਬਾਰੇ ਜਾਗਰੂਕ ਕੀਤਾ ਗਿਆ ਮੋਟੀਵੇਟਰ ਤੇ ਪੈਰਾ ਲੀਗਲ ਵਲੰਟੀਅਰ ਰੋਟੇਰੀਅਨ ਭਗਵਾਨ ਦਾਸ ਗੁਪਤਾ ਨੇ ਅਥਾਰਟੀ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਵੱਖ-ਵੱਖ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-2017 ਬਾਰੇ ਅਤੇ 10 ਦਸੰਬਰ 2024 ਨੂੰ ਲੱਗਣ ਵਾਲੀ ਲੋਕ ਅਦਾਲਤ ਬਾਰੇ ਵਿਸਥਾਰ ਵਿੱਚ ਦੱਸਿਆ ਸਕੂਲ ਆਫ਼ ਐਮੀਨੈਂਸ ਫੀਲਖਾਨਾ ਦੇ ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਧੰਨਵਾਦ ਪ੍ਰਗਟ ਕਰਦਿਆਂ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ ਅਤੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਰੁੱਖ ਲਗਾਉਣ 'ਤੇ ਜ਼ੋਰ ਦਿੱਤਾ,

ਇਸ ਮੌਕੇ ਸਕੂਲ ਸਟਾਫ਼, ਮਿਡ ਡੇ ਮੀਲ ਵਰਕਰ, ਮਾਪੇ ਅਤੇ ਵਿਦਿਆਰਥੀ ਹਾਜ਼ਰ ਸਨ।

# ਮੈਂ ਛੇ ਨੰਬਰ ਵਾਰਡ ਵਾਸੀਆਂ ਦਾ ਹਮੇਸ਼ਾ ਰਿਣੀ ਰਹਾਂਗਾ: ਮਨਜੀਤ ਸਿੰਘ ਘੋੜੀਆਂ ਵਾਲੇ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪੰਚਾਇਤੀ ਚੋਣਾਂ ਵਿੱਚ ਸ਼ੇਰ ਪ੍ਰਦੇਸ ਨੰਬਰ ਵਾਰਡ ਤੋਂ ਭਾਰੀ ਬਹੁਮਤ ਨਾਲ ਜੇਤੂ ਰਹੇ ਮਨਜੀਤ ਸਿੰਘ ਘੋੜੀਆਂ ਵਾਲਿਆ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੈਂ ਮੇਰੇ ਵਾਰਡ ਵਾਸੀਆਂ ਦਾ ਹਮੇਸ਼ਾ ਰਿਣੀ ਰਹਾਂਗਾ ਜਿਨਾਂ ਨੇ ਮੈਨੂੰ ਆਪਣੀ ਇੱਕ ਇੱਕ ਵੋਟ ਪਾ ਕੇ ਵੱਡਾ ਮਾਣ ਬਖਸ਼ਿਆ ਹੈ। ਉਹਨਾਂ ਕਿਹਾ ਹੈ ਕਿ ਕਸਬਾ ਸ਼ੇਰਪੁਰ ਅੰਦਰ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਭਰਤੀ, ਲੋੜਵੰਦ ਮਰੀਜ਼ਾਂ ਲਈ ਹਰ ਪ੍ਰਕਾਰ ਦੇ ਟੈਸਟ ਅਤੇ ਦਵਾਈਆਂ ਦੀ ਘਾਟ ਨੂੰ ਪੂਰਾ ਕਰਵਾਉਣਾ, ਕਾਸ਼ਬੇ ਅੰਦਰ ਸੀਵਰੇਜ ਦਾ ਪ੍ਰਬੰਧ ਕਰਨਾ, ਛੱਪੜਾਂ ਦਾ ਨਵੀਨੀਕਰਨ ਕਰਕੇ ਪਾਣੀ ਦੇ ਨਿਕਾਸ ਦਾ ਸਥਾਈ ਹੱਲ, ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਕਰਨ, ਵਾਰਡ ਦੀਆਂ ਅਧੂਰੀਆਂ ਗਲੀਆਂ ਨਾਲੀਆਂ ਨੂੰ ਮੁਕੰਮਲ ਕਰਵਾਉਣਾ ਤੋਂ ਇਲਾਵਾ ਸਰਕਾਰੀ ਸਕੀਮਾਂ ਨੂੰ ਹਰ ਲੋੜਵੰਦ ਤੱਕ ਪਹੁੰਚਾਉਣਾ ਉਨਾਂ ਦਾ ਮੁੱਖ ਮਕਸਦ ਹੋਵੇਗਾ। ਉਹਨਾਂ ਕਿਹਾ ਹੈ ਕਿ ਸਮੁੱਚੀ ਗ੍ਰਾਮ ਪੰਚਾਇਤ ਸਰਪੰਚ ਰਾਜਵਿੰਦਰ ਸਿੰਘ ਰਾਜ ਦੀ ਅਗਵਾਈ ਹੇਠ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰੇਗੀ ਅਤੇ ਹਰ ਵਿਅਕਤੀ ਨੂੰ ਪੂਰਾ ਮਾਨ ਸਨਮਾਨ ਅਤੇ ਬਿਨਾਂ ਕਿਸੇ ਭੇਦ ਦਾ ਭਾਵ ਤੋਂ ਉਹਨਾਂ ਦੇ ਕੰਮ ਕੀਤੇ ਜਾਣਗੇ ਅੰਤ ਵਿੱਚ ਉਹਨਾਂ ਵਾਹਿਗੁਰੂ ਪਰਮਾਤਮਾ ਦਾ ਸ਼ੁਕਰੀਆ ਅਦਾ ਕਰਦਿਆਂ ਕਿਹਾ ਹੈ ਕਿ ਪਰਮਾਤਮਾ ਸਮੁੱਚੇ ਪੰਚਾਇਤ ਨੂੰ ਕੰਮ ਕਰਨ ਦਾ ਬਲ ਬਖਸ਼ਣ। ਉਨਾਂ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਉਹ ਕਿ ਉਹ ਪੰਚਾਇਤ ਦਾ ਪੂਰਨ ਸਾਥ ਦਿੰਦੇ ਹੋਏ ਕਸਬਾ ਸੇਰਪੁਰ ਦੀ ਨੁਹਾਰ ਬਦਲ ਵਿੱਚ ਉਹਨਾਂ ਦਾ ਸਾਥ ਦੇਣ ਤਾਂ ਜੋ ਸ਼ੇਰਪੁਰ ਨੂੰ ਸਾਫ ਅਤੇ ਵਧੀਆ ਸ਼ਹਿਰ ਬਣਾਇਆ ਜਾ ਸਕੇ। ਇਸ ਮੌਕੇ ਉਹਨਾਂ ਨਾਲ ਹੋਰ ਵੀ ਸ਼ਖਸ਼ੀਅਤਾਂ ਹਾਜ਼ਰ ਸਨ।

# ਬਲਾਕ ਚੋਂ ਵੱਡੀ ਲੀਡ ਨਾਲ ਜੇਤੂ ਰਹੇ ਪਿੰਡ ਈਨਾ ਬਾਜਵਾ ਦੇ ਸਰਪੰਚ ਜਸਪਾਲ ਕੌਰ ਨੇ ਕੀਤਾ ਵੋਟਰਾਂ ਦਾ ਧੰਨਵਾਦ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਬਲਾਕ ਸ਼ੇਰਪੁਰ ਦੇ ਪਿੰਡ ਈਨਾ ਬਾਜਵਾ ਤੋਂ 1001ਵੋਟਾਂ ਦੀ ਵੱਡੀ ਲੀਡ ਲੈ ਕੇ ਜੇਤੂ ਰਹੇ ਸਰਪੰਚ ਬੀਬਾ ਜਸਪਾਲ ਕੌਰ ਪਤਨੀ ਜਸਵੀਰ ਸਿੰਘ ਸੋਮਾ ਨੇ ਵੋਟਰਾਂ ਦਾ ਧੰਨਵਾਦ ਕੀਤਾ।

ਉਹਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੈਂ ਅਤੇ ਮੇਰਾ ਸਮੁੱਚਾ ਪਰਿਵਾਰ ਨਗਰ ਦੇ ਹਮੇਸ਼ਾ ਰਿਣੀ ਰਹਾਂਗੇ ਜਿਨਾਂ ਨੇ ਉਹਨਾਂ ਦੇ ਸਿਰ ਉੱਪਰ ਐਡਾ ਵੱਡਾ ਕਾਰਜ ਚਾੜ ਦਿੱਤਾ। ਜਿਸ ਨੂੰ ਅਸੀਂ ਕੀਮਤ ਤੇ ਭਲਾ ਨਹੀਂ ਸਕਾਂਗੇ। ਉਹਨਾਂ ਅੱਗੇ ਆਖਿਆ ਹੈ ਕਿ ਵਾਹਿਗੁਰੂ ਪਰਮਾਤਮਾ ਦੇ ਅਸ਼ੀਰਵਾਦ ਅਤੇ ਨਗਰ ਨਿਵਾਸੀਆਂ ਦੇ ਦਿੱਤੇ ਸਹਿਯੋਗ ਨਾਲ ਉਹਨਾਂ ਦੀ ਸਮੁੱਚੀ ਗ੍ਰਾਮ ਪੰਚਾਇਤ ਪਿੰਡ ਅੰਦਰ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕਾਰਜ ਕਰੇਗੀ। ਜਿਸ ਵਿੱਚ ਨਗਰ ਦਾ ਸਹਿਯੋਗ ਬੇਹੱਦ ਜਰੂਰੀ ਹੋਵੇਗਾ। ਉਹਨਾਂ ਕਿਹਾ ਹੈ ਕਿ ਕੰਮ ਕਦੇ ਮੁੱਕਿਆ ਨਹੀਂ ਕਰਦੇ ਇਸ ਕਰਕੇ ਜਿੰਨੇ ਵੀ ਵਾਅਦੇ ਉਹਨਾਂ ਨਗਰ ਨਾਲ ਕੀਤੇ ਹਨ ਉਹਨਾਂ ਨੂੰ ਬਿਨਾਂ ਕਿਸੇ ਲਾਲਚ ਤੋਂ ਇਕ ਇਕ ਕਰਕੇ ਪੂਰਾ ਕੀਤਾ ਜਾਵੇਗਾ। ਅੰਤ ਵਿੱਚ ਉਹਨਾਂ ਨਗਰ ਨਿਵਾਸੀਆਂ ਦਾ ਜਿੱਥੇ ਤਹਿ ਦਿਲੋਂ ਧੰਨਵਾਦ ਕੀਤਾ ਉੱਥੇ ਭਰੋਸਾ ਦਵਾਇਆ ਕਿ ਉਹ ਅਤੇ ਉਨਾਂ ਦੀ ਸਮੁੱਚੀ ਗ੍ਰਾਮ ਪੰਚਾਇਤ ਪਿੰਡ ਦੀ ਨੁਹਾਰ ਬਦਲ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੇਗੀ। ਇਸ ਮੌਕੇ ਉਹਨਾਂ ਨਾਲ ਸਮੁੱਚੇ ਜੇਤੂ ਮੈਂਬਰ ਵੀ ਹਾਜ਼ਰ ਸਨ।

# ਦਾਨ ਉਤਸਵ-2024 ਨੂੰ ਮਿਲਿਆ ਭਰਵਾਂ ਹੁੰਗਾਰਾ; ਵਸਨੀਕਾਂ ਨੇ ਮਹਿਸੂਸ ਕੀਤੀ 'ਦਾਨ ਕਰਨ ਦੀ ਖੁਸ਼ੀ'

## ਏ.ਡੀ.ਸੀ ਡਾ. ਹਰਜਿੰਦਰ ਸਿੰਘ ਨੇ ਦੋ ਰੋਜ਼ਾ ਵੰਡ ਸਮਾਰੋਹ ਦੇ ਪਹਿਲੇ ਦਿਨ ਭਾਗੀਦਾਰਾਂ ਅਤੇ ਸਬੰਧਤ ਗੈਰ ਸਰਕਾਰੀ ਸੰਸਥਾਵਾਂ/ਐਸੋਸੀਏਸ਼ਨਾਂ ਦਾ ਕੀਤਾ ਸਨਮਾਨ

**ਲੁਧਿਆਣਾ, (ਸੁਖਚੈਨ ਮਹਿਰਾ)** 'ਦਾਨ ਉਤਸਵ-2024' ਨੂੰ ਵੱਖ-ਵੱਖ ਸ਼ਹਿਰਾਂ ਦੇ ਵਸਨੀਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਵਸਨੀਕਾਂ ਵੱਲੋਂ 1,00,000 ਤੋਂ ਵੱਧ ਕੱਪੜੇ, 5000 ਖਿਡੌਣੇ, 3000 ਜੋੜੇ ਜੁੱਤੀਆਂ, 2000 ਬਿਸਤਰੇ, 1500 ਬਰਤਨ, 3000 ਉਪਕਰਣ, ਕਰਿਆਨੇ, ਈ-ਵੇਸਟ ਆਦਿ ਦਾਨ ਕੀਤੇ ਗਏ ਹਨ।

'ਦਾਨ ਉਤਸਵ' ਤਹਿਤ ਦੋ-ਰੋਜ਼ਾ ਵੰਡ ਸਮਾਰੋਹ ਸੋਮਵਾਰ ਨੂੰ ਇਨਡੋਰ ਸਟੇਡੀਅਮ ਪੱਖੋਵਾਲ ਰੋਡ ਵਿਖੇ ਸ਼ੁਰੂ ਹੋਇਆ ਅਤੇ ਪਹਿਲੇ ਦਿਨ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ. ਪੇਂਡੂ ਵਿਕਾਸ) ਡਾ. ਹਰਜਿੰਦਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਦਾਨ ਉਤਸਵ ਵਿੱਚ ਭਾਗ ਲੈਣ ਵਾਲਿਆਂ ਅਤੇ ਸਬੰਧਤ ਗੈਰ ਸਰਕਾਰੀ ਸੰਸਥਾਵਾਂ/ਐਸੋਸੀਏਸ਼ਨਾਂ ਨੂੰ ਸਨਮਾਨਿਤ ਕੀਤਾ।

ਦਾਨ ਉਤਸਵ 2024 ਦਾ ਆਯੋਜਨ ਨਗਰ ਨਿਗਮ ਲੁਧਿਆਣਾ ਵੱਲੋਂ ਸਿਟੀ ਨੀਡਜ਼ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ। ਲੁਧਿਆਣਾ, ਜਲੰਧਰ, ਅੰਮ੍ਰਿਤਸਰ, ਮੁਹਾਲੀ, ਚੰਡੀਗੜ੍ਹ, ਰੋਪੜ ਅਤੇ ਪਟਿਆਲਾ ਤੋਂ ਇਲਾਵਾ ਇਸ ਸਾਲ ਪੰਚਕੂਲਾ (ਹਰਿਆਣਾ) ਅਤੇ ਦਿੱਲੀ ਵਿੱਚ ਵੀ ਉਤਸਵ ਮਨਾਇਆ ਗਿਆ।

ਦਾਨ ਉਤਸਵ ਦੇ ਤਹਿਤ ਦਾਨ ਇਕੱਤਰ ਕਰਨ ਦੀ ਮੁਹਿੰਮ ਅਕਤੂਬਰ ਦੇ ਪਹਿਲੇ ਹਫ਼ਤੇ ਦੌਰਾਨ ਆਯੋਜਿਤ ਕੀਤੀ ਗਈ ਸੀ ਅਤੇ ਵੱਖ-ਵੱਖ ਸ਼ਹਿਰਾਂ ਵਿੱਚ ਡਰਾਪਿੰਗ ਸੈਂਟਰ ਸਥਾਪਿਤ ਕੀਤੇ ਗਏ ਸਨ ਜਿੱਥੇ ਵਸਨੀਕ ਲੋੜਵੰਦ ਵਿਅਕਤੀਆਂ




ਲਈ ਪੁਰਾਣੀਆਂ/ਨਵੀਂਆਂ ਵਸਤਾਂ ਦਾਨ ਕਰ ਸਕਦੇ ਸਨ। ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਅਤੇ ਡਾਇਰੈਕਟਰ ਸਿਟੀ ਨੀਡਜ਼ ਮਨੀਤ ਦੀਵਾਨ ਨੇ ਦੱਸਿਆ ਕਿ ਇਸ ਉਤਸਵ ਵਿੱਚ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ, ਜੋ ਕਿ ਇੱਕ ਅਗਾਂਹਵਧੂ ਸਮਾਜ ਲਈ ਸ਼ੁੱਭ ਸੰਕੇਤ ਹੈ। ਸੇਖੋਂ ਅਤੇ ਦੀਵਾਨ ਨੇ ਦੱਸਿਆ ਕਿ ਇਸ ਉਤਸਵ ਦਾ ਆਯੋਜਨ ਡਿਪਟੀ ਕਮਿਸ਼ਨਰ (ਡੀ.ਸੀ.) ਜਤਿੰਦਰ ਜੋਰਵਾਲ ਅਤੇ ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਦੀ ਅਗਵਾਈ ਹੇਠ ਕੀਤਾ ਗਿਆ। ਇਹ ਉਤਸਵ ਭਾਰਤ ਸਰਕਾਰ ਦੁਆਰਾ ਸ਼ੁਰੂ ਕੀਤੇ ਗਏ ਆਰ.ਆਰ.ਆਰ ਅਰਥਾਤ ਰੀਡਿਊਸ, ਰੀਯੂਜ਼ ਅਤੇ ਰੀਸਾਈਕਲ ਅਤੇ ਮਿਸ਼ਨ ਲਾਈਫ ਨੂੰ ਉਤਸ਼ਾਹਿਤ ਕਰਦਾ ਹੈ।

ਇਸ ਉਤਸਵ ਦੌਰਾਨ 34 ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ, ਲੋਧੀ ਕਲੱਬ ਦੇ ਮੈਂਬਰਾਂ ਅਤੇ ਉਦਯੋਗਿਕ ਐਸੋਸੀਏਸ਼ਨਾਂ ਦੇ ਕਰਮਚਾਰੀਆਂ ਜਿਨ੍ਹਾਂ ਵਿੱਚ ਯੂ.ਸੀ.ਪੀ.ਐਮ.ਏ, ਫਿਕੋ ਆਦਿ ਸ਼ਾਮਲ ਹਨ, ਨੇ ਵੀ ਸਮੱਗਰੀ ਦਾਨ ਕੀਤੀ ਹੈ। ਐਕਟ ਹਿਊਮਨ; ਮਾਰਸ਼ਲ ਏਡ; ਸਮਾਲ ਆਈਡਿਆ, ਗ੍ਰੇਟ ਆਈਡਿਆ ਸਮੇਤ ਵੱਖ-ਵੱਖ ਐਨ.ਜੀ.ਓਜ਼ ਨੂੰ ਵੀ ਉਹਨਾਂ ਦੀ ਸਰਗਰਮ ਭਾਗੀਦਾਰੀ ਲਈ ਪ੍ਰਸ਼ੰਸਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਪਹਿਲੇ ਦਿਨ ਵੰਡ ਸਮਾਰੋਹ ਵਿੱਚ ਸਿਵਲ ਸਰਜਨ ਪਰਦੀਪ ਕੁਮਾਰ ਮਹਿੰਦਰਾ, ਪ੍ਰਧਾਨ ਫਿਕੋ ਗੁਰਮੀਤ ਸਿੰਘ ਕੁਲਾਰ, ਪ੍ਰਧਾਨ ਯੂ.ਸੀ.ਪੀ.ਐਮ.ਏ ਹਰਸਿਮਰਨਜੀਤ ਸਿੰਘ ਲੱਕੀ, ਐਕਟ ਹਿਊਮਨ ਤੋਂ ਹਰਲੀਨ ਕੌਰ ਨੇ ਵੀ ਸ਼ਿਰਕਤ ਕੀਤੀ। ਸੇਖੋਂ ਅਤੇ ਦੀਵਾਨ ਨੇ ਦੱਸਿਆ ਕਿ ਦਾਨ ਕੀਤੀ ਸਮੱਗਰੀ ਡਰਾਪਿੰਗ ਸੈਂਟਰਾਂ ਤੋਂ ਇਕੱਠੀ ਕਰ ਲਈ ਗਈ ਹੈ ਅਤੇ ਇਸ ਨੂੰ ਹੁਣ ਇਨਡੋਰ ਸਟੇਡੀਅਮ ਵਿੱਚ ਰੱਖ ਦਿੱਤਾ ਗਿਆ ਹੈ। ਸਮੱਗਰੀ ਨੂੰ ਵੱਖ-ਵੱਖ ਕਰ ਦਿੱਤਾ ਗਿਆ ਹੈ ਅਤੇ ਹੁਣ ਇਹ ਗੈਰ ਸਰਕਾਰੀ ਸੰਸਥਾਵਾਂ ਆਦਿ ਰਾਹੀਂ ਲੋੜਵੰਦ ਵਿਅਕਤੀਆਂ ਵਿੱਚ ਵੰਡੀ ਜਾਵੇਗੀ। ਵੰਡ ਸਮਾਰੋਹ ਮੰਗਲਵਾਰ ਨੂੰ ਵੀ ਇਨਡੋਰ ਸਟੇਡੀਅਮ ਵਿੱਚ ਜਾਰੀ ਰਹੇਗਾ। ਏ.ਡੀ.ਸੀ ਡਾ. ਹਰਜਿੰਦਰ ਸਿੰਘ ਨੇ ਸਿਟੀ ਨੀਡਜ਼, ਐਕਟ ਹਿਊਮਨ ਅਤੇ ਹੋਰ ਸਬੰਧਤ ਐਨ.ਜੀ.ਓਜ਼ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਉਪਰਾਲਾ ਜਰੂਰਤਮੰਦ ਵਿਅਕਤੀਆਂ ਦੇ ਚਿਹਰੇ 'ਤੇ ਮੁਸਕਾਨ ਲਿਆਵੇਗਾ। ਉਨ੍ਹਾਂ ਅੱਗੇ ਕਿਹਾ ਕਿ ਵਸਨੀਕਾਂ ਨੂੰ ਸਮਾਜ ਦੀ ਬਿਹਤਰੀ ਲਈ ਬੱਚਿਆਂ ਵਿੱਚ ਦੂਜਿਆਂ ਦੀ ਮਦਦ ਕਰਨ ਦੇ ਸੱਭਿਆਚਾਰ ਨੂੰ ਅੱਗੇ ਵਧਾਉਣਾ ਚਾਹੀਦਾ ਹੈ।

*(ਉਪ ਸਿਰਲੇਖ) ਸਮਾਪਤੀ ਸਮਾਰੋਹ ਦੌਰਾਨ 'ਗ੍ਰੀਨ ਉਤਸਵ' ਪ੍ਰਦਰਸ਼ਨੀ ਅਤੇ ਖੂਨਦਾਨ ਕੈਂਪ ਲਗਾਇਆ ਗਿਆ:*

ਵੰਡ ਸਮਾਰੋਹ ਦੌਰਾਨ, ਵਸਨੀਕਾਂ ਲਈ ਉਪਯੋਗੀ ਚੀਜ਼ਾਂ ਬਣਾਉਣ ਲਈ ਕੂੜੇ ਦੀ ਰੀਸਾਈਕਲਿੰਗ/ਦੁਬਾਰਾ ਵਰਤੋਂ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ 'ਗ੍ਰੀਨ ਉਤਸਵ' ਪ੍ਰਦਰਸ਼ਨੀ ਲਗਾਈ ਗਈ। ਵੱਖ-ਵੱਖ ਗੈਰ ਸਰਕਾਰੀ ਸੰਸਥਾਵਾਂ, ਸੈਲਫ ਹੈਲਪ ਗਰੁੱਪਾਂ ਆਦਿ ਨੇ ਆਪਣੇ ਸਟਾਲ ਲਗਾਏ ਹਨ ਅਤੇ ਇਹ ਪ੍ਰਦਰਸ਼ਨੀ ਮੰਗਲਵਾਰ ਨੂੰ ਵੀ ਜਾਰੀ ਰਹੇਗੀ।

ਸਟਾਲਾਂ ਵਿੱਚ ਜੈਵਿਕ ਵਸਤੂਆਂ, ਨਵੀਨੀਕਰਨ ਊਰਜਾ ਹੱਲ, ਕੂੜਾ ਪ੍ਰਬੰਧਨ ਅਤੇ ਈਕੋ-ਫਰੈਂਡਲੀ ਦੀਵਾਲੀ ਦੇ ਤੋਹਫ਼ੇ ਵੀ ਪ੍ਰਦਰਸ਼ਿਤ ਕੀਤੇ ਗਏ ਹਨ।

ਵੰਡ ਸਮਾਰੋਹ ਦੇ ਪਹਿਲੇ ਦਿਨ ਖੂਨਦਾਨ ਕੈਂਪ ਵੀ ਲਗਾਇਆ ਗਿਆ।

# ਪੁਲਿਸ ਯਾਦਗਾਰੀ ਦਿਵਸ ਮਨਾਇਆ, ਸੀ.ਪੀ ਅਤੇ ਡੀ.ਸੀ ਨੇ ਪੁਲਿਸ ਲਾਈਨਜ਼ ਵਿੱਚ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

## ਸਾਨੂੰ ਮਿਲ ਕੇ ਦੇਸ਼ ਵਿਰੋਧੀ ਤਾਕਤਾਂ ਦਾ ਮੁਕਾਬਲਾ ਕਰਨਾ ਚਾਹੀਦਾ ਹੈ :- ਪੁਲਿਸ ਕਮਿਸ਼ਨਰ

**ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)** ਪੁਲਿਸ ਕਮਿਸ਼ਨਰ ਸ੍ਰੀ ਕੁਲਦੀਪ ਸਿੰਘ ਚਾਹਲ ਅਤੇ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸੋਮਵਾਰ ਨੂੰ ਪੁਲਿਸ ਯਾਦਗਾਰੀ ਦਿਵਸ ਮੌਕੇ ਪੁਲਿਸ ਲਾਈਨਜ਼ ਵਿਖੇ ਪੁਲਿਸ ਅਤੇ ਅਰਧ ਸੈਨਿਕ ਬਲਾਂ ਨਾਲ ਸਬੰਧਤ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਬੋਲਦਿਆਂ ਪੁਲਿਸ ਕਮਿਸ਼ਨਰ ਸ੍ਰੀ ਕੁਲਦੀਪ ਸਿੰਘ ਚਾਹਲ ਨੇ ਲੋਕਾਂ ਨੂੰ ਦੇਸ਼ ਵਿਰੋਧੀ ਤਾਕਤਾਂ ਦਾ ਡਟ ਕੇ ਮੁਕਾਬਲਾ ਕਰਨ ਲਈ ਪ੍ਰੇਰਿਤ ਕੀਤਾ, ਉਨ੍ਹਾਂ ਕਿਹਾ ਕਿ ਸਾਡੇ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਸਦਕਾ ਹੀ ਅਸੀਂ ਸਾਰੇ ਸ਼ਾਂਤੀਪੂਰਨ ਮਾਹੌਲ ਅਤੇ ਭਾਈਚਾਰਕ ਸਾਂਝ ਵਿੱਚ ਰਹਿ ਰਹੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲ ਸਕਦੇ।

ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਤੇ ਸੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ, ਸਾਬਕਾ ਡੀ.ਜੀ.ਪੀ ਸ੍ਰੀ ਡੀ.ਆਰ. ਭੱਟੀ, ਗੁਰਦਰਸ਼ਨ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਏ.ਸੀ.ਪੀ ਰੂਪਦੀਪ ਕੌਰ ਦੀ ਅਗਵਾਈ ਵਿੱਚ ਪੁਲੀਸ ਦੀ ਟੁਕੜੀ ਨੇ ਸ਼ਹੀਦਾਂ ਨੂੰ ਸਲਾਮੀ ਦਿੱਤੀ ਅਤੇ ਇਸ ਮੌਕੇ ਹਾਜ਼ਰ



ਅਧਿਕਾਰੀਆਂ ਅਤੇ ਪਤਵੰਤਿਆਂ ਨੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਏ.ਸੀ.ਪੀ (ਹੈੱਡਕੁਆਰਟਰ) ਸ੍ਰੀ ਰਵਿੰਦਰ ਸਿੰਘ ਢਿੱਲੋਂ ਵੱਲੋਂ ਪਿਛਲੇ ਇੱਕ ਸਾਲ ਦੌਰਾਨ ਜਾਨਾਂ ਵਾਰਨ ਵਾਲੇ ਪੁਲਿਸ ਅਤੇ ਨੀਮ ਫੌਜੀ ਬਲਾਂ ਦੇ ਅਧਿਕਾਰੀਆਂ ਅਤੇ ਜਵਾਨਾਂ ਦੇ ਨਾਵਾਂ ਦੀ ਸੂਚੀ ਵੀ ਪੜ੍ਹ ਕੇ ਸੁਣਾਈ ਗਈ।

ਪੁਲਿਸ ਯਾਦਗਾਰੀ ਦਿਵਸ ਪਰੇਡ ਦੀ ਇਤਿਹਾਸਕ ਮਹੱਤਤਾ ਬਾਰੇ ਦੱਸਦਿਆਂ ਚਾਹਲ ਨੇ ਦੱਸਿਆ ਕਿ ਇਹ ਦਿਨ ਸਾਰੇ ਰਾਜਾਂ ਦੀ ਪੁਲਿਸ ਅਤੇ ਦੇਸ਼ ਭਰ ਵਿੱਚ ਨੀਮ ਫ਼ੌਜੀ ਬਲਾਂ ਵੱਲੋਂ ਸੀ.ਆਰ.ਪੀ.ਐਫ ਦੇ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਲਈ ਮਨਾਇਆ ਜਾਂਦਾ ਹੈ, ਜਿਨ੍ਹਾਂ ਨੇ 21 ਅਕਤੂਬਰ, 1959 ਨੂੰ ਚੀਨੀ ਫੌਜ ਦੁਆਰਾ ਕੀਤੇ ਗਏ ਹਮਲੇ ਦੌਰਾਨ ਹੌਟ ਸਪ੍ਰਿੰਗਜ਼ (ਲਦਾਖ) ਵਿਖੇ ਸ਼ਹੀਦੀ ਪ੍ਰਾਪਤ ਕੀਤੀ ਸੀ। ਉਨ੍ਹਾਂ ਦੱਸਿਆ ਕਿ ਹਰ ਸਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਪੁਲਿਸ ਅਤੇ ਅਰਧ ਸੈਨਿਕ ਬਲਾਂ ਨਾਲ ਸਬੰਧਤ ਸਾਰੇ ਸ਼ਹੀਦਾਂ ਦੀ ਸ਼ਹਾਦਤ ਨੂੰ ਸਲਾਮ ਕਰਨ ਲਈ ਪੁਲਿਸ ਯਾਦਗਾਰੀ ਦਿਵਸ ਮਨਾਇਆ ਜਾਂਦਾ ਹੈ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਅੱਤਵਾਦ ਦੇ ਕਾਲੇ ਦਿਨਾਂ ਦੌਰਾਨ ਲੁਧਿਆਣਾ ਪੁਲਿਸ ਦੇ ਕੁੱਲ 117 ਪੁਲਿਸ ਮੁਲਾਜ਼ਮਾਂ ਨੇ ਅੱਤਵਾਦ ਦਾ ਮੁਕਾਬਲਾ ਕਰਦੇ ਹੋਏ ਆਪਣੀਆਂ ਜਾਨਾਂ ਵਾਰ ਦਿੱਤੀਆਂ। ਉਹਨਾਂ ਭਰੋਸਾ ਦਿਵਾਇਆ ਕਿ ਪੰਜਾਬ ਪੁਲਿਸ ਇਹਨਾਂ ਦੇ ਪਰਿਵਾਰਾਂ ਨਾਲ ਖੜ੍ਹੀ ਹੈ, ਜੋ ਕਿ ਲੁਧਿਆਣਾ ਵਿੱਚ ਰਹਿ ਰਹੇ ਹਨ।

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਪੰਜਾਬ ਵਿੱਚ ਅੱਤਵਾਦ ਦਾ ਮੁਕਾਬਲਾ ਕਰਨ ਦੇ ਨਾਲ-ਨਾਲ ਦੂਜੇ ਰਾਜਾਂ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਅੰਦਰੂਨੀ ਗੜਬੜੀਆਂ ਦਾ ਮੁਕਾਬਲਾ ਕਰਨ ਲਈ ਦਿੱਤੀਆਂ ਕੁਰਬਾਨੀਆਂ ਦੀ ਵੀ ਸ਼ਲਾਘਾ ਕੀਤੀ।

ਬਾਅਦ ਵਿਚ ਪੁਲਿਸ ਕਮਿਸ਼ਨਰ ਅਤੇ ਡਿਪਟੀ ਕਮਿਸ਼ਨਰ ਦੋਵਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਕੰਬਲ ਵੀ ਵੰਡੇ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਸਮੂਹ ਜੁਆਇੰਟ ਸੀ.ਪੀਜ਼, ਡੀ.ਸੀ.ਪੀਜ਼, ਏ.ਡੀ.ਸੀ.ਪੀਜ਼, ਏ.ਸੀ.ਪੀਜ਼, ਐਸ.ਐਚ.ਓਜ਼, ਪੁਲਿਸ ਮੁਲਾਜ਼ਮਾਂ ਤੋਂ ਇਲਾਵਾ ਕਈ ਹੋਰ ਹਾਜ਼ਰ ਸਨ।

Email:- lokbani08@gmail.com

# ਪੰਜਾਬ ਪੁਲਿਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ



**ਲੁਧਿਆਣਾ ( ਸੁਖਚੈਨ ਮਹਿਰਾ)** ਪੰਜਾਬ ਪੁਲਿਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ : ਇਹ ਮਾਣ ਵਾਲੀ ਗੱਲ ਹੈ ਕਿ ਹਰ ਸਾਲ 21 ਅਕਤੂਬਰ ਦਾ ਦਿਨ ਪੁਲਿਸ ਦੇ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹੈ, ਜਿਨ੍ਹਾਂ ਨੇ ਆਪਣੀ ਡਿਊਟੀ ਨਿਭਾਉਂਦੇ ਹੋਏ ਲਾਸਾਨੀ ਕੁਰਬਾਨੀਆਂ ਦਿੱਤੀਆਂ ਸਨ। ਜਦੋਂ ਸਬ-ਇੰਸਪੈਕਟਰ ਕਰਮ ਸਿੰਘ ਦੀ ਅਗਵਾਈ ਹੇਠ ਕੇਂਦਰੀ ਰਿਜ਼ਰਵ ਪੁਲਿਸ ਬਲ (ਸੀ.ਆਰ.ਪੀ.ਐਫ.) ਦੀ ਗਸ਼ਤ ਕਰ ਰਹੀ ਟੁਕੜੀ 'ਤੇ ਲੱਦਾਖ ਦੇ ਹੌਟ ਸਪ੍ਰਿੰਗਜ਼ ਵਿਖੇ ਚੀਨੀ ਸੈਨਿਕਾਂ ਵੱਲੋਂ ਅਚਾਨਕ ਹਮਲਾ ਕਰ ਦਿੱਤਾ ਗਿਆ, ਜਿਸ ਵਿੱਚ ਕੇਂਦਰੀ ਰਿਜ਼ਰਵ ਪੁਲਿਸ ਬਲ ਦੇ 10 ਜਵਾਨ ਸ਼ਹੀਦ ਹੋ ਗਏ, ਜਿਸ ਦਾ ਸਾਹਮਣਾ ਸਭ ਨੇ ਕੀਤਾ। 16,000 ਫੁੱਟ ਦੀ ਉਚਾਈ 'ਤੇ ਖਰਾਬ ਮੌਸਮ ਅਤੇ ਕੜਾਕੇ ਦੀ ਠੰਡ 'ਚ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ, ਉਨ੍ਹਾਂ ਵੱਲੋਂ ਦਿਖਾਈ ਗਈ ਬੇਮਿਸਾਲ ਬਹਾਦਰੀ ਅਤੇ ਕੁਰਬਾਨੀ, ਉਨ੍ਹਾਂ ਦੀ ਡਿਊਟੀ ਪ੍ਰਤੀ ਸਮਰਪਣ ਅਤੇ ਬੇਮਿਸਾਲ ਸਾਹਸ, ਇਹ ਇਤਿਹਾਸਕ ਦਿਨ ਸਾਨੂੰ ਬਹਾਦਰ ਸੈਨਿਕਾਂ ਦੀ ਅਦੁੱਤੀ ਕੁਰਬਾਨੀ ਅਤੇ ਬੇਮਿਸਾਲ ਬਹਾਦਰੀ ਦੀ ਯਾਦ ਦਿਵਾਉਂਦਾ ਹੈ। ਦੇਸ਼ ਭਰ ਵਿੱਚ ਪੁਲਿਸ ਅਤੇ ਅਰਧ-ਸੈਨਿਕ ਬਲਾਂ ਦੇ, ਜਿਨ੍ਹਾਂ ਨੇ ਦੇਸ਼ ਅਤੇ ਇਸਦੇ ਨਾਗਰਿਕਾਂ ਨੂੰ ਅੰਦਰੂਨੀ ਅਤੇ ਬਾਹਰੀ ਖਤਰਿਆਂ ਤੋਂ ਬਚਾਉਣ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਆਪਣੀ ਜਾਨ ਕੁਰਬਾਨ ਕਰਨਾ ਸਾਡਾ ਫਰਜ਼ ਹੈ ਅਸੀਂ ਇਨ੍ਹਾਂ ਸਾਰੇ ਬਹਾਦਰ ਸੈਨਿਕਾਂ ਨੂੰ ਦਿਲੋਂ ਸ਼ਰਧਾਂਜਲੀ ਭੇਂਟ ਕਰਦੇ ਹਾਂ, ਜਿਨ੍ਹਾਂ ਨੇ ਭਾਈਚਾਰਕ ਸਾਂਝ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰੀ ਅਖੰਡਤਾ ਨੂੰ ਕਾਇਮ ਰੱਖਣ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ ਪੰਜਾਬ ਪੁਲਿਸ ਉਨ੍ਹਾਂ ਮਹਾਨ ਨਾਇਕਾਂ ਦੀਆਂ ਕੁਰਬਾਨੀਆਂ ਨੂੰ ਸਲਾਮ ਕਰਦੀ ਹੈ, ਜਿਨ੍ਹਾਂ ਨੇ ਸੂਬਾ ਪੁਲਿਸ ਬਲ ਦੀ ਅਮੀਰ ਵਿਰਾਸਤ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਮਿਸਾਲੀ ਸੇਵਾਵਾਂ ਨਿਭਾਈਆਂ ਹਨ ਪੰਜਾਬ ਪੁਲਿਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਟ੍ਰੈਫਿਕ ਮਾਰਸ਼ਲ ਲੁਧਿਆਣਾ ਦੇ ਸਾਬਕਾ ਇੰਚਾਰਜ ਅਮਰਜੀਤ ਸਿੰਘ ਭੱਟੀ ਨੇ ਕਿਹਾ ਕਿ ਉਹ ਨਸ਼ਿਆਂ, ਗੈਂਗਸਟਰਾਂ ਅਤੇ ਹੋਰ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਜੰਗ ਲੜ ਰਹੇ ਹਨ। , ਨਵਜੋਤ ਸਿੰਘ ਭੱਟੀ ਅਤੇ ਰਾਜਵੀਰ ਸਿੰਘ ਭੱਟੀ ਨੇ ਵੀ ਪੰਜਾਬ ਪੁਲਿਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ

# ਨਗਰ ਨਿਗਮ ਸਟਰੀਟ ਵਿਭਾਗ ਦੀ ਲਾਪਰਵਾਹੀ.....

## ਚੌਂਕ ਇੱਕ ਲਾਈਟਾਂ ਦੋ, ਲੰਘੀਏ ਕਿ ਰੁਕੀਏ,ਚੱਕਰਾਂ ਵਿੱਚ ਪਾਏ ਲੋਕ

### ਮੇਅਰ ਕਰਮਜੀਤ ਸਿੰਘ ਰਿੰਟੂ ਸਮੇਂ 2.30 ਕਰੋੜ ਦੀਆਂ ਨਵੀਆਂ ਲਾਈਟਾਂ ਲਗਾਉਣ ਦਾ ਮਤਾ ਕੀਤਾ ਸੀ ਪਾਸ



**ਅੰਮ੍ਰਿਤਸਰ,( ਲੋਕ ਬਾਣੀ)** ਗੁਰੂ ਨਗਰੀ ਦੇ ਵਿੱਚ ਪੁਰਾਣੀਆਂ ਜਗ ਦੀਆਂ ਲਾਈਟਾਂ ਦੀ ਜਗ੍ਹਾ ਨਵੇਂ ਐਸਟੀਮੇਟ ਬਣਾ ਕੇ ਨਵੀਆਂ ਲਾਈਟਾਂ ਦੇ ਨਾਮ ਤੇ ਕਰੋੜਾਂ ਰੁਪਏ ਖਰਚ ਕਰਨ ਦੇ ਬਾਵਜੂਦ ਵੀ ਨਗਰ ਨਿਗਮ ਦੇ ਸਟਰੀਟ ਵਿਭਾਗ ਦਾ ਸਿਸਟਮ ਸ਼ੱਕ ਦੇ ਘੇਰੇ ਵਿੱਚ ਆ ਰਿਹਾ ਹੈ। ਪਹਿਲੀਆਂ ਲਾਈਟਾਂ ਲਗਾਉਣ ਵਾਲੇ ਕੰਪਨੀਆਂ ਵੱਲੋਂ ਲਿਖਤ ਦੇ ਦੌਰਾਨ ਕੀਤੀ ਜਾਣ ਵਾਲੀ ਮੈਂਟੀਨੈਂਸ ਵੀ ਨਿਗਮ ਅਧਿਕਾਰੀਆਂ ਦੀ ਅਣਦੇਖੀ ਦੇ ਚੱਲਦਿਆਂ ਹਵਾ ਹਵਾਈ ਹੋ ਗਈ ਹੈ। ਸ਼ਹਿਰ ਦੇ ਕਈ ਚੌਂਕਾਂ ਦੇ ਵਿੱਚ ਟਰੈਫਿਕ ਲਾਈਟਾਂ ਦੀ ਮਾੜੀ ਕਾਰਗੁਜ਼ਾਰੀ ਦੇ ਚਲਦਿਆਂ ਰਾਹਗੀਰ ਚੱਕਰ ਵਿਊ ਵਿੱਚ ਪੈ ਰਹੇ ਹਨ। ਕਿਉਂਕਿ ਨਵੀਆਂ ਲਾਈਟਾਂ ਦੇ ਨਾਲ ਨਾਲ ਪੁਰਾਣੀਆਂ ਲਾਈਟਾਂ ਵੀ ਕੰਮ ਕਰ ਰਹੀਆਂ ਹਨ। ਅਗਰ ਨਵੀਆਂ ਲਾਈਟਾਂ ਤੇ ਲਾਲ ਬੱਤੀ ਹੈ ਤਾਂ ਪੁਰਾਣੀਆਂ ਲਾਈਟਾਂ ਤੇ ਹਰੀ ਲਾਈਟ ਜੱਗ ਰਹੀ ਹੁੰਦੀ ਹੈ। ਚੌਂਕ ਦੇ ਵਿੱਚ ਖੜੇ ਰਾਹਗੀਰਾਂ ਨੂੰ ਸਮਝ ਨਹੀਂ ਆਉਂਦਾ ਕਿ ਉਹ ਰੁਕੇ ਜਾਂ ਚੌਂਕ ਦੇ ਵਿੱਚੋਂ ਨਿਕਲ ਜਾਵੇ। ਅਗਰ ਉਹ ਹਰੀ ਲਾਈਟ ਵੇਖ ਕੇ ਨਿਕਲ ਜਾਂਦਾ ਹੈ ਤਾਂ ਅੱਗੇ ਟਰੈਫਿਕ ਪੁਲਿਸ ਵਾਲੇ ਉਸਨੂੰ ਘੇਰ ਲੈਂਦੇ ਹਨ। ਜਦ ਕਿ ਵਾਹਨ ਚਾਲਕ ਦਾ ਕੋਈ ਕਸੂਰ ਨਹੀਂ ਹੁੰਦਾ ਹੈ ਬਲਕਿ ਇਸ ਵਿੱਚ ਸਾਰੀ ਗਲਤੀ ਨਗਰ ਨਿਗਮ ਵਿਭਾਗ ਦੀ ਹੈ। ਨਗਰ ਨਿਗਮ ਦੇ ਮੇਅਰ ਕਰਮਜੀਤ ਸਿੰਘ ਰਿੰਟੂ ਦੇ ਸਮੇਂ ਦੀ ਗੱਲ ਕਰੀਏ ਤਾਂ ਉਸ ਸਮੇਂ ਨਗਰ ਨਿਗਮ ਹਾਊਸ ਵਿੱਚ 2.30 ਕਰੋੜ ਦੇ ਨਵੀਂ ਤਕਨੀਕ ਵਾਲੇ ਟਰੈਫਿਕ ਸਿਗਨਲ ਵੱਖ-ਵੱਖ ਚੌਂਕਾਂ ਦੇ ਵਿੱਚ ਲਗਾਉਣ ਲਈ ਪਾਸ ਕੀਤੇ ਗਏ ਸਨ। ਇਹ ਵੀ ਦਾਅਵੇ ਕੀਤੇ ਗਏ ਸਨ ਕਿ ਲਾਈਟ ਬੰਦ ਹੋਣ ਦੇ ਬਾਵਜੂਦ ਵੀ ਸਿਗਨਲ ਬੰਦ ਨਹੀਂ ਹੋਣਗੇ। ਜਿਸ ਦੇ ਨਾਲ ਟਾਈਮਰ ਘੜੀਆਂ ਦਾ ਸਮਾਂ ਵੀ ਪਤਾ ਲੱਗੇਗਾ ਉਸ ਸਮੇਂ ਇਹ ਵੀ ਕਿਹਾ ਗਿਆ ਸੀ ਕਿ ਸ਼ਹਿਰ ਨੂੰ ਚੰਡੀਗੜ੍ਹ ਬਣਾ ਦਿਆਂਗੇ। ਪਰ ਇਹ ਦਾਅਵੇ ਅਤੇ ਵਾਅਦੇ ਸਭ ਝੂਠੇ ਅਤੇ ਬੇਬੁਨਿਆਦ ਸਾਬਿਤ ਹੋ ਰਹੇ ਹਨ। ਲਾਈਟਾਂ ਬੰਦ ਹੋਣ ਦੇ ਨਾਲ ਹੀ ਘੜੀਆਂ ਅਤੇ ਸਿਗਨਲ ਵੀ ਬੰਦ ਹੋ ਜਾਂਦੇ ਹਨ। ਜਿਸ ਤੋਂ ਸਾਬਤ ਹੁੰਦਾ ਹੈ ਕਿ ਇਹ ਦਾਅਵੇ ਸਿਰਫ ਹਵਾ ਹਵਾਈ ਕੀਤੇ ਗਏ ਹਨ। ਜਦਕਿ ਸਰਕਾਰ ਅਤੇ ਆਮ ਜਨਤਾ ਦੇ ਪੈਸੇ ਦੀ ਦੁਰਵਰਤੋਂ ਕੀਤੀ ਗਈ ਹੈ।

ਸ਼ਹਿਰ ਦੇ ਚੌਂਕਾਂ ਵਿੱਚ ਪੁਰਾਣੇ ਟ੍ਰੈਫਿਕ ਸਿਗਨਲਾਂ ਦੇ ਨਾਲ ਪੁਰਾਣੇ ਸਿਗਨਲ ਅਜੇ ਤੱਕ ਵੀ ਲੱਗੇ ਹੋਏ ਹਨ। ਥਾਣਾ ਕੰਟੋਨਮੈਂਟ ਦੇ ਮੌਕੇ ਤੇ ਜਾ ਕੇ ਦੇਖਿਆ ਗਿਆ ਪੁਰਾਣੇ ਅਤੇ ਨਵੇਂ ਦੋਵੇਂ ਸਿੰਘ ਨਾਲ ਚੱਲ ਰਹੇ ਸਨ। ਇਸ ਤਰ੍ਹਾਂ ਪ੍ਰਸ਼ਾਸਨ ਦੀ ਨਲਾਇਕੀ ਦੇ ਚੱਲਦਿਆਂ ਸੜਕਾਂ ਤੇ ਦੁਰਘਟਨਾਵਾਂ ਵੀ ਹੋ ਰਹੀਆਂ ਹਨ। ਤਿਉਹਾਰਾਂ ਦਾ ਮਹੀਨਾ ਹੋਣ ਦੇ ਚੱਲਦਿਆਂ ਦੇਸ਼ ਵਿਦੇਸ਼ਾਂ ਤੋਂ ਲੱਖਾਂ ਲੋਕ ਗੁਰੂ ਨਗਰੀ ਗੁਰੂ ਦਰਸ਼ਨਾਂ ਲਈ ਆਉਂਦੇ ਹਨ। ਚੌਰਸਤਿਆਂ ਦੇ ਇਸ ਮਾੜੇ ਹਾਲਾਤਾਂ ਦੇ ਚੱਲਦਿਆਂ ਬਾਹਰੋਂ ਆਉਣ ਵਾਲੇ ਲੋਕ ਆਪਣੇ ਨਾਲ ਮਾੜਾ ਸੁਨੇਹਾ ਲੈ ਕੇ ਜਾ ਰਹੇ ਹਨ। ਸ਼ਹਿਰ ਦੇ ਲਗਭਗ ਜਿਆਦਾਤਰ ਚੌਂਕਾਂ ਦੇ ਵਿੱਚ ਸਿੰਗਨਲ ਲਾਈਟਾਂ ਤਾਂ ਉਤਾਰ ਲਈਆਂ ਗਈਆਂ ਹਨ ਪਰ ਸਿਗਨਲ ਵਾਲੇ ਪੋਲ ਅਜੇ ਵੀ ਉਸੇ ਤਰ੍ਹਾਂ ਖੜੇ ਹਨ।

# ਸ੍ਰੀ ਰਾਮ ਸੇਵਾ ਸੰਮਤੀ ਦੇ ਸਰਪ੍ਰਸਤ ਰਕੇਸ਼ ਕੁਮਾਰ ਗਰਗ ਤੇ ਵਿਨੋਦ ਕੁਮਾਰ ਮੋਦੀ ਨੂੰ ਸਦਮਾ ਮਾਤਾ ਦਾ ਦਿਹਾਂਤ

## ਵੱਖ ਵੱਖ ਆਗੂਆਂ ਨੇ ਕੀਤਾ ਗਰਗ ਪਰਿਵਾਰ ਨਾਲ ਦੁੱਖ ਸਾਂਝਾ



**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ )** ਸ੍ਰੀ ਰਾਮ ਸੇਵਾ ਸੰਮਤੀ ਸ਼ੇਰਪੁਰ ਦੇ ਸਰਪ੍ਰਸਤ ਸਾਬਕਾ ਸਰਪੰਚ ਰਕੇਸ਼ ਕੁਮਾਰ ਗਰਗ ਅਤੇ ਵਿਨੋਦ ਕੁਮਾਰ ਮੋਦੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਨੇ ਸਤਿਕਾਰਯੋਗ ਮਾਤਾ ਸੀਲਾ ਦੇਵੀ (85) ਪਤਨੀ ਸੇਠ ਸ੍ਰੀ ਸੋਮਨਾਥ ਜੀ ਦਾ ਬੀਤੀ ਕੱਲ ਇੱਕ ਸੰਖੇਪ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਸਰੀਕ ਹੁੰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸਿੱਖ ਬੁੱਧੀਜੀਵੀ ਮੰਚ ਪੰਜਾਬ ਦੇ ਪ੍ਰਧਾਨ ਮਾਸਟਰ ਹਰਬੰਸ ਸਿੰਘ ਜੀ ਸ਼ੇਰਪੁਰ, ਗੀਟਾ ,ਇੰਸਪੈਕਟਰ ਰਣਜੀਤ ਸਿੰਘ ਬੈਹਣੀਵਾਲ, ਸ਼ੇਰਪੁਰ ਦੇ ਸਰਪੰਚ ਰਾਜਵਿੰਦਰ ਸਿੰਘ ਰਾਜ, ਐਡਵੋਕੇਟ ਨਵਲਜੀਤ ਗਰਗ,ਸਰਪੰਚ ਰਣਜੀਤ ਸਿੰਘ ਕਾਲਾਬੂਲਾ ਰਿਟਾਇਰਡ ਐਸ ਡੀ ਓ ਭੋਲਾ ਸਿੰਘ ਯੂਐਸਏ , ਸਾਬਕਾ ਸਰਪੰਚ ਰਣਜੀਤ ਸਿੰਘ ਧਾਲੀਵਾਲ, ਪੰਚ ਮਨਜੀਤ ਸਿੰਘ ਘੋੜੀਆਂ ਵਾਲੇ, ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਜਸਮੇਲ ਸਿੰਘ ਬੜੀ,ਦਰਸ਼ਨ ਸਿੰਘ ਸ਼ੇਰਪੁਰੀ ,ਗੁਰਜੀਤ ਸਿੰਘ ਈਸਾਪੁਰ, ਸਮੂਹ ਪ੍ਰੈਸ ਕਲੱਬ ਸ਼ੇਰਪੁਰ ,ਚਮਕੌਰ ਸਿੰਘ ਆਸ਼ਟ ,ਬਾਬਾ ਪਿਆਰਾ ਸਿੰਘ ਜੀ ਖੇੜੀ ਵਾਲੇ ,ਬਾਬਾ ਨਿਰਮਲ ਸਿੰਘ ਔਲਖ, ਫੌਜੀ ਸ਼ੇਰ ਸਿੰਘ ਛੰਨਾ ,ਫੌਜੀ ਬਲਵੀਰ ਸਿੰਘ ਛੰਨਾ,ਫੌਜੀ ਪਰਮਜੀਤ ਸਿੰਘ ਈਨਾ ਬਾਜਵਾ, ਅਮਰਜੀਤ ਸਿੰਘ ਖਹਿਰਾ ਗੁਰਬਖਸ਼ਪੁਰਾ ,ਸ੍ਰੀ ਸੁਖਮਨੀ ਸੇਵਾ ਸੋਸਾਇਟੀ ਦੇ ਪ੍ਰਧਾਨ ਸੁਖਦੇਵ ਸਿੰਘ ਦਿਓਸੀ, ਖੂਨਦਾਨ ਕਲੱਬ ਦੇ ਪ੍ਰਧਾਨ ਅੰਮ੍ਰਿਤਪਾਲ ਵਿੱਕੀ , ਹਰਜਿੰਦਰ ਕੁਮਾਰ ਦਰਸੀ,ਨਸ਼ਾ ਰੋਕੋ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਬਿੰਦਾ, ਗੋਪੀ ਗਰੇਵਾਲ, ਮਾ:ਚਰਨ ਸਿੰਘ ਜਵੰਧਾ, ਸਾਬਕਾ ਪੰਚ ਅਜੈਬ ਸਿੰਘ ਸਮਰਾ ,ਪਿੰਕੂ ਮਹਾਰਾਜਾ ਪੈਲਿਸ ਸ਼ੇਰਪੁਰ ,ਸਾਬਕਾ ਵਿਧਾਇਕ ਰਾਜ ਸਿੰਘ ਖੇੜੀ, ਰਾਮਦਾਸ ਸਿੰਘ ਬਿੱਟੂ ਸ਼ੇਰਪੁਰ, ਚਮਕੌਰ ਸਿੰਘ ਭੋਲਾ ਟਿੱਬਾ, ਮਨਜੀਤ ਸਿੰਘ ਧਾਮੀ, ਅੰਗਰੇਜ਼ ਕੁਮਾਰ ਮਾਂਗੇਵਾਲ, ਜਸਵਿੰਦਰ ਸਿੰਘ ਦੀਦਾਰਗੜ ਬਲਵਿੰਦਰ ਸਿੰਘ ਕੰਡੇ ਵਾਲੇ ਕਾਤਰੋਂ ,ਡਾਕਟਰ ਜਗਜੀਵਨ ਸਿੰਘ,ਨਿਰਮਲ ਸਿੰਘ ਨਿੰਮਾ ਬਾਈ, ਜਗਜੀਵਨ ਕੁਮਾਰ, ਤੋਂ ਇਲਾਵਾ ਸਮੂਹ ਕਸਬਾ ਵਾਸੀਆਂ ਨੇ ਗਰਗ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਅਰਦਾਸ ਬੇਨਤੀ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

# 'ਆਪ' ਤੇ ਅਕਾਲੀ ਦਲ ਨੂੰ ਛੱਡ ਕੇ ਜੱਗੋਚੱਕ ਟਾਂਡਾ ਅਤੇ ਸੀਹੋਵਾਲ ਦੇ 50 ਪਰਿਵਾਰ ਕਾਂਗਰਸ ਵਿੱਚ ਸ਼ਾਮਲ

## ਅਕਾਲੀ ਦਲ ਦੇ ਸਰਕਲ ਪ੍ਰਧਾਨ ਕੈਪਟਨ ਬਲਵਿੰਦਰ ਸਿੰਘ ਅਤੇ ਸੀਹੋਵਾਲ ਦੇ ਸਾਬਕਾ ਅਕਾਲੀ ਸਰਪੰਚ ਨੇ ਵੀ ਫੜਿਆ ਕਾਂਗਰਸ ਦਾ ਪੱਲਾ



**ਦੀਨਾਨਗਰ, ( ਡਾ.ਰਮੇਸ਼ ਸਰੰਗਲ )** ਪੰਚਾਇਤੀ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਮਿਲੇ ਲੋਕ ਸਮਰਥਨ ਤੋਂ ਬਾਅਦ ਹੁਣ ਦੀਨਾਨਗਰ ਹਲਕੇ ਅੰਦਰ ਵੱਡੀ ਗਿਣਤੀ ਲੋਕਾਂ ਦਾ ਝੁਕਾਅ ਕਾਂਗਰਸ ਪਾਰਟੀ ਵੱਲ ਹੋ ਰਿਹਾ ਹੈ। ਇਸੇ ਕੜੀ ਤਹਿਤ ਅੱਜ ਪਿੰਡ ਸੀਹੋਵਾਲ ਅਤੇ ਜੱਗੋਚੱਕ ਟਾਂਡਾ ਤੋਂ ਸ਼੍ਰੋਮਣੀ ਅਕਾਲੀ ਦਲ ਅਤੇ 'ਆਪ' ਨਾਲ ਜੁੜੇ 50 ਤੋਂ ਵੱਧ ਪਰਿਵਾਰਾਂ ਨੇ ਕਾਂਗਰਸ ਪਾਰਟੀ ਜੁਆਇਨ ਕਰਦਿਆਂ ਵਿਧਾਇਕਾ ਅਰੁਣਾ ਚੌਧਰੀ ਦੀ ਰਹਿਨੁਮਾਈ ਕਬੂਲੀ। ਜਾਣਕਾਰੀ ਅਨੁਸਾਰ ਸੀਹੋਵਾਲ ਦੇ ਸਾਬਕਾ ਅਕਾਲੀ ਸਰਪੰਚ ਅਮਰੀਕ ਸਿੰਘ ਦੇ ਨਾਲ ਸਤਨਾਮ ਸਿੰਘ, ਬਲਕਾਰੀ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ ਸੀਹੋਵਾਲ, ਨਿਸ਼ਾਨ ਸਿੰਘ, ਮਹਿੰਦਰ ਸਿੰਘ, ਜਸਵੀਰ ਸਿੰਘ, ਗੋਪਾਲ ਦਾਸ, ਪ੍ਰੀਤਮ ਸਿੰਘ, ਹਰਭਜਨ ਸਿੰਘ, ਅਮਨਦੀਪ ਸਿੰਘ, ਸਚਿਨ, ਸਲਵਿੰਦਰ ਸਿੰਘ ਅਤੇ ਪਿਆਰਾ ਸਿੰਘ ਨੇ ਕਾਂਗਰਸ ਪਾਰਟੀ ਜੁਆਇਨ ਕੀਤੀ। ਇਹ ਅਕਾਲੀ ਪਰਿਵਾਰ ਕਾਂਗਰਸੀ ਆਗੂ ਰਮਨ ਦੱਤਾ, ਗੁਰਬਚਨ ਸਿੰਘ ਅਤੇ ਜੈ ਹਰੀਚੰਦ ਦੀ ਅਗਵਾਈ ਵਿੱਚ ਕਾਂਗਰਸ 'ਚ ਸ਼ਾਮਲ ਹੋਏ। ਜਦਕਿ ਪਿੰਡ ਜੱਗੋਚੱਕ ਟਾਂਡਾ ਤੋਂ ਅਕਾਲੀ ਦਲ ਦੇ ਸਰਕਲ ਪ੍ਰਧਾਨ ਕੈਪਟਨ ਬਲਵਿੰਦਰ ਸਿੰਘ ਤੋਂ ਇਲਾਵਾ ਇਸੇ ਪਿੰਡ ਨਾਲ ਸਬੰਧਿਤ 'ਆਪ' ਪਾਰਟੀ ਦੇ ਆਗੂ ਸੁਖਵਿੰਦਰ ਸਿੰਘ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ ਟਾਂਡਾ, ਦਿਲਪ੍ਰੀਤ ਸਿੰਘ ਜੋਨੀ, ਜਤਿੰਦਰ ਸਿੰਘ, ਮਨਜੀਤ ਸਿੰਘ, ਸੁਖਵੀਰ ਸਿੰਘ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਬਲਵੰਦ ਸਿੰਘ, ਸਰਦਾਰ ਮੀਤ ਸਿੰਘ, ਲਵਜੀਤ ਸਿੰਘ, ਗੁਰਜੀਤ ਸਿੰਘ, ਕਰਨਪ੍ਰੀਤ, ਗੁਰਦੀਪ ਸਿੰਘ, ਕੁਲਦੀਪ ਸਿੰਘ, ਅਮਨਦੀਪ ਸਿੰਘ, ਬਲਵਿੰਦਰ ਸਿੰਘ ਵੀਕੋ, ਮਨਦੀਪ ਸਿੰਘ, ਬੰਟੀ, ਸਰਦੂਲ ਸਿੰਘ, ਬਿਕਰਮਜੀਤ ਸਿੰਘ ਅਤੇ ਦਰਬਾਰਾ ਸਿੰਘ ਨੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਇਨ੍ਹਾਂ ਤਮਾਮ ਪਰਿਵਾਰਾਂ ਨੂੰ ਵਿਧਾਇਕਾ ਅਰੁਣਾ ਚੌਧਰੀ ਅਤੇ ਕਾਂਗਰਸ ਕਮੇਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਸਿਰੋਪੇ ਪਹਿਨਾ ਕੇ ਪਾਰਟੀ ਵਿੱਚ ਸਵਾਗਤ ਕੀਤਾ। ਅਰੁਣਾ ਚੌਧਰੀ ਨੇ ਕਿਹਾ ਕਿ ਲੋਕ ਸਭਾ ਦੀਆਂ ਚੋਣਾਂ ਤੋਂ ਬਾਅਦ ਹੁਣ ਪੰਚਾਇਤੀ ਚੋਣਾਂ ਵਿੱਚ 'ਆਪ' ਪਾਰਟੀ ਨੂੰ ਲੋਕਾਂ ਨੇ ਨਕਾਰਿਆ ਹੈ ਜਦਕਿ ਅਕਾਲੀ ਦਲ ਤੇ ਭਾਜਪਾ ਮੁਕਾਬਲੇ ਵਿੱਚੋਂ ਪੂਰੀ ਤਰ੍ਹਾਂ ਨਾਲ ਬਾਹਰ ਹੋ ਚੁੱਕੀਆਂ ਹਨ। 'ਆਪ' ਪਾਰਟੀ ਨੂੰ ਛੱਡਣ ਵਾਲੇ ਜੱਗੋਚੱਕ ਟਾਂਡਾ ਦੇ ਸੁਖਵਿੰਦਰ ਸਿੰਘ ਤੇ ਹੋਰਨਾਂ ਆਗੂਆਂ ਨੇ ਕਿਹਾ ਕਿ ਸਾਡੇ ਵਰਗੇ ਅਨੇਕਾਂ ਲੋਕ 'ਬਦਲਾਅ ਹੋਣ' ਦੀਆਂ ਗੱਲਾਂ ਵਿੱਚ ਆ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਸਨ ਪਰ ਲੰਘੇ ਢਾਈ ਸਾਲਾਂ 'ਚ ਪੰਜਾਬ ਅੰਦਰ ਕੋਈ ਵੀ ਬਦਲਾਅ ਦੇਖਣ ਵਿੱਚ ਨਹੀਂ ਆਇਆ ਹੈ ਅਤੇ ਇਸੇ ਕਰਕੇ ਲੋਕ 'ਆਪ' ਪਾਰਟੀ ਤੋਂ ਕਿਨਾਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਨਤਾ ਵਿੱਚ ਇਹ ਆਮ ਚਰਚਾ ਹੈ ਕਿ ਆਉਣ ਵਾਲਾ ਸਮਾਂ ਕਾਂਗਰਸ ਪਾਰਟੀ ਦਾ ਹੈ।

# ਇੱਕ ਦੇਸ਼ ਇੱਕ ਸਿੱਖਿਆ ਪ੍ਰਣਾਲੀ

ਜਿਸ ਤਰ੍ਹਾਂ ਪੂਰੇ ਦੇਸ਼ 'ਚ ਇਕ ਟੈਕਸ ਹੈ, ਉਸੇ ਤਰ੍ਹਾਂ ਪੂਰੇ ਦੇਸ਼ 'ਚ ਇਕਸਾਰ ਸਿੱਖਿਆ ਹੋਣੀ ਚਾਹੀਦੀ ਹੈ। ਰਾਖਵੇਂਕਰਨ ਕਾਰਨ 75 ਸਾਲਾਂ ਵਿੱਚ ਹੀ ਨਹੀਂ ਸਗੋਂ 7500 ਸਾਲਾਂ ਵਿੱਚ ਵੀ ਸਾਰਿਆਂ ਨੂੰ ਬਰਾਬਰ ਮੌਕੇ ਨਹੀਂ ਮਿਲਣਗੇ। ਜੇਕਰ ਅਸੀਂ ਸਾਰਿਆਂ ਨੂੰ ਬਰਾਬਰ ਮੌਕੇ ਪ੍ਰਦਾਨ ਕਰਨਾ ਚਾਹੁੰਦੇ ਹਾਂ ਤਾਂ 12ਵੀਂ ਤੱਕ ਬਰਾਬਰ ਸਿੱਖਿਆ (ਇੱਕ ਦੇਸ਼, ਇੱਕ ਸਿੱਖਿਆ ਬੋਰਡ ਅਤੇ ਇੱਕ ਦੇਸ਼, ਇੱਕ ਪਾਠਕ੍ਰਮ) ਨੂੰ ਲਾਗੂ ਕਰਨਾ ਹੋਵੇਗਾ।ਜੇਕਰ ਦੇਖਿਆ ਜਾਵੇ ਤਾਂ ਸਕੂਲ ਮਾਫੀਆ ਦੇ ਦਬਾਅ ਹੇਠ 12ਵੀਂ ਜਮਾਤ ਤੱਕ ਵਨ ਨੇਸ਼ਨ ਵਨ ਐਜੂਕੇਸ਼ਨ ਬੋਰਡ ਲਾਗੂ ਨਹੀਂ ਕੀਤਾ ਗਿਆ ਸੀ। ਕੋਚਿੰਗ ਮਾਫੀਆ ਦੇ ਦਬਾਅ ਹੇਠ 12ਵੀਂ ਜਮਾਤ ਤੱਕ ਵਨ ਨੇਸ਼ਨ ਵਨ ਪਾਠਕ੍ਰਮ ਲਾਗੂ ਨਹੀਂ ਕੀਤਾ ਗਿਆ। ਕਿਤਾਬ ਮਾਫੀਆ ਦਾ ਦਬਾਅਹਿੰਦੀ, ਅੰਗਰੇਜ਼ੀ, ਸੰਸਕ੍ਰਿਤ, ਗਣਿਤ, ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ, ਬਨਸਪਤੀ ਵਿਗਿਆਨ ਦੀ ਇੱਕ ਕਿਤਾਬ ਲਾਗੂ ਨਹੀਂ ਹੈ। ਬਰਾਬਰੀ ਦੀ ਸਿੱਖਿਆ ਤੋਂ ਬਿਨਾਂ ਬਰਾਬਰੀ ਅਤੇ ਸਦਭਾਵਨਾ 'ਤੇ ਆਧਾਰਿਤ ਸਮਾਜ ਦੀ ਸਥਾਪਨਾ ਅਸੰਭਵ ਹੈ, ਇਸ ਲਈ ਜਿਸ ਤਰ੍ਹਾਂ ਪੂਰੇ ਦੇਸ਼ 'ਚ "ਇਕ ਦੇਸ਼-ਇਕ ਟੈਕਸ" ਲਾਗੂ ਕੀਤਾ ਗਿਆ ਸੀ, ਉਸੇ ਤਰ੍ਹਾਂ "ਇਕ ਦੇਸ਼-ਇਕ ਟੈਕਸ" ਨੂੰ ਲਾਗੂ ਕਰਨਾ ਬਹੁਤ ਜ਼ਰੂਰੀ ਹੈ।10ਵੀਂ ਜਮਾਤ ਤੱਕ ਇੱਕ ਸਿਲੇਬਸ। ਪੜ੍ਹਾਈ ਦਾ ਮਾਧਿਅਮ ਵੱਖਰਾ ਹੋ ਸਕਦਾ ਹੈ ਪਰ ਪੂਰੇ ਦੇਸ਼ ਵਿੱਚ ਸਿਲੇਬਸ ਇੱਕੋ ਜਿਹਾ ਹੋਣਾ ਚਾਹੀਦਾ ਹੈ ਅਤੇ ਕਿਤਾਬ ਇੱਕੋ ਹੋਣੀ ਚਾਹੀਦੀ ਹੈ। ਇਸ ਸਮੇਂ ਸਕੂਲਾਂ ਦੀਆਂ ਪੰਜ ਸ਼੍ਰੇਣੀਆਂ ਅਤੇ ਪੰਜ ਕਿਸਮਾਂ ਦੀਆਂ ਕਿਤਾਬਾਂ ਹਨ। ਆਰਥਿਕ ਤੌਰ 'ਤੇਕਮਜ਼ੋਰ ਅਤੇ ਗਰੀਬੀ ਰੇਖਾ ਤੋਂ ਹੇਠਾਂ ਦੇ ਬੱਚਿਆਂ ਲਈ ਕਿਤਾਬਾਂ ਅਤੇ ਸਿਲੇਬਸ ਵੱਖਰਾ, ਘੱਟ ਆਮਦਨ ਵਰਗ ਦੇ ਬੱਚਿਆਂ ਲਈ ਕਿਤਾਬਾਂ ਅਤੇ ਸਿਲੇਬਸ ਵੱਖਰਾ, ਮੱਧ ਆਮਦਨ ਵਰਗ ਦੇ ਬੱਚਿਆਂ ਲਈ ਕਿਤਾਬਾਂ ਅਤੇ ਸਿਲੇਬਸ ਵੱਖਰਾ, ਉੱਚ ਆਮਦਨ ਵਰਗ ਦੇ ਬੱਚਿਆਂ ਲਈ ਕਿਤਾਬਾਂ ਅਤੇ ਸਿਲੇਬਸ ਵੱਖਰਾ।ਅਤੇ ਕੁਲੀਨ ਵਰਗ ਦੇ ਬੱਚਿਆਂ ਦੀ ਕਿਤਾਬ ਅਤੇ ਸਿਲੇਬਸ ਬਿਲਕੁਲ ਵੱਖਰਾ ਹੈ।ਮੌਜੂਦਾ ਸਿੱਖਿਆ ਪ੍ਰਣਾਲੀ ਸੰਵਿਧਾਨ ਦੀ ਮੂਲ ਭਾਵਨਾ ਦੇ ਬਿਲਕੁਲ ਉਲਟ ਹੈ। ਬਰਾਬਰਤਾ, ਸਮਾਨਤਾ ਅਤੇ ਸਦਭਾਵਨਾ ਦੇ ਆਧਾਰ 'ਤੇ ਸਮਾਜ ਦੀ ਉਸਾਰੀ ਕਰਨ ਦੀ ਬਜਾਏ ਇਹ ਜਾਤੀਵਾਦ, ਭਾਸ਼ਾਵਾਦ, ਖੇਤਰਵਾਦ, ਫਿਰਕਾਪ੍ਰਸਤੀ, ਜਮਾਤੀਵਾਦ, ਕੱਟੜਵਾਦ ਅਤੇ ਧਾਰਮਿਕ ਕੱਟੜਤਾ ਨੂੰ ਵਧਾਉਂਦਾ ਹੈ।ਮੈਕਾਲੇ ਦੁਆਰਾ ਬਣਾਈ ਸਿੱਖਿਆ ਪ੍ਰਣਾਲੀ ਕਿਤਾਬ ਮਾਫੀਆ, ਕੋਚਿੰਗ ਮਾਫੀਆ ਅਤੇ ਸਕੂਲ ਮਾਫੀਆ ਦੇ ਦਬਾਅ ਕਾਰਨ ਅੱਜ ਵੀ ਲਾਗੂ ਹੈ।ਇਹ ਵੀ ਪੜ੍ਹੋ: ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਜ਼ਰੂਰੀ ਹੈ, ਪਰ ਇਹ ਇਕਪਾਸੜ ਨਹੀਂ ਹੋਣੀ ਚਾਹੀਦੀ ਜੇਕਰ ਅਸੀਂ ਬੋਰਡ ਦੇ ਹਿਸਾਬ ਨਾਲ ਵੇਖੀਏ, ਤਾਂ 3੦♥5 ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ, 93♥5 ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ, ਬਿਹਾਰ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ, ਬੰਗਾਲ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ, ਅਸਾਮ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ, ਕਰਨਾਟਕ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸ ਵੱਖਰੇ ਹਨ। ਵੱਖ-ਵੱਖ, ਤਾਮਿਲਨਾਡੂ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸਵੱਖ-ਵੱਖ, ਅਤੇ ਗੁਜਰਾਤ ਬੋਰਡ ਦੀਆਂ ਕਿਤਾਬਾਂ ਅਤੇ ਸਿਲੇਬਸ ਸਭ ਤੋਂ ਵੱਖਰੇ ਹਨ, ਕਿਤਾਬਾਂ ਅਤੇ ਸਿਲੇਬਸ ਵੱਖੋ-ਵੱਖ ਹਨ ਅਤੇ ਪੰਜਾਬ ਬੋਰਡ ਜਦੋਂ ਕਿ ਭਾਰਤੀ ਪ੍ਰਸ਼ਾਸਨਿਕ ਸੇਵਾ, ਇੰਜੀਨੀਅਰਿੰਗ, ਮੈਡੀਕਲ, ਰੱਖਿਆ ਸੇਵਾਵਾਂ, ਬੈਂਕ ਅਤੇ ਅਧਿਆਪਕ ਯੋਗਤਾ ਪ੍ਰੀਖਿਆ ਸਮੇਤ ਜ਼ਿਆਦਾਤਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਰਾਸ਼ਟਰੀ ਪੱਧਰ 'ਤੇ ਹੁੰਦੀਆਂ ਹਨ ਅਤੇ ਪੇਪਰ ਵੀ ਇੱਕੋ ਜਿਹਾ ਹੁੰਦਾ ਹੈ, ਨਤੀਜੇ ਵਜੋਂ ਦੇਸ਼ ਦੇ ਸਾਰੇ ਵਿਦਿਆਰਥੀ ਬਰਾਬਰ ਨਹੀਂ ਹੁੰਦੇ। ਇਹਨਾਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਮੌਕਾ ਹੈ। ਭਾਰਤੀ ਸੰਵਿਧਾਨ ਦੀ ਧਾਰਾ 14 ਅਨੁਸਾਰ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਬਰਾਬਰ ਅਧਿਕਾਰ ਹਨ, ਧਾਰਾ 15 ਅਨੁਸਾਰ ਜਾਤ, ਧਰਮ,ਕਿਸੇ ਵੀ ਭਾਰਤੀ ਨਾਗਰਿਕ ਨਾਲ ਭਾਸ਼ਾ, ਖੇਤਰ, ਦਿੱਖ, ਲਿੰਗ ਅਤੇ ਜਨਮ ਸਥਾਨ ਦੇ ਆਧਾਰ 'ਤੇ ਵਿਤਕਰਾ ਨਹੀਂ ਕੀਤਾ ਜਾ ਸਕਦਾ ਅਤੇ ਧਾਰਾ 16 ਅਨੁਸਾਰ ਦੇਸ਼ ਦੇ ਸਾਰੇ ਨੌਜਵਾਨਾਂ ਨੂੰ ਨੌਕਰੀਆਂ ਵਿੱਚ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ। ਅਨੁਛੇਦ 17 ਸਰੀਰਕ ਅਤੇ ਮਾਨਸਿਕ ਛੂਤ-ਛਾਤ ਦੀ ਮਨਾਹੀ ਕਰਦਾ ਹੈ ਅਤੇ ਧਾਰਾ 19 ਹਰੇਕ ਨਾਗਰਿਕ ਨੂੰ ਦੇਸ਼ ਵਿੱਚ ਕਿਤੇ ਵੀ ਯਾਤਰਾ ਕਰਨ, ਵਸਣ ਅਤੇ ਵਪਾਰ ਕਰਨ ਦਾ ਅਧਿਕਾਰ ਪ੍ਰਦਾਨ ਕਰਦੀ ਹੈ। ਅਨੁਛੇਦ 21ਏ ਦੇ ਅਨੁਸਾਰ, ਸਿੱਖਿਆ 14 ਸਾਲ ਤੱਕ ਦੇ ਸਾਰੇ ਬੱਚਿਆਂ ਦਾ ਮੌਲਿਕ ਅਧਿਕਾਰ ਹੈ।ਧਾਰਾ 38(2) ਦੇ ਅਨੁਸਾਰ, ਇਹ ਕੇਂਦਰ ਅਤੇ ਰਾਜ ਸਰਕਾਰਾਂ ਦੀ ਜ਼ਿੰਮੇਵਾਰੀ ਹੈਭਾਵ ਹਰ ਤਰ੍ਹਾਂ ਦੀ ਅਸਮਾਨਤਾ ਨੂੰ ਖਤਮ ਕਰਨ ਲਈ ਜ਼ਰੂਰੀ ਕਦਮ ਚੁੱਕਣੇ ਚਾਹੀਦੇ ਹਨ।ਆਰਟੀਕਲ 39 ਦੇ ਅਨੁਸਾਰ, ਇਹ ਕੇਂਦਰ ਅਤੇ ਰਾਜ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਦੇ ਸਰਵਪੱਖੀ, ਸਮਾਵੇਸ਼ੀ ਅਤੇ ਸਰਵਪੱਖੀ ਵਿਕਾਸ ਲਈ ਕਦਮ ਚੁੱਕਣ।ਅਨੁਛੇਦ 46 ਦੇ ਅਨੁਸਾਰ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਗਰੀਬ ਬੱਚਿਆਂ ਦੇ ਵਿਦਿਅਕ ਅਤੇ ਆਰਥਿਕ ਵਿਕਾਸ ਲਈ ਵਿਸ਼ੇਸ਼ ਕਦਮ ਚੁੱਕਣਾ ਕੇਂਦਰ ਅਤੇ ਰਾਜ ਸਰਕਾਰਾਂ ਦਾ ਫਰਜ਼ ਹੈ। ਆਰਟੀਕਲ 51 (ਏ) ਦੇ ਅਨੁਸਾਰ, ਕੇਂਦਰ ਅਤੇਇਹ ਸੂਬਾ ਸਰਕਾਰ ਦਾ ਨੈਤਿਕ ਫਰਜ਼ ਹੈ ਪਰ ਮੌਜੂਦਾ ਸਿੱਖਿਆ ਪ੍ਰਣਾਲੀ ਸੰਵਿਧਾਨ ਦੇ ਉਪਰੋਕਤ ਉਦੇਸ਼ਾਂ ਦੀ ਪ੍ਰਾਪਤੀ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਵਰਤਮਾਨ ਵਿੱਚ, ਦੇਸ਼ ਵਿੱਚ 5+3+2+2+3 ਸਿੱਖਿਆ ਪ੍ਰਣਾਲੀ ਲਾਗੂ ਹੈ ਅਰਥਾਤ 5 ਸਾਲ ਪ੍ਰਾਇਮਰੀ, 3 ਸਾਲ ਜੂਨੀਅਰ ਹਾਈ ਸਕੂਲ, 2 ਸਾਲ ਸੈਕੰਡਰੀ, 2 ਸਾਲ ਹਾਇਰ ਸੈਕੰਡਰੀ ਅਤੇ 3 ਸਾਲ ਗ੍ਰੈਜੂਏਸ਼ਨ। ਇਹ ਪ੍ਰਣਾਲੀ ਅਜੋਕੇ ਸੰਦਰਭ ਵਿੱਚ ਪੂਰੀ ਤਰ੍ਹਾਂ ਬੇਅਸਰ ਅਤੇ ਅਣਚਾਹੀ ਹੈ, ਇਸ ਲਈ ਇਸਦੀ ਥਾਂ 5+5+5 ਸਿੱਖਿਆ ਪ੍ਰਣਾਲੀ ਲਾਗੂ ਕੀਤੀ ਜਾਣੀ ਚਾਹੀਦੀ ਹੈ ਅਰਥਾਤ 5 ਸਾਲ ਪ੍ਰਾਇਮਰੀ, 5 ਸਾਲ ਸੈਕੰਡਰੀ ਅਤੇ 5 ਸਾਲ ਗ੍ਰੈਜੂਏਸ਼ਨ। ਭਾਵੇਂ ਪੜ੍ਹਾਉਣ ਦਾ ਮਾਧਿਅਮ ਵੱਖਰਾ ਹੋਵੇਪਰ 10ਵੀਂ ਤੱਕ ਦਾ ਸਿਲੇਬਸ ਦੇਸ਼ ਭਰ ਵਿੱਚ ਇਕਸਾਰ ਹੋਣਾ ਚਾਹੀਦਾ ਹੈ ਅਤੇ 10ਵੀਂ ਤੱਕ ਦੀ ਪੜ੍ਹਾਈ ਸਾਰੇ ਬੱਚਿਆਂ ਲਈ ਲਾਜ਼ਮੀ ਹੋਣੀ ਚਾਹੀਦੀ ਹੈ।ਸੰਵਿਧਾਨ ਦੀ ਧਾਰਾ 345 ਅਤੇ 351 ਦੀ ਭਾਵਨਾ ਅਨੁਸਾਰ 10ਵੀਂ ਜਮਾਤ ਤੱਕ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਸਾਰੇ ਬੱਚਿਆਂ ਲਈ ਲਾਜ਼ਮੀ ਹੋਣੀ ਚਾਹੀਦੀ ਹੈ।ਜਿਸ ਤਰ੍ਹਾਂ ਦੇਸ਼ ਭਰ 'ਚ 'ਵਨ ਨੇਸ਼ਨ-ਵਨ ਟੈਕਸ' ਲਾਗੂ ਕੀਤਾ ਗਿਆ ਸੀ, ਉਸੇ ਤਰ੍ਹਾਂ 10ਵੀਂ ਜਮਾਤ ਤੱਕ 'ਵਨ ਨੇਸ਼ਨ-ਵਨ ਸਿਲੇਬਸ' ਨੂੰ ਲਾਗੂ ਕਰਨਾ ਬਹੁਤ ਜ਼ਰੂਰੀ ਹੈ। ਪੜ੍ਹਾਈ ਦਾ ਮਾਧਿਅਮ ਵੱਖਰਾ ਹੋ ਸਕਦਾ ਹੈ ਪਰ ਪੂਰੇ ਦੇਸ਼ ਵਿੱਚ ਸਿਲੇਬਸ ਇੱਕੋ ਜਿਹਾ ਹੋਣਾ ਚਾਹੀਦਾ ਹੈ ਅਤੇ ਕਿਤਾਬ ਇੱਕੋ ਹੋਣੀ ਚਾਹੀਦੀ ਹੈ। ÷ਇੱਕ ਰਾਸ਼ਟਰ ਇੱਕ ਸਿੱਖਿਆ÷ ਨੂੰ ਲਾਗੂ ਕਰਨ ਲਈ 7♥" ਕੌਂਸਲ ਦੀ ਤਰਜ਼ 'ਤੇ 1©5" (ਰਾਸ਼ਟਰੀ ਸਿੱਖਿਆ ਕੌਂਸਲ) ਦਾ ਗਠਨ ਕੀਤਾ ਜਾ ਸਕਦਾ ਹੈ।

ਕੇਂਦਰੀ ਸਿੱਖਿਆ ਮੰਤਰੀ ਨੂੰ ਐਨਆਈਸੀ ਦਾ ਚੇਅਰਮੈਨ ਬਣਾਇਆ ਜਾ ਸਕਦਾ ਹੈ ਅਤੇ ਸਾਰੇ ਰਾਜਾਂ ਦੇ ਸਿੱਖਿਆ ਮੰਤਰੀਆਂ ਨੂੰ ਐਨਆਈਸੀ ਦਾ ਮੈਂਬਰ ਬਣਾਇਆ ਜਾ ਸਕਦਾ ਹੈ।ਜੇਕਰ ਪੂਰੇ ਦੇਸ਼ ਲਈ ਇੱਕ ਸਿੱਖਿਆ ਬੋਰਡ ਨਹੀਂ ਬਣਾਇਆ ਜਾ ਸਕਦਾ ਤਾਂ ਕੇਂਦਰੀ ਪੱਧਰ 'ਤੇ ਸਿਰਫ਼ ਇੱਕ ਸਿੱਖਿਆ ਬੋਰਡ ਅਤੇ ਰਾਜ ਪੱਧਰ 'ਤੇ ਸਿਰਫ਼ ਇੱਕ ਸਿੱਖਿਆ ਬੋਰਡ ਬਣਾਇਆ ਜਾਵੇ।ਸੰਸਦ ਵੱਲੋਂ ਬਣਾਇਆ ਗਿਆ "ਸਿੱਖਿਆ ਦਾ ਅਧਿਕਾਰ ਕਾਨੂੰਨ "ਪੂਰੇ ਦੇਸ਼ ਵਿੱਚ ਲਾਗੂ ਹੈ, ਇਸ ਲਈ ਨਵਾਂ ਕਾਨੂੰਨ ਬਣਾਉਣ ਦੀ ਬਜਾਏ ਇਸ ਵਿੱਚ ਸੋਧ ਕੀਤੀ ਜਾਣੀ ਚਾਹੀਦੀ ਹੈ।ਮੌਜੂਦਾ ਕਾਨੂੰਨ ਵਿੱਚ ÷ਸਮਾਨ÷ ਸ਼ਬਦ ਜੋ ਕਿਪਾਸ ਹੋਣ 'ਤੇ ਇਹ ÷ਬਰਾਬਰ ਸਿੱਖਿਆ ਅਧਿਕਾਰ ਕਾਨੂੰਨ÷ ਬਣ ਜਾਵੇਗਾ ਅਤੇ ਮੌਜੂਦਾ ਸਮੇਂ ਵਿੱਚ ਇਹ 14 ਸਾਲ ਤੱਕ ਲਾਗੂ ਹੈ, ਇਸ ਨੂੰ 16 ਸਾਲ ਤੱਕ ਵਧਾਇਆ ਜਾ ਸਕਦਾ ਹੈ। ਸੰਵਿਧਾਨ ਦੇ ਅਨੁਛੇਦ 14 ਦੇ ਅਨੁਸਾਰ ÷ਇੱਕ ਦੇਸ਼ - ਇੱਕ ਸਿੱਖਿਆ÷ ਨੂੰ ਲਾਗੂ ਕਰਨ ਨਾਲ, ਭਾਰਤ ਦੇ ਸਾਰੇ ਨਾਗਰਿਕਾਂ ਨੂੰ ਅਨੁਛੇਦ 15 ਦੇ ਅਨੁਸਾਰ, ਜਾਤ, ਧਰਮ, ਭਾਸ਼ਾ, ਖੇਤਰ, ਰੰਗ ਦੇ ਅਧਾਰ 'ਤੇ ਵਿਤਕਰਾ ਕੀਤਾ ਜਾਵੇਗਾ। ਸ਼੍ਰੇਣੀ ਅਤੇ ਜਨਮ ਸਥਾਨ ਖਤਮ ਹੋ ਜਾਵੇਗਾ ਅਤੇ ਧਾਰਾ 16 ਦੇ ਅਨੁਸਾਰ, ਦੇਸ਼ ਦੇ ਸਾਰੇ ਨੌਜਵਾਨਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਅਤੇ ਨੌਕਰੀਆਂ ਵਿੱਚ ਬਰਾਬਰ ਮੌਕੇ ਮਿਲਣਗੇ। ਉਸੇ ਪਾਠਕ੍ਰਮ ਨੂੰ ਲਾਗੂ ਕਰਕੇ, ਧਾਰਾ 17ਭਾਵਨਾ ਅਨੁਸਾਰ ਸਰੀਰਕ ਅਤੇ ਮਾਨਸਿਕ ਛੂਤ-ਛਾਤ ਖ਼ਤਮ ਹੋ ਜਾਵੇਗੀ ਅਤੇ ਧਾਰਾ 19 ਅਨੁਸਾਰ ਹਰ ਨਾਗਰਿਕ ਨੂੰ ਦੇਸ਼ ਵਿੱਚ ਕਿਤੇ ਵੀ ਵਸਣ ਅਤੇ ਰੁਜ਼ਗਾਰ ਪ੍ਰਾਪਤ ਕਰਨ ਦੇ ਬਰਾਬਰ ਮੌਕੇ ਮਿਲਣਗੇ। ਧਾਰਾ 21ਏ ਅਨੁਸਾਰ ਸਿੱਖਿਆ 14 ਸਾਲ ਤੱਕ ਦੇ ਸਾਰੇ ਬੱਚਿਆਂ ਦਾ ਮੌਲਿਕ ਅਧਿਕਾਰ ਹੈ, ਇਸ ਲਈ ਪੜ੍ਹਾਉਣ ਦੀ ਭਾਸ਼ਾ ਵੱਖਰੀ ਹੋ ਸਕਦੀ ਹੈ ਪਰ ਪੂਰੇ ਦੇਸ਼ ਲਈ ਸਿਲੇਬਸ ਇੱਕੋ ਜਿਹਾ ਹੋਣਾ ਚਾਹੀਦਾ ਹੈ। "ਇੱਕ ਦੇਸ਼ ਇੱਕ ਪਾਠਕ੍ਰਮ "ਨੂੰ ਲਾਗੂ ਕਰਨ ਨਾਲ ਧਾਰਾ 38(2) ਦੀ ਭਾਵਨਾ ਦੇ ਅਨੁਸਾਰ ਸਾਰੀਆਂ ਕਿਸਮਾਂ ਦੀ ਅਸਮਾਨਤਾ ਨੂੰ ਖਤਮ ਕਰਨ ਵਿੱਚ ਮਦਦ ਮਿਲੇਗੀ ਅਤੇ ਧਾਰਾ 39 ਦੇ ਅਨੁਸਾਰ ਸਾਰੇ ਬੱਚਿਆਂ ਦੇ ਸੰਪੂਰਨ, ਸਮਾਵੇਸ਼ੀ ਅਤੇ ਨਿਰਪੱਖ ਵਿਕਾਸ ਨੂੰ ਯਕੀਨੀ ਬਣਾਇਆ ਜਾਵੇਗਾ।ਪੂਰਾ ਵਿਕਾਸ ਹੋਵੇਗਾ। ਸਾਂਝੀ ਸਿੱਖਿਆ ਭਾਵ ਸਾਂਝਾ ਪਾਠਕ੍ਰਮ ਲਾਗੂ ਕਰਨ ਨਾਲ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਗਰੀਬ ਬੱਚਿਆਂ ਦਾ ਅਨੁਛੇਦ 46 ਅਤੇ ਧਾਰਾ 51 (ਏ) ਦੀ ਭਾਵਨਾ ਅਨੁਸਾਰ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ ਅਤੇ ਗਰੀਬ ਬੱਚਿਆਂ ਦਾ ਵਿਦਿਅਕ ਅਤੇ ਆਰਥਿਕ ਵਿਕਾਸ ਹੋਵੇਗਾ, ਜਿਸ ਨਾਲ ਦੇਸ਼ ਦੇ ਸਾਰੇ ਨਾਗਰਿਕਾਂ ਵਿੱਚ ਵਿਤਕਰੇ ਦੀ ਭਾਵਨਾ ਪੈਦਾ ਹੋਵੇਗੀ। ਦੇਸ਼ ਖ਼ਤਮ ਹੋਵੇਗਾ, ਆਪਸੀ ਭਾਈਚਾਰਾ ਮਜ਼ਬੂਤ ਹੋਵੇਗਾ ਅਤੇ ਵਿਗਿਆਨਕ-ਤਰਕਪੂਰਨ ਅਤੇ ਸਾਂਝੀ ਸੋਚ ਨੂੰ ਵਿਕਸਤ ਕਰਨ ਵਿੱਚ ਮਦਦ ਕਰੇਗਾ, ਨਤੀਜੇ ਵਜੋਂ ਦੇਸ਼ ਦੀ ਏਕਤਾ ਅਤੇ ਅਖੰਡਤਾ ਮਜ਼ਬੂਤ ਹੋਵੇਗੀ। ਜਦੋਂ ਲੱਦਾਖ ਤੋਂ ਲਕਸ਼ਦੀਪ ਤੱਕ ਅਤੇ ਕੱਛ ਤੋਂ ਕਾਮਰੂਪ ਤੱਕ ਦਾ ਸਿਲੇਬਸ ਇੱਕੋ ਜਿਹਾ ਹੋਵੇਗਾ, ਕਿਤਾਬ ਵੀ ਉਹੀ ਹੋਵੇਗੀ ਅਤੇ ਕੇਂਦਰੀ ਵਿਦਿਆਲਿਆ।ਇਸੇ ਤਰ੍ਹਾਂ ਜੇਕਰ ਸਕੂਲ ਦਾ ਪਹਿਰਾਵਾ ਵੀ ਇਕਸਾਰ ਹੋਵੇਗਾ ਤਾਂ ਕਿਤਾਬ ਮਾਫੀਆ, ਕੋਚਿੰਗ ਮਾਫੀਆ ਅਤੇ ਸਕੂਲ ਮਾਫੀਆ 'ਤੇ ਕਾਬੂ ਪਾਇਆ ਜਾਵੇਗਾ ਅਤੇ ਸਿੱਖਿਆ ਦਾ ਖਰਚਾ 50 ਫੀਸਦੀ ਤੱਕ ਘੱਟ ਜਾਵੇਗਾ, ਚੀਨ ਸਮੇਤ ਦੁਨੀਆ ਦੇ ਕਈ ਦੇਸ਼ਾਂ 'ਚ ਇਕਸਾਰ ਸਿੱਖਿਆ ਲਾਗੂ ਕੀਤੀ ਗਈ ਹੈ ਇਸ ਲਈ ਕੇਂਦਰ ਸਰਕਾਰ ਨੂੰ ਪੂਰੇ ਦੇਸ਼ ਵਿੱਚ ਇੱਕਸਾਰ ਸਿੱਖਿਆ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ, ਜਿਵੇਂ ਕਿ "ਇੱਕ ਰਾਸ਼ਟਰ ਇੱਕ ਸਿੱਖਿਆ "ਨੂੰ ਲਾਗੂ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾਣੇ ਚਾਹੀਦੇ ਹਨ।



ਵਿਜੇ ਗਰਗ
ਰਿਟਾਇਰਡ ਪ੍ਰਿੰਸੀਪਲ
ਐਜੂਕੇਸ਼ਨਲ ਕਾਲਮਨਿਸਟ
ਸਟਰੀਟ ਕੌਰ ਚੰਦ ਐਮ.ਐਚ.
ਆਰ ਮਲੋਟ ਪੰਜਾਬ।

# ਕਾਨਪੁਰ, ਵਿਆਹੁਤਾ ਔਰਤਾਂ ਨੇ ਪਤੀ ਦੀ ਲੰਬੀ ਉਮਰ ਲਈ ਕਰਵਾ ਚੌਥ 'ਤੇ ਨਿਰਜਲਾ ਵਰਤ ਰੱਖਿਆ।

**ਕਾਨਪੁਰ, ਸੁਨੀਲ ਬਾਜਪਾਈ**

ਇੱਥੇ ਵਿਆਹੁਤਾ ਔਰਤਾਂ ਨੇ ਆਪਣੇ ਪਤੀ ਦੀ ਲੰਬੀ ਉਮਰ ਲਈ ਬੁੱਧਵਾਰ ਰਾਤ 12 ਵਜੇ ਤੋਂ ਕਰਵਾ ਚੌਥ ਦਾ ਨਿਰਜਲਾ ਵਰਤ ਰੱਖਿਆ। ਇਸ ਤੋਂ ਇਲਾਵਾ ਦੇਰ ਰਾਤ ਤੱਕ ਬਜ਼ੁਰਗ ਬੀਬੀਆਂ ਵੱਲੋਂ ਭਜਨ ਕੀਰਤਨ ਵੀ ਕੀਤਾ ਗਿਆ।






ਹਾਲਾਂਕਿ, ਅਕਸਰ ਅਜਿਹਾ ਹੁੰਦਾ ਹੈ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੀਆਂ ਔਰਤਾਂ ਨੂੰ ਦੇਰ ਰਾਤ ਆਪਣਾ ਵਰਤ ਛੱਡਣ ਲਈ ਮਜਬੂਰ ਹੋਣਾ ਪੈਂਦਾ ਹੈ ਕਿਉਂਕਿ ਉਨ੍ਹਾਂ ਦੇ ਪਤੀ ਪੂਜਾ ਦੇ ਸਮੇਂ ਵਰਤ ਤੋੜਨ ਲਈ ਸਮੇਂ ਸਿਰ ਨਹੀਂ ਪਹੁੰਚਦੇ ਹਨ।ਇਸ ਦੇ ਨਾਲ ਹੀ ਰਾਤ ਨੂੰ ਚੰਦਰਮਾ ਦੇ ਦਰਸ਼ਨ ਹੁੰਦੇ ਹੀ ਔਰਤਾਂ ਆਪਣੇ ਘਰ ਦੀ ਛੱਤ ਜਾਂ ਕਿਸੇ ਵੀ ਅਜਿਹੀ ਥਾਂ 'ਤੇ ਪਹੁੰਚ ਗਈਆਂ ਜਿੱਥੋਂ ਆਸਾਨੀ ਨਾਲ ਚੰਦਰਮਾ ਦੇਖਿਆ ਜਾ ਸਕਦਾ ਸੀ, ਸਭ ਤੋਂ ਪਹਿਲਾਂ ਚੰਦਰਮਾ ਦੀ ਆਰਤੀ ਕੀਤੀ ਅਤੇ ਪੂਜਾ ਦੇ ਸਾਰੇ ਸਮਾਨ ਨਾਲ ਪੂਜਾ ਕੀਤੀ। ਰਤਨ ਲਾਲ ਨਗਰ ਗੁਜੈਨੀ ਦੀ ਵਿਜੇ ਲਕਸ਼ਮੀ, ਨੇਹਾ ਅਤੇ ਸ਼ਿਵਾਂਗੀ ਸ਼ਾਲੂ ਬਾਜਪਾਈ ਨੇ ਦੱਸਿਆ ਕਿ ਇਸ ਵਰਤ ਦੌਰਾਨ ਉਨ੍ਹਾਂ ਨੇ ਆਪਣੇ ਪਤੀ ਦੀ ਲੰਬੀ ਉਮਰ ਅਤੇ ਪਰਿਵਾਰ ਦੀ ਸੁੱਖ-ਸ਼ਾਂਤੀ ਦੀ ਅਰਦਾਸ ਕੀਤੀ। ਇਸ ਮੌਕੇ ਚੰਦਰਮਾ ਦੀ ਪੂਜਾ ਕਰਨ ਤੋਂ ਬਾਅਦ ਨੇਹਾ ਵਾਜਪਾਈ ਨੇ ਆਪਣੇ ਪਤੀ ਅਨੁਰਾਗ ਦੇ ਪੈਰ ਛੂਹੇ ਅਤੇ ਸ਼ਿਵਾਂਗੀ ਸ਼ਾਲੂ ਨੇ ਪਤੀ ਸੁਬੋਧ ਤੋਂ ਆਸ਼ੀਰਵਾਦ ਮੰਗਿਆ ਅਤੇ ਭਗਵਾਨ ਤੋਂ ਉਨ੍ਹਾਂ ਦੀ ਲੰਬੀ ਉਮਰ ਦੀ ਅਰਦਾਸ ਵੀ ਕੀਤੀ।

ਯਾਦ ਰਹੇ ਕਿ ਇਸ ਕਰਵਾ ਚੌਥ ਵਰਤ ਦਾ ਹਿੰਦੂ ਧਰਮ ਵਿੱਚ ਆਪਣਾ ਮਹੱਤਵ ਹੈ।ਕਰਵਾ ਚੌਥ ਵਰਤ ਵਾਲੇ ਦਿਨ ਵਿਆਹੁਤਾ ਔਰਤਾਂ ਆਪਣੇ ਪਤੀ ਦੀ ਲੰਬੀ ਉਮਰ ਲਈ ਨਿਰਜਲਾ ਵਰਤ ਰੱਖਦੀਆਂ ਹਨ, ਜਿਨ੍ਹਾਂ ਔਰਤਾਂ ਦਾ ਪਹਿਲਾ ਕਰਵਾ ਚੌਥ ਵਰਤ ਰੱਖਿਆ ਜਾਂਦਾ ਹੈ। ਉਨ੍ਹਾਂ ਵਿੱਚ ਇੱਕ ਵੱਖਰੀ ਕਿਸਮ ਦਾ ਜੋਸ਼ ਦੇਖਣ ਨੂੰ ਮਿਲਿਆ। ਇੰਨਾ ਹੀ ਨਹੀਂ ਅੱਜ ਕਰਵਾ ਚੌਥ 'ਤੇ ਔਰਤਾਂ ਵੱਖ-ਵੱਖ ਤਰ੍ਹਾਂ ਦੇ ਕੱਪੜੇ ਪਾਉਂਦੀਆਂ ਨਜ਼ਰ ਆਈਆਂ। ਨਾਲ ਹੀ, ਔਰਤਾਂ ਨੇ ਮਹਿੰਦੀ ਲਗਾਉਣ ਲਈ ਆਪਣਾ ਉਤਸ਼ਾਹ ਦਿਖਾਇਆ।

# ਚੰਡੀਗੜ੍ਹ ਦੀ ਧਰਤੀ 'ਤੇ ਨਿਰੰਕਾਰੀ ਸਤਿਗੁਰੂ ਮਾਤਾ ਜੀ ਦਾ ਆਗਮਨ





**ਚੰਡੀਗੜ੍ਹ (ਲੋਕ ਬਾਣੀ)** - ਸਾਰੇ ਜਨਮਾਂ ਵਿਚੋਂ ਮਨੁੱਖਾ ਜਨਮ ਨੂੰ ਹੀ ਸਰਵੋਤਮ ਕਿਹਾ ਗਿਆ ਹੈ ਕਿਉਂਕਿ ਇਸ ਜਨਮ ਵਿਚ ਹੀ ਮਨੁੱਖੀ ਆਤਮਾ, ਜੋ ਕਈ ਜਨਮਾਂ ਤੋਂ ਭਟਕ ਰਹੀ ਸੀ, ਬ੍ਰਹਮਗਿਆਨ ਦੀ ਪ੍ਰਾਪਤੀ ਰਾਹੀਂ ਹੀ ਪਰਮਾਤਮਾ ਦਾ ਗਿਆਨ ਪ੍ਰਾਪਤ ਕਰ ਸਕਦੀ ਹੈ। ਅਸਲ ਵਿੱਚ ਮਨੁੱਖਾ ਜਨਮ ਦਾ ਮਕਸਦ ਵੀ ਇਹੀ ਹੈ ਕਿਉਂਕਿ ਮਨੁੱਖੀ ਆਤਮਾ ਪ੍ਰਮਾਤਮਾ ਦੀ ਅੰਸ਼ ਹੈ ਅਤੇ ਇਸ ਦਾ ਮੁੱਖ ਮਕਸਦ ਪ੍ਰਮਾਤਮਾ ਦੇ ਗਿਆਨ ਦੀ ਪ੍ਰਾਪਤੀ ਕਰਕੇ ਉਸ ਦੇ ਗੁਣਾਂ ਨੂੰ ਗ੍ਰਹਿਣ ਕਰਨਾ ਹੈ। ਇਹ ਪ੍ਰਵਚਨ ਚੰਡੀਗੜ੍ਹ ਦੇ ਸੈਕਟਰ 34 ਦੇ ਮੇਲਾ ਗਰਾਊਂਡ ਵਿਖੇ ਹੋਏ ਵਿਸ਼ਾਲ ਨਿਰੰਕਾਰੀ ਸੰਤ ਸਮਾਗਮ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਫ਼ਰਮਾਏ।

ਸਤਿਗੁਰੂ ਮਾਤਾ ਸੁਦੀਕਸ਼ਾ ਜੀ ਨੇ ਪ੍ਰਮਾਤਮਾ ਪ੍ਰਤੀ ਮਨ ਵਿਚ ਪੈਦਾ ਹੋਣ ਵਾਲੇ ਭਰਮਾਂ ਦੀ ਚਰਚਾ ਕਰਦਿਆਂ ਕਿਹਾ ਕਿ ਪਰਮਾਤਮਾ ਬਾਰੇ ਜਾਣਨ ਤੋਂ ਪਹਿਲਾਂ ਮਨੁੱਖ ਦੇ ਮਨ ਵਿਚ ਇਹ ਵਿਚਾਰ ਆਉਂਦੇ ਹਨ ਕਿ ਪਰਮਾਤਮਾ ਕਿੱਥੇ ਹੈ, ਕਿਸ ਦਿਸ਼ਾ ਵਿਚ ਹੈ, ਕੋਈ ਆਕਾਸ਼ ਵਿਚ ਦੱਸਦਾ ਹੈ, ਕੋਈ ਵਿਅਕਤੀ ਸਰੀਰ ਦੇ ਕਿਸੇ ਇੱਕ ਹਿੱਸੇ ਵਿੱਚ ਇਸ ਦਾ ਵਰਣਨ ਕਰਦਾ ਹੈ ਪਰ ਬ੍ਰਹਮਗਿਆਨ ਦੀ ਪ੍ਰਾਪਤੀ ਤੋਂ ਬਾਅਦ ਮਨੁੱਖ ਨੂੰ ਹਰ ਕਣ ਵਿੱਚ ਪਰਮਾਤਮਾ ਦਾ ਅਨੁਭਵ ਹੁੰਦਾ ਹੈ ਅਤੇ ਉਸਦੇ ਮਨ ਵਿੱਚ ਪੈਦਾ ਹੋਏ ਸਾਰੇ ਭਰਮ ਦੂਰ ਹੋ ਜਾਂਦੇ ਹਨ।

ਸਤਿਗੁਰੂ ਮਾਤਾ ਸੁਦੀਕਸ਼ਾ ਜੀ ਨੇ ਜੀਵਨ ਵਿੱਚ ਆਉਣ ਵਾਲੇ ਸੁੱਖਾਂ-ਦੁੱਖਾਂ ਦੀ ਚਰਚਾ ਕਰਦਿਆਂ ਕਿਹਾ ਕਿ ਇਸ ਸੰਸਾਰ ਵਿੱਚ ਰਹਿੰਦਿਆਂ ਸਾਰੇ ਮਨੁੱਖਾਂ ਦੇ ਜੀਵਨ ਵਿੱਚ ਸੁੱਖ-ਦੁੱਖ ਆਉਂਦੇ ਹਨ, ਕੁਝ ਸਰੀਰਕ ਦੁੱਖ ਭੋਗਦੇ ਹਨ, ਕੁਝ ਮਾਨਸਿਕ ਚਿੰਤਾਵਾਂ ਤੋਂ ਪੀੜਤ , ਕਿਸੇ ਨੂੰ ਆਰਥਿਕ ਤੰਗੀ ਦਾ ਦੁੱਖ, ਪਰਮਾਤਮਾ ਤੋਂ ਦੂਰ ਰਹਿਣ ਵਾਲੇ ਅਜਿਹੇ ਸਮੇਂ ਪਰਮਾਤਮਾ ਨੂੰ ਦੋਸ਼ੀ ਠਹਿਰਾਉਂਦੇ ਹਨ, ਪਰ ਪਰਮਾਤਮਾ ਨੂੰ ਜਾਣਨ ਵਾਲੇ ਭਗਤ ਸਦਾ ਭਾਣੇ ਵਿੱਚ ਰਹਿੰਦੇ ਹਨ।

ਸਤਿਗੁਰੂ ਮਾਤਾ ਸੁਦੀਕਸ਼ਾ ਜੀ ਨੇ ਪ੍ਰਮਾਤਮਾ ਦਾ ਗਿਆਨ ਹੋਣ ਤੋਂ ਬਾਅਦ ਮਨੁੱਖ ਦੇ ਜੀਵਨ ਵਿੱਚ ਆਉਣ ਵਾਲੀਆਂ ਤਬਦੀਲੀਆਂ 'ਤੇ ਫਰਮਾਉਂਦੇ ਹੋਏ ਕਿਹਾ ਕਿ ਬ੍ਰਹਮਗਿਆਨ ਤੋਂ ਬਾਅਦ ਮਨੁੱਖ ਦੇ ਮਨ ਵਿੱਚ ਅਪਣੇ ਪਰਾਏ ਜਾਂ ਜਾਤ-ਪਾਤ ਨਾਲ ਸਬੰਧਤ ਹੋਣ ਦੀ ਭਾਵਨਾ ਦੂਰ ਹੋ ਜਾਂਦੀ ਹੈ ਫਿਰ ਕਿਸੇ ਦੇ ਵੀ ਪ੍ਰਤੀ ਉਸ ਦੇ ਦਿਲ ਵਿੱਚ ਦੂਰੀਆਂ ਨਹੀਂ ਰਹਿੰਦੀਆਂ , ਦਿਲ ਵਿਸ਼ਾਲ ਹੋ ਜਾਂਦਾ ਹੈ ਅਤੇ ਪਿਆਰ, ਦਇਆ, ਸਹਿਣਸ਼ੀਲਤਾ ਆਦਿ ਰੱਬੀ ਗੁਣ ਪ੍ਰਵੇਸ਼ ਕਰਨ ਲੱਗ ਪੈਂਦੇ ਹਨ।

ਇਸ ਤੋਂ ਪਹਿਲਾਂ ਚੰਡੀਗੜ੍ਹ ਦੇ ਜ਼ੋਨਲ ਇੰਚਾਰਜ ਸ਼੍ਰੀ ਓ.ਪੀ.ਨਿਰੰਕਾਰੀ ਨੇ ਸੰਗਤਾਂ ਦੀ ਤਰਫੋਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਜੀ ਦਾ ਇੱਥੇ ਪੁੱਜਣ 'ਤੇ ਸਵਾਗਤ ਅਤੇ ਧੰਨਵਾਦ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਮੂਹ ਸਥਾਨਕ ਸੰਯੋਜਕਾਂ , ਮੁਖੀਆਂ ਅਤੇ ਸੇਵਾਦਲ ਦੇ ਅਧਿਕਾਰੀਆਂ ਅਤੇ ਮੈਂਬਰਾਂ ਤੋਂ ਇਲਾਵਾ ਚੰਡੀਗੜ੍ਹ ਪ੍ਰਸ਼ਾਸਨ, ਨਗਰ ਪਾਲਿਕਾ, ਪੁਲਿਸ ਪ੍ਰਸ਼ਾਸਨ ਅਤੇ ਹੋਰਨਾਂ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਪੱਧਰੀ 'ਪੁਲਿਸ ਸ਼ਹੀਦੀ ਦਿਵਸ' ਸਬੰਧੀ ਪੁਲਿਸ ਲਾਈਨ ਗੁਰਦਾਸਪੁਰ ਵਿਖੇ ਸਮਾਗਮ

**ਗੁਰਦਾਸਪੁਰ-ਨਵਨੀਤ ਕੁਮਾਰ -**



ਦੇਸ਼ ਦੀ ਖਾਤਰ ਸ਼ਹੀਦੀਆਂ ਦੇਣ ਵਾਲੇ ਪੁਲਿਸ ਜਵਾਨਾਂ ਦੀ ਖਾਤਰ ਹੀ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਇਨਾਂ ਦੀ ਬਦੋਲਤ ਹੀ ਦੇਸ਼ ਅੰਦਰ ਅਮਨ-ਸ਼ਾਂਤੀ ਤੇ ਖੁਸ਼ਹਾਲੀ ਬਰਕਰਾਰ ਹੈ। ਇਹ ਪ੍ਰਗਟਾਵਾ ਸ੍ਰੀ ਹਰੀਸ਼ ਦਾਯਮਾ, ਐਸ.ਐਸ .ਪੀ ਗੁਰਦਾਸਪੁਰ ਨੇ ਪੁਲਿਸ ਲਾਇਨ ਗੁਰਦਾਸਪੁਰ ਵਿਖੇ ਜ਼ਿਲਾ ਪੱਧਰੀ 'ਪੁਲਿਸ ਸ਼ਹੀਦੀ ਦਿਵਸ' ਨੂੰ ਸਮਰਪਿਤ ਕਰਵਾਏ ਗਏ ਸ਼ਹੀਦੀ ਸਮਾਗਮ ਦੋਰਾਨ ਕੀਤਾ। ਇਸ ਮੌਕੇ ਸ੍ਰੀ ਪੀ ਐਸ ਰਾਏ, ਐਡੀਸ਼ਨਲ ਸ਼ੈਸਨ ਜੱਜ ਗੁਰਦਾਸਪੁਰ, ਸ੍ਰੀ ਆਰ ਐਸ ਚੀਮਾ, ਸੀ.ਜੀ.ਐਮ ਗੁਰਦਾਸਪੁਰ, ਸ੍ਰੀ ਕਰਮਜੀਤ ਸਿੰਘ ਐਸ.ਡੀ.ਐਮ ਗੁਰਦਾਸਪੁਰ, ਜੁਗਰਾਜ ਸਿੰਘ, ਐਸ ਪੀ (ਐਚ), ਬਲਵਿੰਦਰ ਸਿੰਘ ਰੰਧਾਵਾ (ਡੀ), ਸਮੂਹ ਡੀ.ਐਸ.ਪੀਜ਼ ਅਤੇ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਤੇ ਪੰਜਾਬ ਪੁਲਿਸ ਦੇ ਸਾਬਕਾ ਅਧਿਕਾਰੀ ਤੇ ਕਰਮਚਾਰੀ ਵੀ ਮੋਜੂਦ ਸਨ। ਐਸ.ਐਸ.ਪੀ, ਹਰੀਸ਼ ਦਾਯਮਾ ਨੇ ਸ਼ਹੀਦੀ ਸਮਾਗਮ ਵਿੱਚ ਪਹੁੰਚੇ ਸਮੂਹ ਹਾਜਰੀਨ ਅਤੇ ਸ਼ਹੀਦ ਜਵਾਨਾਂ ਦੇ ਪਰਿਵਾਰਕ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਦਾ ਇਤਿਹਾਸ ਗੋਰਵਮਈ ਤੇ ਸ਼ਾਨਮੱਤਾ ਹੈ, ਜਿਸੇ ਨੇ ਦੇਸ਼ ਦੀ ਅੰਦਰੂਨੀ ਤੇ ਬਾਹਰੀ ਸੁਰੱਖਿਆ ਲਈ ਹਮੇਸ਼ਾਂ ਅੱਗੇ ਹੋ ਕੇ ਕੁਰਬਾਨੀਆਂ ਕੀਤੀਆਂ। ਉਨਾਂ ਕਿਹਾ ਕਿ ਪੰਜਾਬ ਅੰਦਰ ਜਦ ਅੱਤਵਾਦ ਦੇ ਕਾਲੇ ਬੱਦਲਾਂ ਦਾ ਦੌਰ ਚੱਲ ਰਿਹਾ ਸੀ ਤੇ ਪੁਲਿਸ ਜਵਾਨਾਂ ਤੇ ਅਧਿਕਾਰੀਆਂ ਨੇ ਸ਼ਹਦਾਤਾਂ ਜਾ ਜਾਮ ਪੀ ਕੇ ਦੇਸ਼ ਅੰਦਰ ਅਮਨ-ਸ਼ਾਂਤੀ ਕਾਇਮ ਰੱਖੀ। ਉਨਾਂ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਅਤੇ ਆਜ਼ਾਦੀ ਤੋਂ ਬਾਅਦ ਦੇਸ਼ ਅੰਦਰ ਅਮਨ-ਸਾਂਤੀ ਦੀ ਰੱਖਿਆ ਲਈ ਸੁਰੱਖਿਆ ਫੋਰਸ ਨੇ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ, ਜਿਨਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨਾਂ ਕਿਹਾ ਕਿ ਅੱਜ ਦੇ ਸਮਾਗਮ ਵਿਚ ਸਾਡੀ ਸੱਚੀ ਸਰਧਾਂਜਲੀ ਇਹੀ ਹੋਵੇਗੀ ਕਿ ਅਸ਼ੀ ਸ਼ਹੀਦ ਹੋਏ ਪਰਿਵਾਰਾਂ ਦੇ ਦੁੱਖ-ਸੁੱਖ ਵਿਚ ਸ਼ਾਮਿਲ ਹੋਈਏ ਤੇ ਉਨਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰੀਏ। ਆਪਣੀ ਡਿਊਟੀ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਈਏ। ਉਨਾਂ ਕਿਹਾ ਕਿ ਪੰਜਾਬ ਪੁਲਿਸ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਲਾਮ ਕਰਦੀ ਹੈ, ਹਮੇਸ਼ਾਂ ਇਨਾਂ ਪਰਿਵਾਰਾਂ ਨਾਲ ਮੋਢਾ ਨਾਲ ਮੋਢਾ ਲਾ ਕੇ ਖੜ੍ਹੀ ਹੈ ਅਤੇ ਸ਼ਹੀਦ ਪਰਿਵਾਰਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਅਧਾਰ ਤੇ ਹੱਲ ਕਰਨ ਲਈ ਵਚਨਬੱਧ ਹੈ। ਉਨਾਂ ਅੱਜ ਦੇ 21 ਅਕਤੂਬਰ ਦਿਨ ਦਾ ਇਤਿਹਾਸ ਦੱਸਦਿਆਂ ਦੱਸਿਆ ਕਿ 21 ਅਕਤੂਬਰ 1959 ਨੂੰ ਲੱਦਾਖ ਦੇ ਹੋਟ ਸਪਰਿੰਗ ਖੇਤਰ ਵਿਚ ਸੀ.ਆਰ.ਪੀ.ਐਫ ਤੇ ਇੰਨਟੈਲੀਜੈਸ ਬਿਊਰੋ ਦੀ ਸਾਂਝੀ ਪੈਟਰੋਲਿੰਗ ਪਾਰਟੀ, ਭਾਰਤ-ਚੀਨ ਦੀ ਸਰਹੱਦ ਤੇ ਗਸ਼ਤ ਕਰ ਰਹੀ ਸੀ ਤੇ ਇਸ ਪਾਰਟੀ ਵਿਚ ਕਰੀਬ 10 ਜਵਾਨ ਹੀ ਸ਼ਾਮਿਲ ਸਨ ਤੇ ਚੀਨੀ ਫੋਜਾਂ ਨੇ ਹਮਲਾ ਕਰ ਦਿੱਤਾ ਪਰ ਇਨਾਂ ਜਵਾਨਾਂ ਨੇ ਬਹੁਤ ਬਹਾਦਰੀ ਨਾਲ ਦੁਸ਼ਮਣਾ ਦਾ ਟਾਕਰਾ ਕੀਤਾ ਤੇ ਉਨਾਂ ਦੇ ਦੰਦ ਖੱਟ ਕੀਤੇ ਪਰ ਆਪਣੀ ਮਾਤਰ ਭੂਮੀ ਵਿਚ ਦਾਖਲ ਨਹੀਂ ਹੋਣ ਦਿੱਤਾ। ਉਸੇ ਦਿਨ ਦੀ ਯਾਦ ਵਿਚ ਅੱਜ ਪੂਰੇ ਭਾਰਤ ਵਿਚ' ਪੁਲਿਸ ਸ਼ਹੀਦੀ ਦਿਵਸ' ਮਨਾਇਆ ਜਾਂਦਾ ਹੈ। ਇਸ ਦੀ ਸ਼ੁਰੂਆਤ 1960 ਵਿਚ ਕੀਤੀ ਗਈ।

ਉਪਰੰਤ ਦਿਲਪ੍ਰੀਤ ਸਿੰਘ, ਆਈ. ਪੀ. ਐਸ, ਏ. ਐਸ. ਪੀ, ਦੀਨਾਨਗਰ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੇ ਜਵਾਨਾਂ ਵਲੋਂ ਸ਼ਹੀਦਾਂ ਨੂੰ ਸਲਾਮੀ ਦਿੱਤੀ ਗਈ ਤੇ ਸਮਾਗਮ ਵਿਚ ਪੁਹੰਚੀਆਂ ਸਮੂਹ ਹਸਤੀਆਂ ਵਲੋਂ ਸ਼ਹੀਦੀ ਸਮਾਰਕ ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਹਏ।

ਇਸ ਤੋਂ ਪਹਿਲਾਂ ਕੁਲਵੰਤ ਸਿੰਘ, ਡੀ. ਐਸ.ਪੀ (ਦਿਹਾਤੀ) ਵਲੋਂ ਸ਼ਹੀਦ ਹੋਏ ਜਵਾਨਾਂ ਤੇ ਅਧਿਕਾਰੀਆਂ ਦੇ ਨਾਂਅ ਪੜ੍ਹ ਕੇ ਸੁਣਾਏ ਗਏ। ਉਪਰੰਤ ਐਸ ਐਸ ਪੀ ਗੁਰਦਾਸਪੁਰ ਅਤੇ ਮੁੱਖ ਸਖਸੀਅਤਾਂ ਵਲੋਂ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ ਤੇ ਪਰਿਵਾਰ ਵਾਲਿਆਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਗਈਆਂ। ਇਸ ਮੌਕੇ ਸਮੂਹ ਅਧਿਕਾਰੀਆਂ ਵੱਲੋਂ ਸ਼ਹੀਦੀ ਗੈਲਰੀ ਦਾ ਦੌਰਾ ਕੀਤਾ ਗਿਆ ਅਤੇ ਸਮਾਗਮ ਦੇ ਆਖਰ ਵਿਚ ਸਾਰਿਆਂ ਨੇ ਨਾਸ਼ਤਾ ਕੀਤਾ। ਇਸ ਮੌਕੇ ਪੁਲਿਸ ਜ਼ਿਲੇ ਦੇ ਸਮੂਹ ਐਸ.ਐਚ.ਓਜ਼ ਸਮੇਤ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਦੇ ਮੈਂਬਰ ਆਦਿ ਹਾਜ਼ਰ ਸਨ।

# ਇਹ ਦੀਵਾਲੀ ਹੋਵੇਗੀ ਹੋਰ ਵੀ ਖਾਸ ਕਿਉਂਕਿ ਜ਼ੀ ਪੰਜਾਬੀ ਲੈ ਕੇ ਆ ਰਿਹਾ ਹੈ ਪੰਜਾਬੀ ਹਿੱਟ ਫਿਲਮ ਨਿਗਹਾ ਮਾਰਦਾ ਆਈ ਵੇ 27 ਅਕਤੂਬਰ ਨੂੰ ਦੁਪਹਿਰ 1 ਵਜੇ



ਜਿਵੇਂ ਕਿ ਦੀਵਾਲੀ ਦੇ ਜਸ਼ਨ ਹਰ ਇੱਕ ਦੇ ਘਰਾਂ ਨੂੰ ਰੌਸ਼ਨ ਕਰਦੇ ਹਨ, ਜ਼ੀ ਪੰਜਾਬੀ ਆਪਣੇ ਦਰਸ਼ਕਾਂ ਲਈ ਇੱਕ ਰੋਮਾਂਚਕ ਤੋਹਫ਼ੇ ਨਾਲ ਤਿਉਹਾਰ ਦੀ ਖੁਸ਼ੀ ਵਿੱਚ ਵਾਧਾ ਕਰ ਰਿਹਾ ਹੈ! ਪਹਿਲੀ ਵਾਰ, ਬਹੁਤ ਪਸੰਦੀਦਾ ਪੰਜਾਬੀ ਫਿਲਮ ÷ਨਿਗ੍ਹਾ ਮਾਰਦਾ ਆਈ ਵੇ 27 ਅਕਤੂਬਰ ਨੂੰ ਦੁਪਹਿਰ 1 ਵਜੇ ਇੱਕ ਸ਼ਾਨਦਾਰ ਵਰਲਡ ਟੈਲੀਵਿਜ਼ਨ ਪ੍ਰੀਮੀਅਰ ਵਿੱਚ ਪ੍ਰਸਾਰਿਤ ਕੀਤੀ ਜਾਵੇਗੀ।

ਗੁਰਨਾਮ ਭੁੱਲਰ ਹਰਮਨ ਅਤੇ ਸਰਗੁਣ ਮਹਿਤਾ ਸਕਾਰਲੇਟ ਦੇ ਰੂਪ ਵਿੱਚ, ਫਿਲਮ ਦਰਸ਼ਕਾਂ ਨੂੰ ਪਿਆਰ, ਦਿਲ ਟੁੱਟਣ ਅਤੇ ਸਵੈ-ਖੋਜ ਦੇ ਇੱਕ ਅਭੁੱਲ ਸਫ਼ਰ 'ਤੇ ਲੈ ਜਾਂਦੀ ਹੈ। ਹਰਮਨ ਅਤੇ ਸਕਾਰਲੇਟ ਦੀ ਕਹਾਣੀ ਇੱਕ ਰੋਮਾਂਚਕ ਸੜਕੀ ਯਾਤਰਾ ਦੀ ਪਿੱਠਭੂਮੀ ਦੇ ਵਿਰੁੱਧ ਸੈੱਟ ਕੀਤੀ ਗਈ, ਸਿਰਫ ਦੋ ਵਿਅਕਤੀਆਂ ਨੂੰ ਪਿਆਰ ਕਰਨ ਬਾਰੇ ਨਹੀਂ ਹੈ - ਇਹ ਜ਼ਿੰਦਗੀ ਦੀਆਂ ਅਚਾਨਕ ਚੁਣੌਤੀਆਂ ਨੂੰ ਪਾਰ ਕਰਨ ਬਾਰੇ ਹੈ।

ਮਨਮੋਹਕ ਲੈਂਡਸਕੇਪ, ਰੂਹਾਨੀ ਸੰਗੀਤ, ਅਤੇ ਉੱਚ ਭਾਵਨਾਵਾਂ ਦੇ ਪਲਾਂ ਦੇ ਨਾਲ, ਫਿਲਮ ਦਰਸ਼ਕਾਂ ਨੂੰ ਉਹਨਾਂ ਦੀਆਂ ਸਕ੍ਰੀਨਾਂ 'ਤੇ ਚਿਪਕਾਏ ਰੱਖਣ ਦਾ ਵਾਅਦਾ ਕਰਦੀ ਹੈ। ਨਿਗ੍ਹਾ ਮਾਰਦਾ ਆਈ ਵੇ ਸਿਰਫ਼ ਰੋਮਾਂਸ ਤੋਂ ਇਲਾਵਾ ਹੋਰ ਵੀ ਪੇਸ਼ਕਸ਼ ਕਰਦਾ ਹੈ; ਇਹ ਤਾਂਘ ਅਤੇ ਕੁਨੈਕਸ਼ਨ ਦੀ ਕਹਾਣੀ ਹੈ, ਜੋ ਪ੍ਰਸ਼ੰਸਕਾਂ ਨੂੰ ਹੈਰਾਨ ਕਰ ਰਹੀ ਹੈ, ÷ਕੀ ਇਹ ਸਟਾਰ-ਕ੍ਰਾਸਡ ਪ੍ਰੇਮੀ ਦੁਬਾਰਾ ਇਕੱਠੇ ਹੋਣਗੇ ?÷

ਜ਼ੀ ਪੰਜਾਬੀ ਦੇ ਹਰ ਘਰ ਵਿੱਚ ਮਿਆਰੀ ਮਨੋਰੰਜਨ ਪਹੁੰਚਾਉਣ ਦੇ ਚੱਲ ਰਹੇ ਯਤਨਾਂ ਦੇ ਹਿੱਸੇ ਵਜੋਂ, ਚੈਨਲ ਤਿਉਹਾਰਾਂ ਦੇ ਸੀਜ਼ਨ ਦੌਰਾਨ ਇਸ ਸਿਨੇਮਿਕ ਟ੍ਰੀਟ ਨੂੰ ਤੋਹਫ਼ੇ ਵਿੱਚ ਦੇਣ ਲਈ ਬਹੁਤ ਖੁਸ਼ ਹੈ। ਗੁਰਨਾਮ ਭੁੱਲਰ ਅਤੇ ਸਰਗੁਣ ਮਹਿਤਾ ਦੀ ਕੈਮਿਸਟਰੀ ਨੂੰ ਕੇਂਦਰੀ ਪੜਾਅ 'ਤੇ ਲੈ ਕੇ, ਫਿਲਮ ਭਾਵਨਾਵਾਂ ਅਤੇ ਜੀਵਨ ਸਬਕ ਦੇ ਰੋਲਰਕੋਸਟਰ ਦਾ ਵਾਅਦਾ ਕਰਦੀ ਹੈ।

ਇਸ ਦਿਲ ਨੂੰ ਛੂਹਣ ਵਾਲੀ ਕਹਾਣੀ ਨੂੰ ਨਾ ਭੁੱਲੋ! 27 ਅਕਤੂਬਰ ਨੂੰ ਦੁਪਹਿਰ 1 ਵਜੇ ਜ਼ੀ ਪੰਜਾਬੀ 'ਤੇ ਟਿਊਨ ਇਨ ਕਰੋ ਅਤੇ ਦੀਵਾਲੀ ਦਾ ਜਸ਼ਨ ਇੱਕ ਅਜਿਹੀ ਕਹਾਣੀ ਨਾਲ ਮਨਾਓ ਜੋ ਤੁਹਾਨੂੰ ਭਾਵੁਕ ਅਤੇ ਪ੍ਰੇਰਿਤ ਦੋਵੇਂ ਛੱਡ ਦੇਵੇਗੀ।

PUNJABI SLOGANS .COM
ਆਓ ਮਿਲ ਕੇ ਅਭਿਆਨ ਚਲਾਈਏ
ਤੰਬਾਕੂ ਮੁਕਤ ਦੇਸ਼ ਬਣਾਈਏ.

# ਪਰਾਲੀ ਦੇ ਨਿਪਟਾਰੇ ਦੇ ਉਪਾਅ

ਪਰਾਲੀ ਦਾ ਨਿਪਟਾਰਾ ਇੱਕ ਗੰਭੀਰ ਸਮੱਸਿਆ ਹੈ। ਪਰਾਲੀ ਸਾੜਨ ਨਾਲ ਹੋਣ ਵਾਲੇ ਪ੍ਰਦੂਸ਼ਣ ਨਾਲ ਨਜਿੱਠਣ ਲਈ ਹਰ ਸਾਲ ਦਾਅਵੇ ਕੀਤੇ ਜਾਂਦੇ ਹਨ ਪਰ ਵਿਡੰਬਨਾ ਇਹ ਹੈ ਕਿ ਅੱਜ ਤੱਕ ਇਸ ਸਮੱਸਿਆ ਦਾ ਕੋਈ ਸਥਾਈ ਹੱਲ ਨਹੀਂ ਨਿਕਲਿਆ। ਇਸ ਸਬੰਧੀ ਭਾਵੇਂ ਦਾਅਵੇ ਕੀਤੇ ਜਾ ਰਹੇ ਹਨ ਪਰ ਅਸਲ ਵਿੱਚ ਇਹ ਸਮੱਸਿਆ ਹਰ ਸਾਲ ਹੋਰ ਗੰਭੀਰ ਹੁੰਦੀ ਜਾ ਰਹੀ ਹੈ। ਦੁੱਖ ਦੀ ਗੱਲ ਇਹ ਹੈ ਕਿ ਸਰਕਾਰਾਂ ਨੂੰ ਉਦੋਂ ਹੀ ਪਤਾ ਲੱਗ ਜਾਂਦਾ ਹੈ ਜਦੋਂ ਇਸ ਸਮੱਸਿਆ ਕਾਰਨ ਹਵਾ ਪ੍ਰਦੂਸ਼ਣ ਵਿੱਚ ਭਾਰੀ ਵਾਧਾ ਹੋਣ ਕਾਰਨ ਲੋਕਾਂ ਦਾ ਸਾਹ ਲੈਣਾ ਔਖਾ ਹੋ ਜਾਂਦਾ ਹੈ। ਜੇਕਰ ਦੇਖਿਆ ਜਾਵੇ ਤਾਂ ਹਰ ਸਾਲ ਪਰਾਲੀ ਸਾੜਨ ਕਾਰਨਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ, ਉੱਤਰ ਪ੍ਰਦੇਸ਼ ਦਾ ਪੱਛਮੀ ਹਿੱਸਾ, ਹਰਿਆਣਾ ਅਤੇ ਪੰਜਾਬ ਅਕਤੂਬਰ ਤੋਂ ਦਸੰਬਰ ਤੱਕ ਗੰਭੀਰ ਹਵਾ ਪ੍ਰਦੂਸ਼ਣ ਦੀ ਲਪੇਟ ਵਿੱਚ ਰਹਿੰਦੇ ਹਨ। ਇਹ ਮਹੀਨੇ ਇੱਥੋਂ ਦੇ ਲੋਕਾਂ ਲਈ ਮੁਸੀਬਤ ਬਣ ਕੇ ਆਉਂਦੇ ਹਨ, ਕਿਉਂਕਿ ਇਨ੍ਹਾਂ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਇਸ ਨੂੰ ਰੋਕਣ ਲਈ ਕੀਤੇ ਗਏ ਸਾਰੇ ਯਤਨ, ਮੁਹਿੰਮਾਂ ਅਤੇ ਸਾਰੇ ਕਦਮ ਬੇਕਾਰ ਸਾਬਤ ਹੁੰਦੇ ਹਨ। ਨਤੀਜੇ ਵਜੋਂ ਹਵਾ ਪ੍ਰਦੂਸ਼ਣ ਦੀ ਗੰਭੀਰਤਾ ਦਿਨੋਂ-ਦਿਨ ਵਧਦੀ ਜਾ ਰਹੀ ਹੈ ਅਤੇ ਸਰਕਾਰਾਂ ਇਸ ਦੇ ਸਾਹਮਣੇ ਬੇਵੱਸ ਦਿਖਾਈ ਦਿੰਦੀਆਂ ਹਨ। ਇਹ ਸਭ ਉਦੋਂ ਹੁੰਦਾ ਹੈ ਜਦੋਂ ਪਰਾਲੀ ਸਾੜਨ 'ਤੇ ਪਾਬੰਦੀ ਹੁੰਦੀ ਹੈ ਹੈ। ਸੁਪਰੀਮ ਕੋਰਟ ਨੇ ਇਸ ਗੱਲ 'ਤੇ ਵੀ ਗੰਭੀਰ ਚਿੰਤਾ ਪ੍ਰਗਟਾਈ ਹੈ ਕਿ ਇਹ ਕਿਹੋ ਜਿਹਾ ਪ੍ਰਬੰਧ ਹੈ ਕਿ ਪਾਬੰਦੀ ਦੇ ਬਾਵਜੂਦ ਪਰਾਲੀ ਸਾੜੀ ਜਾ ਰਹੀ ਹੈ। ਇਸ ਤੋਂ ਇਹ ਵੀ ਸਾਬਤ ਹੁੰਦਾ ਹੈ ਕਿ ਉਹ ਪ੍ਰਦੂਸ਼ਣ ਨੂੰ ਰੋਕਣ ਵਿੱਚ ਮਾਹਿਰ ਹਨ। ਸਾਹ ਜ਼ਹਿਰੀਲੀ ਹਵਾ: ਰਾਜਧਾਨੀ ਵਿੱਚ ਵੱਧ ਰਹੇ ਹਵਾ ਪ੍ਰਦੂਸ਼ਣ ਕਾਰਨ ਇੱਥੋਂ ਦੇ ਲੋਕ ਜ਼ਹਿਰੀਲੀ ਹਵਾ ਵਿੱਚ ਸਾਹ ਲੈਣ ਲਈ ਮਜਬੂਰ ਹਨ।

ਇਸ ਕਾਰਨ ਦਿੱਲੀ ਵਿੱਚ ਵੱਡੀ ਗਿਣਤੀ ਵਿੱਚ ਲੋਕ ਦਮੇ ਤੋਂ ਪੀੜਤ ਹਨ। ਨਤੀਜੇ ਵਜੋਂ, ਵਧਦਾ ਹਵਾ ਪ੍ਰਦੂਸ਼ਣ ਪਹਿਲਾਂ ਹੀ ਦਮੇ ਤੋਂ ਪੀੜਤ ਲੋਕਾਂ ਲਈ ਘਾਤਕ ਬਣ ਜਾਂਦਾ ਹੈ। ਅਜਿਹੇ ਹਾਲਾਤਾਂ ਵਿੱਚ ਅਸਥਮਾ ਦੇ ਮਰੀਜ਼ਾਂ ਵਿੱਚ ਵਾਧਾ ਹੁੰਦਾ ਹੈਇਹ ਇੱਕ ਖਤਰਨਾਕ ਸੰਕੇਤ ਹੈ। ਵੈਸੇ ਵੀ ਮੌਸਮ 'ਚ ਬਦਲਾਅ ਕਾਰਨ ਪ੍ਰਦੂਸ਼ਣ ਵਧ ਰਿਹਾ ਹੈ। ਪੰਜਾਬ ਵਿੱਚ ਹੁਣ ਤੱਕ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਨੌਂ ਗੁਣਾ ਵਾਧਾ ਦਰਜ ਕੀਤਾ ਗਿਆ ਹੈ। ਮੰਨਿਆ ਜਾ ਰਿਹਾ ਹੈ ਕਿ ਇਸ ਵਾਰ ਪੰਜਾਬ ਵਿੱਚ ਝੋਨੇ ਦੀ ਕਟਾਈ ਤੋਂ ਬਾਅਦ 200 ਲੱਖ ਟਨ ਪਰਾਲੀ ਰਹਿ ਜਾਵੇਗੀ, ਜਦੋਂ ਕਿ ਸੂਬੇ ਦਾ ਟੀਚਾ ਸਿਰਫ਼ 20 ਲੱਖ ਟਨ ਪਰਾਲੀ ਦਾ ਪ੍ਰਬੰਧਨ ਕਰਨ ਦਾ ਹੈ। ਜ਼ਾਹਿਰ ਹੈ ਕਿ ਪ੍ਰਬੰਧਾਂ ਦੀ ਅਣਗਹਿਲੀ ਕਾਰਨ ਬਾਕੀ ਬਚੀ ਪਰਾਲੀ ਸਾੜ ਦਿੱਤੀ ਜਾਵੇਗੀ। ਭਾਵੇਂ ਪੰਜਾਬ ਸਰਕਾਰ ਨੇ ਪਰਾਲੀ ਦੇ ਨਿਪਟਾਰੇ ਲਈ 58 ਕੰਪਰੈੱਸਡ ਲੈਫਟ ਗੈਸ ਪਲਾਂਟ ਲਗਾਉਣ ਦੀ ਮਨਜ਼ੂਰੀ ਦੇ ਦਿੱਤੀ ਹੈ, ਪਰ ਇਸ ਕੋਲ ਪਰਾਲੀ ਨੂੰ ਸਟੋਰ ਕਰਨ ਲਈ ਜ਼ਮੀਨ ਨਹੀਂ ਹੈ।ਇਹ ਨਹੀਂ ਹੈ। ਵਾਤਾਵਰਨ ਦੀ ਸਫ਼ਾਈ: ਵਾਤਾਵਰਨ ਨੂੰ ਸਾਫ਼ ਰੱਖਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਸਵੱਛ ਵਾਤਾਵਰਣ ਨੂੰ ਯਕੀਨੀ ਬਣਾਉਣਾ ਕੇਂਦਰ, ਰਾਜ, ਸਮਾਜ ਅਤੇ ਲੋਕਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਸਾਰਿਆਂ ਨੂੰ ਇਹ ਇਮਾਨਦਾਰੀ ਨਾਲ ਕਰਨਾ ਚਾਹੀਦਾ ਹੈ। ਪਰ ਇਸ ਵਿੱਚ ਅਸੀਂ ਅਸਫਲ ਰਹੇ ਹਾਂ। ਹਵਾ ਪ੍ਰਦੂਸ਼ਣ ਨੂੰ ਨਾ ਸਿਰਫ਼ ਉਸ ਸਮੇਂ, ਖਾਸ ਕਰਕੇ ਸਰਦੀਆਂ ਦੌਰਾਨ, ਜਦੋਂ ਅਸਮਾਨ ਧੂੰਏਂ ਅਤੇ ਜ਼ਹਿਰੀਲੀਆਂ ਗੈਸਾਂ ਨਾਲ ਢੱਕਿਆ ਹੁੰਦਾ ਹੈ, ਸਗੋਂ ਪੂਰੇ ਸਾਲ ਲਈ ਇੱਕ ਤਾਲਮੇਲ ਵਾਲੀ ਕਾਰਜ ਯੋਜਨਾ ਬਣਾਉਣ ਦੀ ਲੋੜ ਹੈ। ਪੂਰੇ ਦੇਸ਼ ਵਿੱਚ ਹਵਾ ਪ੍ਰਦੂਸ਼ਣ ਦੀ ਸਥਿਤੀ ਦਾ ਅੰਦਾਜ਼ਾ ਸਹਿਜੇ ਹੀ ਲਗਾਇਆ ਜਾ ਸਕਦਾ ਹੈ ਹੈ। ਪਿਛਲੇ ਸਾਲ, ਦਿੱਲੀ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ ਜਿਸ ਵਿੱਚ ਕਿਹਾ ਜਾਂਦਾ ਸੀ ਕਿ ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਹਵਾ ਪ੍ਰਦੂਸ਼ਣ ਦਾ ਪੱਧਰ ਹਰ ਸਾਲ ਗੁਆਂ .ੀ ਰਾਜਾਂ ਵਿੱਚ ਸਖ਼ਤ ਦੇ ਸੜਨ ਦੇ ਕਾਰਨ ਵਧਦਾ ਜਾਂਦਾ ਹੈ. ਇਸ ਨੂੰ ਨਿਯੰਤਰਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਜ਼ੋਰ ਦੇ ਤੂਫਾਨ ਤੋਂ ਖਾਦ ਬਣਾਉਣ 'ਤੇ ਰੱਖਿਆ ਜਾਣਾ ਚਾਹੀਦਾ ਹੈ. ਅਜਿਹਾ ਕਰਨ ਨਾਲ ਦੋਹਰੇ ਲਾਭ ਹੋਣਗੇ। ਖਾਦ ਨੂੰ ਵਧਾਉਣ ਨਾਲ ਵੱਧ ਰਹੇ ਪ੍ਰਦੂਸ਼ਣ ਨੂੰ ਅਤੇ ਦੂਜੇ ਪਾਸੇ, ਕਿਸਾਨ ਇਸ ਖਾਦ ਦੀ ਵਰਤੋਂ ਕਰਕੇ ਬਿਹਤਰ ਅਤੇ ਰਸਾਇਣਕ-ਮੁਕਤ ਉਪਜ ਪ੍ਰਾਪਤ ਕਰਨ ਦੇ ਯੋਗ ਹੋਣਗੇ. ਹਵਾ ਪ੍ਰਦੂਸ਼ਣ ਵਿੱਚ ਹੋਰ ਕਾਰਕਾਂ ਦੀ ਭੂਮਿਕਾਇਹ ਅਹਿਮ ਭੂਮਿਕਾ ਨਿਭਾਉਂਦਾ ਹੈ ਪਰ ਸੜਕਾਂ 'ਤੇ ਉੱਡਦੀ ਧੂੜ ਅਤੇ ਉਥੇ ਫੈਲਿਆ ਕੂੜਾ ਅਤੇ ਬਾਇਓਮਾਸ ਵੀ ਇਸ 'ਚ ਅਹਿਮ ਯੋਗਦਾਨ ਪਾਉਂਦਾ ਹੈ। ਇਸ ਨਾਲ ਵਾਤਾਵਰਨ ਵਿੱਚ ਜ਼ਹਿਰ ਦਾ ਕਾਕਟੇਲ ਪੈਦਾ ਹੋ ਜਾਂਦਾ ਹੈ। ਵਾਤਾਵਰਣ ਵਿੱਚ ਸਭ ਤੋਂ ਘਾਤਕ ਅਕਾਰਬਨਿਕ ਐਰੋਸੋਲ ਪਾਵਰ ਪਲਾਂਟਾਂ, ਉਦਯੋਗਾਂ, ਆਵਾਜਾਈ ਅਤੇ ਖੇਤੀਬਾੜੀ ਗਤੀਵਿਧੀਆਂ ਦੁਆਰਾ ਪੈਦਾ ਕੀਤੇ ਗਏ ਅਮੋਨੀਆ ਤੋਂ ਨਿਕਲਣ ਵਾਲੇ ਸਲਫਿਊਰਿਕ ਐਸਿਡ ਅਤੇ ਨਾਈਟ੍ਰੋਜਨ ਆਕਸਾਈਡ ਦੇ ਸੁਮੇਲ ਦੁਆਰਾ ਬਣਾਏ ਗਏ ਹਨ। ਇਹ ਕਾਕਟੇਲ ਲਗਭਗ 23 ਫੀਸਦੀ ਹਵਾ ਪ੍ਰਦੂਸ਼ਣ ਦਾ ਕਾਰਨ ਹੈ। ਜੇਕਰ ਅਸੀਂ ਦਿੱਲੀ ਦੇ ਹਵਾ ਪ੍ਰਦੂਸ਼ਣ ਦਾ ਜਾਇਜ਼ਾ ਲੈਂਦੇ ਹਾਂ, ਤਾਂ ਸਾਨੂੰ ਪਤਾ ਲੱਗਦਾ ਹੈ ਕਿ ਦਿੱਲੀ ਵਿੱਚ 20 ਫੀਸਦੀ ਧੂੰਆਂ ਵਾਹਨਾਂ ਤੋਂ ਨਿਕਲਦਾ ਹੈ।ਇਨ੍ਹਾਂ ਵਿੱਚੋਂ 60 ਫੀਸਦੀ ਦਿੱਲੀ ਤੋਂ ਬਾਹਰ ਦੇ ਵਾਹਨਾਂ ਤੋਂ ਅਤੇ ਲਗਭਗ 20 ਫੀਸਦੀ ਬਾਇਓਮਾਸ ਨੂੰ ਸਾੜਨ ਤੋਂ ਆਉਂਦਾ ਹੈ। ਇਸ ਸੰਦਰਭ ਵਿੱਚ ਕੀਤੇ ਗਏ ਕਈ ਤਾਜ਼ਾ ਖੋਜ ਅਧਿਐਨਾਂ ਵਿੱਚ ਇਹ ਦਰਸਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਕਿ ਹਵਾ ਪ੍ਰਦੂਸ਼ਣ ਦੀ ਸਮੱਸਿਆ ਕਿਸੇ ਜੰਗ ਦੇ ਖ਼ਤਰੇ ਤੋਂ ਘੱਟ ਨਹੀਂ ਹੈ, ਇਸ ਲਈ ਵਿਕਾਸ ਦਾ ਦਾਅਵਾ ਉਸ ਸਥਿਤੀ ਵਿੱਚ ਹੀ ਕਾਰਗਰ ਹੋ ਸਕਦਾ ਹੈ ਜਦੋਂ ਹਵਾ ਦੀ ਸਮੱਸਿਆ ਪ੍ਰਦੂਸ਼ਣ ਜੰਗ ਦੇ ਖਤਰੇ ਤੋਂ ਘੱਟ ਨਹੀਂ ਹੈ, ਆਓ ਆਪਣੇ ਦੇਸ਼ ਦੇ ਮੌਜੂਦਾ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਸਦਾ ਹੱਲ ਲੱਭਣ ਦੀ ਕੋਸ਼ਿਸ਼ ਕਰੀਏ।



ਵਿਜੇ ਗਰਗ
ਰਿਟਾਇਰਡ ਪ੍ਰਿੰਸੀਪਲ
ਐਜੂਕੇਸ਼ਨਲ ਕਾਲਮਨਿਸਟ
ਸਟਰੀਟ ਕੌਰ ਚੰਦ ਐਮ.ਐਚ.
ਆਰ ਮਲੋਟ ਪੰਜਾਬ।

## ਫੋਟੋ ਗੈਲਰੀ....



ਛੇਵੀਂ ਪਾਤਸ਼ਾਹੀ ਗੁਰਦੁਆਰਾ ਅਲੀਪੁਰ ਖਾਲਸਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਮਨਪ੍ਰੀਤ ਸਿੰਘ ਜੀ ਖਾਲਸਾ ਦੀ ਅਗਵਾਈ ਹੇਠ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਾਲਾਨਾ ਧਾਰਮਿਕ ਸਮਾਗਮ ਦੌਰਾਨ ਸਜਾਏ ਗਏ ਨਗਰ ਕੀਰਤਨ ਵਿੱਚ ਹਾਜ਼ਰੀ ਭਰਦੀਆਂ ਹੋਈਆਂ ਸੰਗਤਾਂ ਅਤੇ ਵੱਖ ਵੱਖ ਸ਼ਖਸੀਅਤਾਂ। ( ਪੱਤਰਕਾਰ ਸੱਤਪਾਲ ਕਾਲਾਬੂਲਾ ਦੀ ਰਿਪੋਰਟ..)

# ਗੁਰਦੁਆਰਾ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵੱਲੋਂ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਜਾਇਆ ਵਿਸਾਲ ਨਗਰ ਕੀਰਤਨ

## ਸੰਤ ਬਾਬਾ ਹਰਜੀਤ ਸਿੰਘ ਇੰਗਲੈਂਡ ਵਾਲੇ ਅਤੇ ਬਾਬਾ ਮਨਪ੍ਰੀਤ ਸਿੰਘ ਖਾਲਸਾ ਵੱਲੋਂ ਕੀਤਾ ਸੰਗਤਾਂ ਦਾ ਧੰਨਵਾਦ

**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)** ਸ੍ਰੀ ਗੁਰੂ ਗੋਬਿੰਦ ਸਾਹਿਬ ਮਹਾਰਾਜ ਦੇ ਆਗਮਨ ਪੂਰਬ, ਬੰਦੀ ਛੋੜ ਦਿਵਸ ਅਤੇ ਸੱਚਖੰਡ ਵਾਸੀ ਸੰਤ ਬਾਬਾ ਮਹਿੰਦਰ ਸਿੰਘ ਅਲੀਪੁਰ ਖਾਲਸਾ ਵਾਲਿਆਂ ਦੀ ਯਾਦ ਵਿੱਚ ਸਲਾਨਾ ਨਗਰ ਕੀਰਤਨ ਸਜਾਇਆ ਗਿਆ। ਜਾਣਕਾਰੀ ਦਿੰਦੇ ਹੋਏ ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਇੰਗਲੈਂਡ ਵਾਲੇ ਅਤੇ ਸੰਤ ਬਾਬਾ ਮਨਪ੍ਰੀਤ ਸਿੰਘ ਜੀ ਅਲੀਪੁਰ ਖਾਲਸਾ ਨੇ ਦੱਸਿਆ ਕਿ ਸਲਾਨਾ ਜੋੜ ਮੇਲੇ ਨੂੰ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਓਟ ਆਸਰਾ ਲੈਂਦੇ ਹੋਏ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਪਾਤਸ਼ਾਹੀ ਛੇਵੀਂ ਅਲੀਪੁਰ ਖਾਲਸਾ ਤੋਂ ਸ਼ੁਰੂ ਹੋਇਆ ਵਿਸ਼ਾਲ ਨਗਰ ਕੀਰਤਨ ਮਾਹਮਦਪੁਰ,



ਵਜੀਦਪੁਰ ਬਧੇਸਾ, ਬੜੀ, ਕਾਤਰੋਂ ਅਤੇ ਰੂੜਗੜ੍ਹ ਹੁੰਦਾ ਹੋਇਆ ਗੁਰੂਘਰ ਸਮਾਪਤ ਹੋਇਆ। ਨਗਰ ਕੀਰਤਨ ਦੀ ਵਿਸ਼ਾਲਤਾ ਇਹ ਸੀ ਕਿ ਜਿੱਥੇ ਰਾਗੀ ਢਾਡੀਆਂ ਨੇ ਗੁਰੂ ਦੀ ਬਾਣੀ ਅਤੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਉਥੇ ਗੱਤਕਾ ਟੀਮਾਂ ਨੇ ਵੀ ਆਪਣੇ ਜੌਹਰ ਵਿਖਾਏ। ਹਰ ਪਿੰਡ ਦੇ ਨਗਰ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ ਉੱਥੇ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸੇ ਤਰ੍ਹਾਂ ਕਸਬਾ ਸ਼ੇਰਪੁਰ ਅੰਦਰ ਵੀ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਪੰਥ ਦੇ ਉੱਘੇ ਪ੍ਰਚਾਰਕ ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਇੰਗਲੈਂਡ ਵਾਲੇ ਅਤੇ ਉੱਘੇ ਕਥਾ ਵਾਚਕ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਜੀਆਂ ਨੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸਵ: ਮਾਸਟਰ ਸਾਧੂ ਸਿੰਘ ਧਾਲੀਵਾਲ ਦੀ ਯਾਦ ਵਿੱਚ ਸਮੂਹ ਪਰਿਵਾਰ ਵੱਲੋਂ ਸਕੂਲ ਨੂੰ ਅੱਠ ਪੱਖੇ ਭੇਂਟ ਕੀਤੇ ਗਏ



**ਬਠਿੰਡਾ: (ਗਗਨਦੀਪ ਸਿੰਘ)** ਸਵ: ਮਾਸਟਰ ਸਾਧੂ ਸਿੰਘ ਧਾਲੀਵਾਲ, ਉਹਨਾਂ ਦੇ ਸਪੁੱਤਰ ਜਤਿੰਦਰ ਸਿੰਘ ਧਾਲੀਵਾਲ ਅਤੇ ਸਮੂਹ ਪਰਿਵਾਰ ਵੱਲੋਂ ਉਹਨਾਂ ਦੀ ਯਾਦ ਵਿੱਚ ਸਰਕਾਰੀ ਹਾਈ ਸਕੂਲ, ਦੁੱਲੇਵਾਲਾ ਜ਼ਿਲ੍ਹਾ ਬਠਿੰਡਾ ਨੂੰ ਅੱਠ ਪੱਖੇ ਦਾਨ ਕੀਤੇ। ਸਕੂਲ ਦੇ ਮੁੱਖ ਅਧਿਆਪਕ ਸ਼੍ਰੀ ਚਰਨਜੀਤ ਸਿੰਘ ਅਤੇ ਸਮੂਹ ਸਟਾਫ ਵੱਲੋਂ ਧਾਲੀਵਾਲ ਪਰਿਵਾਰ ਦਾ ਬਹੁਤ ਬਹੁਤ ਧੰਨਵਾਦ ਕੀਤਾ ਗਿਆ।





**ਕਰਵਾਚੌਥ ਸਪੈਸ਼ਲ :** ਗੁਰਦਾਸਪੁਰ ਚ ਪਤੀ ਦੀ ਲੰਮੀ ਉਮਰ ਲਈ ਕਰਵਾਚੌਥ ਦੇ ਵਰਤ ਮੌਕੇ ਕਰੜਵੜਾ ਵਟਾਉਂਦੀਆਂ ਤੇ ਚੰਦਰਮਾ ਨੂੰ ਅਰਗ ਦਿੰਦੀਆਂ ਸੁਹਾਗਣਾ ।

ਫੋਟੋ- ਨਵਨੀਤ ਕੁਮਾਰ ਗੁਰਦਾਸਪੁਰ

# ਡਿਫਾਲਟਰ ਸਕੂਲਾਂ ਦੀ ਸੂਚੀ ਸੌਂਪੀ ਜਾਵੇਗੀ ਸਕੱਤਰ ਨੂੰ : ਗਿੱਲ

**▪ ਨਵੇਂ ਸਾਲ 'ਚ ਦਾਖਲੇ ਤੈਅਸ਼ੁਦਾ ਫੀਸਾਂ ਤੇ ਹੋਣਗੇ ▪ ਸਕੂਲਾਂ ਦੇ ਬਾਹਰ ਦਿੱਤੇ ਜਾਣਗੇ ਧਰਨੇ**





Sr. No. 110+222
CM-66-67-CWPIL-2024 in/and
CWP-PIL-76-2024

Satnam Singh
Vs.
State of Punjab and another
Along with
CWP-PIL-14-2024

Present:- Mr. Anand Kaushal, Advocate for
Mr. D.S Gandhi, Advocate,
For the applicant/proposed respondent No.3.

Ms. Nisha Rana, Advocate,
For the petitioner in CWP-PIL-76-2024.

Mr. Salil Sabhlok, Senior DAG, Punjab.

****

CM-66-CWPIL-2024 in CWP-PIL-76-2024

Notice in the application for the date fixed in the main cases.

Main cases

Mr. Sabhlok seeks more time to file reply.

Adjourned to 09.09.2024.

In the meantime, pleadings be completed.

A photocopy of this order be placed on the connected case file.

(G.S. SANDHAWALIA)
ACTING CHIEF JUSTICE

May 21, 2024
vandana

(LAPITA BANERJI)
JUDGE



ਅੰਮ੍ਰਿਤਸਰ,( ਲੋਕ ਬਾਣੀ) ਬੇਨਿਯਮੀਆਂ 'ਚ ਘਿਰੇ ਮਾਨਤਾ ਪ੍ਰਾਪਤ ਸਕੂਲਾਂ ਦੇ ਖਿਲ਼ਾਫ ਕਨੂੰਨ ਅਨੁਸਾਰ ਵਿਭਾਗੀ ਕਾਰਵਾਈ ਕਰਵਾਉਂਣ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਵਿਭਾਗ ਨੂੰ ਰਜ਼ਾਮੰਦ ਕਰ ਲਿਆ ਹੈ।

ਇਸ ਸਬੰਧ 'ਚ ਅਧਿਕਾਰਤ ਤੌਰ ਤੇ ਜਾਣਕਾਰੀ ਦਿੰਦੇ ਹੋਏ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਅਤੇ ਪਟੀਸ਼ਨ ਕਰਤਾ ਸ੍ਰ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਡਿਫਾਲਟਰ ਪ੍ਰਾਈਵੇਟ ਸਕੂਲਾਂ ਖਿਲ਼ਾਫ ਵਿਭਾਗੀ ਕਾਰਵਾਈ ਲਈ ਹਾਮੀਂ ਭਰਦਿਆਂ ਪਟੀਸ਼ਨ ਕਰਤਾ ਧਿਰ ਤੋਂ ਉਨਾ ਸਮੂਹ ਸਕੂਲਾਂ ਦੇ ਨਾਵਾਂ ਦੇ ਵੇਰਵੇ ਮੰਗੇ ਹਨ ਜਿੰਨ੍ਹਾ ਖਿਲ਼ਾਫ ਸੰਭਾਵਿਤ ਤੌਰ ਤੇ ਕਾਰਵਾਈ ਕੀਤੀ ਜਾਣੀ ਹੈ। ਉਨ੍ਹਾ ਨੇ ਦੱਸਿਆ ਕਿ ਜ਼ਿਲ੍ਹੇ ਅੰਮ੍ਰਿਤਸਰ ਦੇ ਬਹ- ਗਿਣਤੀ ਪ੍ਰਾਈਵੇਟ ਸਕੂਲ ਜਿੰਨ੍ਹਾ ਚੋਂ 480 ਸਕੂਲਾਂ ਨੂੰ ਸੂਚੀਬੱਧ ਕਰਕੇ ਵਿਭਾਗੀ ਕਾਰਵਾਈ ਅਧੀਨ ਲਿਆਉਂਣ ਵਿਭਾਗ ਨੇ ਭਾਵੇਂ ਕਿ ਤਿਆਰੀ ਕਰ ਲਈ ਹੈ,ਪਰ ਕੁਝ ਅਜਿਹੇ ਸਕੂਲ ਵੀ ਹਨ ਜੋ ਸਰਕਾਰੀ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਦੇ ਬਾਵਜੂਦ ਮਾਪਿਆਂ ਦਾ ਆਰਥਿਕ ਸੋਸ਼ਣ ਕਰਕੇ ਵਿਨਿਯਮਾਂ 'ਚ ਘਿਰ ਚੁੱਕੇ ਹਨ ਉਨ੍ਹਾ ਸਕੂਲਾਂ ਦੀ ਵੱਖਰੇ ਤੌਰ 'ਤੇ ਸੂਚੀ ਬਣਾਕੇ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਨੂੰ ਸੌਂਪੀ ਜਾਵੇਗੀ।

ਉਨ੍ਹਾ ਨੇ ਕਿਹਾ ਕਿ ਲੰਘੇਂ ਸਾਲ 2023 'ਚ ਮੇਰੇ ਦੁਆਰਾ ਡੀਪੀਆਈ ਐਲੀਮੈਂਟਰੀ/ਸੈਕੰਡਰੀ,ਡਾਇਰੈਕਟਰ ਹਾਈ ਸਕੰਡਰੀ ਸਕੂਲ ਸਿੱਖਿਆ, ਡੀਜੀਐਸਸੀ, ਅਤੇ ਚੇਅਰਮੈਨ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੂੰ ਭੇਜੀਆਂ ਸ਼ਿਕਾਇਤਾਂ ਤੇ ਕੀਤੀ ਗਈ ਵਿਭਾਗੀ ਕਾਰਵਾਈ ਦੀ ਉਤਾਰਾ ਅਤੇ ਸਿੱਟਾ ਰਿਪੋਰਟ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਦੇ ਦਖਲ ਨਾਲ ਪ੍ਰਾਪਤ ਕਰਨ ਲਈ ਅੱਜ ਇੱਕ ਵਿਸ਼ੇਸ਼ ਪੱਤਰ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਨੂੰ ਭੇਜ ਦਿੱਤਾ ਹੈ। ਉਨ੍ਹਾ ਨੇ ਦੱਸਿਆ ਕਿ ਮੇਰੇ ਦੁਆਰਾ ਜਨ ਹਿੱਤ 'ਚ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ 'ਚ ਦਾਇਰ ਕੀਤੀ ਗਈ ਯਾਚਿਕਾ ਦੇ ਆਧਾਰ ਤੇ ਸਟੇਟ ਨੂੰ 12 ਮਹੀਨੇ 'ਚ ਫਿਰ 'ਤਲਬ' ਕਰ ਲਿਆ ਗਿਆ ਹੈ।

ਇੱਕ ਸਵਾਲ ਦੇ ਜਵਾਬ 'ਚ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਮੈਂ ਪਿੰਡਾਂ ਸਹਿਰਾਂ ਅਤੇ ਕਸਬਿਆਂ 'ਚ ਆਪਣੀਆਂ ਟੀਮਾਂ ਲੈਕੇ ਮਾਪਿਆਂ ਨੂੰ ਜਾਗਰੂਕ ਕਰਾਂਗਾ ਕਿ ਪ੍ਰਾਈਵੇਟ ਸਕੂਲ 'ਚ ਸਲਾਨਾ ਫੀਸ,ਟਿਊਸ਼ਨ ਫੀਸ,ਬਿਲਡਿੰਗ ਫੀਸ,ਮੁਰੰਮਤ ਫੀਸ ਸਕੂਲ ਨੂੰ ਜਮ੍ਹਾ ਕਰਵਾਉਂਣ ਤੋਂ ਪਹਿਲਾਂ ਸਕੂਲਾਂ ਦੁਆਰਾ ਪੰਜਾਬ ਸਰਕਾਰ ਦਾ ਉਹ ਪੱਤਰ ਨੋਟਿਸ ਬੋਰਡ ਤੇ ਲਗਾਉਂਣ ਅਤੇ ਅਖਬਾਰਾਂ 'ਚ ਇਸ਼ਤਿਹਾਰ ਦੇਣ ਕਿ ਉਕਤ ਚਾਰੇ ਫੀਸਾਂ ਮਾਪੇ ਦੇਣ ਲਈ ਪਾਬੰਦ ਹਨ ਤਾਂ ਉਕਤ ਚਾਰੇ ਫੀਸਾਂ ਸਕੂਲਾਂ ਨੂੰ ਜਮ੍ਹਾ ਕਰਵਾਓ ਨਹੀਂ ਤਾਂ ਬੇਲੋੜੀਆਂ ਫੀਸਾਂ ਦੀ ਅਦਾਇਗੀ ਕਰਨ ਤੋਂ ਇਨਕਾਰੀ ਕਰੋ।

ਉਨਾ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਕਿਸਾਨਾ, ਮਜਦੂਰਾਂ, ਮਾਪਿਆਂ ਵੱਖ ਵੱਖ ਰਾਜਸੀ ਪਾਰਟੀਆਂ ਨੂੰ ਨਾਲ ਲੈਕੇ ਸਕੂਲਾਂ ਦੇ ਬਾਹਰ ਧਰਨੇ ਦੇਵਾਂਗੇ ਅਤੇ ਨਵੇਂ ਸਾਲ 'ਚ ਹੋਣ ਵਾਲੇ ਦਾਖਲੇ ਸਰਕਾਰੀ ਤੈਅ ਸ਼ੁਦਾ ਫੀਸਾਂ ਅਨੁਸਾਰ ਹੋਣ ਦੇਵਾਂਗੇ।

# ਕੈਨੇਡਾ ਦੇ ਸਰੀ ਨੌਰਥ ਤੋਂ ਵਿਧਾਇਕ ਚੁਣੇ ਗਏ ਮਨਦੀਪ ਧਾਲੀਵਾਲ ਦੇ ਜੱਦੀ ਪਿੰਡ ਵਿੱਚ ਜਸ਼ਨ ਦਾ ਮਾਹੌਲ



**ਬਿਆਸ, ਬਾਬਾ ਬਕਾਲਾ ਸਾਹਿਬ ( ਵਿਕੀ ਉਮਰਾਨੰਗਲ )** : ਕੈਨੇਡਾ ਦੇ ਸਰੀ ਨੌਰਥ ਤੋਂ ਕੰਜਰਵੇਟਿਵ ਪਾਰਟੀ ਦੀ ਟਿਕਟ ਉੱਤੇ ਵਿਧਾਇਕ ਉਮੀਦਵਾਰ ਵਜੋਂ ਚੋਣ ਲੜਨ ਅਤੇ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਵਾਲੇ ਪੰਜਾਬੀ ਨੌਜਵਾਨ ਮਨਦੀਪ ਸਿੰਘ ਧਾਲੀਵਾਲ ਦੇ ਪਿੰਡ ਸਠਿਆਲਾ ਦੀਆਂ ਹਨ।।

ਖਾਸ ਗੱਲ ਇਹ ਹੈ ਕਿ ਬੇਸ਼ੱਕ ਵਿਧਾਇਕ ਮਨਦੀਪ ਸਿੰਘ ਧਾਲੀਵਾਲ ਦਾ ਪਰਿਵਾਰ ਕੈਨੇਡਾ ਦੇ ਵਿੱਚ ਹੈ।।ਲੇਕਿਨ ਪਿੰਡ ਵਾਸੀ ਉਸ ਦਾ ਪਰਿਵਾਰ ਬਣ ਕੇ ਇਸ ਜਸ਼ਨ ਨੂੰ ਦੋਹਰੇ ਚਾਰ ਚੰਨ ਲਗਾ ਰਹੇ ਹਨ ਅਤੇ ਇਸ ਜਿੱਤ ਦੀ ਖ਼ੁਸ਼ੀ ਵਿੱਚ ਪਿੰਡ ਵਿੱਚ ਮਿਠਾਈ ਵੰਡੀ ਜਾ ਰਹੀ ਹੈ।।।

ਇਸ ਦੇ ਨਾਲ ਹੀ ਵਿਧਾਇਕ ਮਨਦੀਪ ਸਿੰਘ ਧਾਲੀਵਾਲ ਦੇ ਜੱਦੀ ਘਰ ਅਤੇ ਉਨ੍ਹਾਂ ਦੇ ਸਕੂਲ ਦੀਆਂ ਤਸਵੀਰਾਂ ਵੀ ਤੁਹਾਡੇ ਨਾਲ ਸਾਂਝੀਆਂ ਕਰ ਰਹੇ ਹਾਂ, ਜਿੱਥੇ ਕਿ ਬੱਚੇ ਬਜ਼ੁਰਗ ਅਤੇ ਨੌਜਵਾਨ ਮਨਦੀਪ ਧਾਲੀਵਾਲ ਦੀ ਜਿੱਤ ਉੱਤੇ ਬੇਹਦ ਖੁਸ਼ ਨਜ਼ਰ ਆ ਰਹੇ ਹਨ ਅਤੇ ਉਹਨਾਂ ਨੂੰ ਮਾਣ ਹੈ ਕਿ ਉਹਨਾਂ ਦੇ ਪਿੰਡ ਦਾ ਜੰਮਪਲ ਨੌਜਵਾਨ ਅੱਜ ਆਪਣੀ ਮਿਹਨਤ ਦੇ ਦਮ ਉੱਤੇ ਇਸ ਮੁਕਾਮ ਤੱਕ ਪਹੁੰਚ ਸਕਿਆ ਹੈ।।

ਇਸ ਦੌਰਾਨ ਵੱਖ-ਵੱਖ ਪਿੰਡ ਵਾਸੀਆਂ ਨੇ ਜਿੱਥੇ ਮਨਦੀਪ ਧਾਲੀਵਾਲ ਦੀ ਜਿੱਤ ਉੱਤੇ ਬੇਹੱਦ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ ਉੱਥੇ ਹੀ ਉਹਨਾਂ ਦੱਸਿਆ ਕਿ ਬੀਤੇ ਸਾਲ 2019 ਦੌਰਾਨ ਮਨਦੀਪ ਸਿੰਘ ਧਾਲੀਵਾਲ ਆਪਣੇ ਦੋਸਤਾਂ ਦੇ ਨਾਲ ਕੈਨੇਡਾ ਤੋਂ ਬਾਈਕਾਂ ਰਾਹੀਂ ਪੰਜਾਬ ਆਏ ਸਨ ਅਤੇ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਤੋਂ ਬਾਅਦ ਉਹਨਾਂ ਵੱਲੋਂ ਪਿੰਡ ਸਠਿਆਲਾ ਦੇ ਵਿੱਚ ਪਹੁੰਚ ਕੇ ਸਮੂਹ ਪਿੰਡ ਵਾਸੀਆਂ ਨਾਲ ਬੇਹਦ ਸਨੇਹ ਭਰੀ ਮੁਲਾਕਾਤ ਕੀਤੀ ਗਈ ਸੀ। ਜਿਸ ਨੂੰ ਅੱਜ ਵੀ ਸਾਰੇ ਪਿੰਡ ਵਾਸੀ ਯਾਦ ਕਰਦੇ ਹਨ।।

ਉਹਨਾਂ ਦੱਸਿਆ ਕਿ ਮਨਦੀਪ ਧਾਲੀਵਾਲ ਵੱਲੋਂ ਹਮੇਸ਼ਾ ਹੀ ਪਿੰਡ ਪ੍ਰਤੀ ਬੇਹਦ ਪਿਆਰ ਦਰਸਾਇਆ ਗਿਆ ਹੈ ਤੇ ਹਰ ਖੁਸ਼ੀ ਗਮੀ ਦੇ ਵਿੱਚ ਪਿੰਡ ਵਾਸੀਆਂ ਦੇ ਨਾਲ ਉਹ ਖੜੇ ਨਜ਼ਰ ਆਏ ਹਨ।

ਉਹਨਾਂ ਦੱਸਿਆ ਕਿ ਬਚਪਨ ਤੋਂ ਹੀ ਮਨਦੀਪ ਧਾਲੀਵਾਲ ਰਾਜਨੀਤਿਕ ਸੋਚ ਦੇ ਨਾਲ ਜੁੜੇ ਹੋਣ ਤੋਂ ਇਲਾਵਾ ਮਾਂ ਖੇਡ ਕਬੱਡੀ ਦੇ ਨਾਲ ਜੁੜੇ ਰਹੇ ਹਨ ਅਤੇ ਇਸੇ ਮਿਹਨਤ ਨੇ ਹੀ ਅੱਜ ਉਹਨਾਂ ਨੂੰ ਇਸ ਮੁਕਾਮ ਤੱਕ ਪਹੁੰਚਾਇਆ ਹੈ।।

ਪਿੰਡ ਵਾਸੀਆਂ ਨੇ ਕਿਹਾ ਕਿ ਬੇਸ਼ੱਕ ਜਿੱਤ ਤੋਂ ਬਾਅਦ ਹੁਣ ਮਨਦੀਪ ਧਾਲੀਵਾਲ ਫਿਲਹਾਲ ਕੈਨੇਡਾ ਦੇ ਵਿੱਚ ਹਨ ।ਲੇਕਿਨ ਜਦੋਂ ਵੀ ਉਹ ਪਿੰਡ ਆਉਣਗੇ ਤਾਂ ਪਿੰਡ ਪੁੱਜਣ ਉੱਤੇ ਉਹਨਾਂ ਦਾ ਤਹਿ ਦਿਲੋਂ ਭਰਵਾਂ ਸਵਾਗਤ ਵੀ ਕੀਤਾ ਜਾਵੇਗਾ।।।

ਇਸ ਮੌਕੇ ਜਮਾਤੀ ਦੋਸਤ ਸਰਪੰਚ ਤੇਜਿੰਦਰ ਸਿੰਘ ਰਾਜਪੁਰ, ਸਰਪੰਚ ਦਲਜੀਤ ਸਿੰਘ ਸਾਹ ਜੋਧੇ , ਚੰਨਦੀਪ ਸਿੰਘ ਬੁਤਾਲਾ, ਮਾਸਟਰ ਅੰਮ੍ਰਿਤਪਾਲ ਸਿੰਘ ਹੁੰਦਲ, ਦਰਸਨ ਸਿੰਘ ਜੋਧੇ, ਸੁਖਲਾਲ ਸਿੰਘ ਸਠਿਆਲਾ, ਪਲਵਿੰਦਰ ਸਿੰਘ, ਨਵਜੋਤ ਸਿੰਘ ਜੋਤੀ, ਅਮਰੀਕ ਸਿੰਘ ਜੋਧੇ, ਅਮਨਪਾਲ ਸਿੰਘ,

ਡਾਕਟਰ ਗੁਰਵਿੰਦਰ ਸਿੰਘ ਕੁਲਵਿੰਦਰ ਸਿੰਘ ਬੱਲ, ਕਸ਼ਮੀਰ ਸਿੰਘ,ਹਰਭਜਨ ਸਿੰਘ, ਗੁਰਜੀਤ ਸਿੰਘ, ਗੁਰਦੀਪ ਸਿੰਘ ਪੱਪੂ, ਸਤਵੰਤ ਸਿੰਘ, ਸ਼ਿਵਰਾਜ ਸਿੰਘ, ਕਰਮਜੀਤ ਸਿੰਘ ਲਾਲੀ,ਲੱਖਾ ਸਿੰਘ, ਹਰਪ੍ਰੀਤ ਸਿੰਘ ਆਦਿ ਤੋਂ ਇਲਾਵਾ ਪਿੰਡ ਵਾਸੀਆਂ ਵਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ।।

ਰੋਜ਼ਾਨਾ ਲੋਕ ਬਾਣੀ
www.lokbani.com

# ਹੁਸ਼ਿਆਰਪੁਰ ਡਬਲ ਕਤਲ ਮਾਮਲਾ: ਪੁਲਿਸ ਨੇ ਕਾਤਲਾਂ ਨੂੰ ਫੜਨ ਲਈ 4 ਵਿਸ਼ੇਸ਼ ਟੀਮਾਂ ਬਣਾਈਆਂ



**ਹੁਸ਼ਿਆਰਪੁਰ ( ਲੋਕ ਬਾਣੀ)** ਪੰਜਾਬ ਦੇ ਹੁਸ਼ਿਆਰਪੁਰ ਦੇ ਥਾਣਾ ਬੁੱਲੋਵਾਲ ਦੇ ਇਲਾਕੇ 'ਚ ਬੀਤੀ ਦੇਰ ਸ਼ਾਮ ਵਾਪਰੇ ਦੋਹਰੇ ਕਤਲ ਦੇ ਮਾਮਲੇ 'ਚ ਐੱਸਐੱਸਪੀ ਸੁਰਿੰਦਰ ਲਾਂਬਾ ਨੇ ਅੱਜ ਦੱਸਿਆ ਕਿ ਇਸ ਮਾਮਲੇ 'ਚ ਮੁਲਜ਼ਮਾਂ ਦੀ ਸ਼ਨਾਖਤ ਅਤੇ ਭਾਲ ਲਈ ਪੁਲਿਸ ਵੱਲੋਂ ਚਾਰ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ। ਜਲਦੀ ਹੀ ਉਨ੍ਹਾਂ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਐਸਐਸਪੀ ਸੁਰਿੰਦਰ ਲਾਂਬਾ ਨੇ ਪੁਲੀਸ ਅਧਿਕਾਰੀਆਂ ਨਾਲ ਘਟਨਾ ਵਾਲੀ ਥਾਂ ਦਾ ਦੌਰਾ ਕੀਤਾ ਅਤੇ ਮਾਮਲੇ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਉਹ ਅਤੇ ਐਸਪੀ (ਡੀ) ਮਾਮਲੇ ਦੀ ਪੂਰੀ ਗੰਭੀਰਤਾ ਨਾਲ ਜਾਂਚ ਕਰ ਰਹੇ ਹਨ। ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਕਾਨੂੰਨ ਮੁਤਾਬਕ ਸਜ਼ਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਜ਼ਖਮੀਆਂ ਨੂੰ ਇਲਾਜ ਲਈ ਲਿਆਂਦਾ ਗਿਆ, ਜਿਨ੍ਹਾਂ 'ਚੋਂ ਪਿਉ-ਪੁੱਤਰ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ ਅਤੇ ਦੋ ਬੱਚੇ ਜ਼ਖਮੀ ਹੋ ਗਏ, ਜਿਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

# ਪਿਛਲੀਆਂ ਸੂਬਾ ਸਰਕਾਰਾਂ ਨੇ ਜੇਲ੍ਹਾਂ ਨੂੰ ਸੁਧਾਰ ਘਰ ਬਣਾਉਣ ਵਿੱਚ ਕੋਈ ਵੀ ਕਦਮ ਨਹੀਂ ਉਠਾਇਆ :- ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ



**ਲੁਧਿਆਣਾ, ( ਲੋਕ ਬਾਣੀ)** ਪੰਜਾਬ ਦੇ ਜੇਲ੍ਹਾਂ ਅਤੇ ਟਰਾਂਸਪੋਰਟ ਵਿਭਾਗ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਸੋਮਵਾਰ ਨੂੰ ਸਥਾਨਕ ਕੇਂਦਰੀ ਜੇਲ੍ਹ ਦਾ ਅਚਨਚੇਤ ਨਿਰੀਖਣ ਕਰਨ ਲਈ ਪਹੁੰਚੇ।ਜੇਲ੍ਹ ਨਿਰੀਖਣ ਤੋਂ ਬਾਅਦ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪਿਛਲੀਆਂ ਸੂਬਾ ਸਰਕਾਰਾਂ ਨੇ ਜੇਲ੍ਹਾਂ ਨੂੰ ਸੁਧਾਰ ਘਰ ਬਣਾਉਣ ਵਿੱਚ ਕੋਈ ਵੀ ਕਦਮ ਨਹੀਂ ਉਠਾਇਆ। ਇੱਥੇ ਗੈਂਗਸਟਰਾਂ ਦਾ ਬੋਲਬਾਲਾ ਸੀ ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੇਲ੍ਹਾਂ ਨੂੰ ਸੁਧਾਰ ਘਰ ਬਣਾਇਆ ਹੈ। ਜੇਲ੍ਹਾਂ ਨੂੰ ਸਹੀ ਅਰਥਾਂ ਵਿੱਚ ਸੁਧਾਰ ਘਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਲ੍ਹਾਂ ਵਿੱਚੋਂ ਮੋਬਾਈਲ ਨਾਲ ਸਬੰਧਤ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਨਕੇਲ ਪਾਉਣ ਲਈ ਹਰੇਕ ਤਰ੍ਹਾਂ ਦਾ ਉਪਰਾਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਐਡਵਾਂਸਡ ਤਕਨੀਕ ਵਾਲੇ ਸੀ.ਸੀ.ਟੀ.ਵੀ ਕੈਮਰੇ ਸਥਾਪਤ ਕੀਤੇ ਗਏ ਹਨ।

ਜੇਲ੍ਹ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਵਿਕਾਸ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ। ਉਹਨਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੁਪਨਿਆਂ ਦਾ ਪੰਜਾਬ ਦੇਖਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਾਥ ਦੇਣ।

ਕੈਬਨਿਟ ਮੰਤਰੀ ਵੱਲੋਂ ਬੰਦੀ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਹਨਾਂ ਤੋਂ ਜੇਲ੍ਹ ਹਸਪਤਾਲ ਵਿੱਚ ਮਿਲ ਰਹੀਆਂ ਸਿਹਤ ਸਹੂਲਤਾਂ, ਦਿੱਤਾ ਜਾ ਰਿਹਾ ਖਾਣਾ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ।

ਕੇਂਦਰੀ ਜੇਲ੍ਹ ਦੇ ਸੁਪਰਡੈਂਟ ਸ਼ਿਵਰਾਜ ਸਿੰਘ ਨੰਦਗੜ੍ਹ ਵੱਲੋਂ ਜੇਲ੍ਹ ਵਿਚ ਕੀਤੇ ਵਧੀਆ ਪ੍ਰਬੰਧਾ ਤੇ ਮੰਤਰੀ ਵੱਲੋਂ ਉਨ੍ਹਾਂ ਦੀ ਸ਼ਲਾਘਾ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਜੇਲ੍ਹ ਅੰਦਰ ਵਧੀਆ ਪ੍ਰਬੰਧ ਜਾਰੀ ਰੱਖਣ ਲਈ ਕਿਹਾ। ਇਸ ਤੋਂ ਪਹਿਲਾਂ ਉਹਨਾਂ ਜੇਲ੍ਹ ਦਾ ਨਿਰੀਖਣ ਕੀਤਾ ਅਤੇ ਤਸੱਲੀ ਪ੍ਰਗਟਾਈ।

ਇਸ ਮੌਕੇ ਉਹਨਾਂ ਦੇ ਨਾਲ ਜੇਲ੍ਹ ਸੁਪਰਡੈਂਟ ਸ਼ਿਵਰਾਜ ਸਿੰਘ ਨੰਦਗੜ੍ਹ ਤੋਂ ਇਲਾਵਾ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ।